ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com
Also On
Visit on facebook
https://www.facebook.com/awazeqaumtv/videos/1948995821245311/

Awaze Qaum
(ਯੂ. ਕੇ. ਤੋਂ ਪ੍ਰਕਾਸ਼ਿਤ)
You Tube https://youtu.be/LQwolgxDu7l
International Daily Newspaper & WEB TV
awazeqaumtvpunjab@gmail.com

ਸ਼ੁੱਕਰਵਾਰ, 23 ਫਰਵਰੀ 2024 (ਨਾਨਕਸ਼ਾਹੀ ਸੰਮਤ : ੫੫੫, ੧੧ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

Exclusive News

## ਪੰਜਾਬ ਦਾ ਬਜਟ ਸੈਸ਼ਨ 1 ਤੋਂ 15 ਮਾਰਚ ਤੱਕ, ਕੈਬਨਿਟ ਨੇ ਲਾਈ ਮੋਹਰ

**ਚੰਡੀਗੜ੍ਹ,22 ਫਰਵਰੀ (ਆਵਾਜ਼ਿ ਕੌਮ ਬਿਊਰੋ)-** ਚੰਡੀਗੜ੍ਹ ਵਿੱਚ ਹੋਈ ਪੰਜਾਬ ਕੈਬਨਿਟ ਦੀ ਮੀਟਿੰਗ ਵਿੱਚ ਬਜਟ ਸੈਸ਼ਨ ਬਾਰੇ ਫੈਸਲਾ ਲਿਆ ਗਿਆ ਹੈ।ਪੰਜਾਬ ਦਾ ਬਜਟ ਸੈਸ਼ਨ 1 ਤੋਂ 15 ਮਾਰਚ ਤੱਕ ਚੱਲੇਗਾ।ਪੰਜਾਬ ਦੇ ਵਿੱਤ ਮੰਤਰੀ ਹਰਪਾਲ ਚੀਮਾ ਬਜਟ ਪੇਸ਼ ਕਰਨਗੇ। ਇਸ ਵਾਰ ਬਜਟ ਸੈਸ਼ਨ ਅਹਿਮ ਰਹਿਣ ਦੀ ਉਮੀਦ ਹੈ।ਮਾਰਚ ਮਹੀਨੇ ਲੋਕ ਸਭਾ ਚੋਣਾਂ ਲਈ ਚੋਣ ਜ਼ਾਬਤਾ ਲਾਗੂ ਹੋ ਜਾਵੇਗਾ।ਅਜਿਹੇ 'ਚ ਸਰਕਾਰ ਲੋਕਾਂ ਦਾ ਦਿਲ ਜਿੱਤਣ ਦੀ ਕੋਸ਼ਿਸ਼ ਕਰੇਗੀ। ਸਰਕਾਰੀ ਬੁਲਾਰੇ ਨੇ ਦੱਸਿਆ ਕਿ ਪੰਜਾਬ ਸਰਕਾਰ ਦਾ ਬਜਟ ਸੈਸ਼ਨ 1 ਤੋਂ 15 ਮਾਰਚ ਦਰਮਿਆਨ ਸੱਦਿਆ ਗਿਆ ਹੈ। ਇਸ ਦੌਰਾਨ ਸਾਲ 2024-25 ਦਾ ਪੂਰਾ ਬਜਟ ਪੇਸ਼ ਕੀਤਾ ਜਾਵੇਗਾ। ਇਸ ਸਬੰਧੀ ਅੰਤਿਮ ਪ੍ਰਵਾਨਗੀ ਕੈਬਨਿਟ ਮੀਟਿੰਗ ਵਿੱਚ ਦਿੱਤੀ ਗਈ ਹੈ। ਹਾਸਲ ਜਾਣਕਾਰੀ ਮੁਤਾਬਕ ਪੰਜਾਬ ਵਿਧਾਨ ਸਭਾ ਦਾ ਬਜਟ ਸੈਸ਼ਨ 1 ਤੋਂ 15 ਮਾਰਚ ਤੱਕ ਚੱਲੇਗਾ। ਇਹ ਫੈਸਲਾ ਵੀਰਵਾਰ (22 ਫਰਵਰੀ) ਨੂੰ ਚੰਡੀਗੜ੍ਹ ਵਿੱਚ ਹੋਈ ਮੰਤਰੀ ਮੰਡਲ ਦੀ ਮੀਟਿੰਗ ਵਿੱਚ ਲਿਆ ਗਿਆ। ਰਾਜਪਾਲ 1 ਮਾਰਚ ਨੂੰ ਵਿਧਾਨ ਸਭਾ ਨੂੰ ਸੰਬੋਧਨ ਕਰਨਗੇ। 4 ਮਾਰਚ ਨੂੰ ਉਨ੍ਹਾਂ ਦੇ ਸੰਬੋਧਨ 'ਤੇ ਬਹਿਸ ਹੋਵੇਗੀ।



# ਸੰਯੁਕਤ ਕਿਸਾਨ ਮੋਰਚੇ' ਦਾ ਵੱਡਾ ਐਲਾਨ

# ਭਲਕੇ ਮਨਾਇਆ ਜਾਵੇਗਾ ਕਾਲਾ ਦਿਨ, 14 ਮਾਰਚ ਨੂੰ ਮਹਾਂਪੰਚਾਇਤ

**ਚੰਡੀਗੜ੍ਹ,22 ਫਰਵਰੀ (ਆਵਾਜ਼ਿ ਕੌਮ ਬਿਊਰੋ)-** ਖਨੌਰੀ ਬਾਰਡਰ 'ਤੇ 21 ਸਾਲਾ ਸ਼ੁਭਕਰਨ ਸਿੰਘ ਦੀ ਮੌਤ ਤੋਂ ਬਾਅਦ ਸੰਯੁਕਤ ਕਿਸਾਨ ਮੋਰਚੇ ਨੇ ਵੱਡਾ ਫ਼ੈਸਲਾ ਕੀਤਾ ਹੈ। ਮੋਰਚੇ ਦਾ ਕਹਿਣਾ ਹੈ ਕਿ ਪੂਰੇ ਦੇਸ਼ 'ਚ ਭਲਕੇ ਪ੍ਰਧਾਨ ਮੰਤਰੀ ਮੋਦੀ ਅਤੇ ਅਮਿਤ ਸ਼ਾਹ ਦੇ ਪੁਤਲੇ ਫੂਕੇ ਜਾਣਗੇ ਅਤੇ ਕਾਲਾ ਦਿਨ ਮਨਾਇਆ ਜਾਵੇਗਾ। ਕਿਸਾਨ ਆਗੂਆਂ ਨੇ ਕਿਹਾ ਕਿ ਸੰਯੁਕਤ ਕਿਸਾਨ ਮੋਰਚਾ ਸ਼ੁਭਕਰਨ ਦੀ ਸ਼ਹਾਦਤ ਨੂੰ ਪ੍ਰਣਾਮ ਕਰਦਾ ਹੈ ਅਤੇ ਭਲਕੇ ਸਾਰੇ ਦੇਸ਼ 'ਚ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਆਗੂਆਂ ਨੇ ਕਿਹਾ ਕਿ ਭਲਕੇ ਅਮਿਤ ਸ਼ਾਹ, ਮੁੱਖ ਮੰਤਰੀ ਮਨੋਹਰ ਲਾਲ ਖੱਟੜ ਅਤੇ ਅਨਿਜ ਵਿਜ ਦੇ ਪੁਤਲੇ ਫੂਕੇ ਜਾਣਗੇ। ਇਸ ਮੌਕੇ ਬਲਬੀਰ ਸਿੰਘ ਰਾਜੇਵਾਲ ਨੇ ਕਿਹਾ ਕਿ ਹਰਿਆਣਾ ਦੀ ਪੁਲਸ ਨੇ ਪੰਜਾਬ ਦੇ ਇਲਾਕੇ 'ਚ ਆ ਕੇ ਗੋਲੀ ਚਲਾਈ ਅਤੇ ਸਾਡੇ ਟਰੈਕਟਰ ਤੋੜੇ, ਇਸ ਦੇ ਲਈ 302 ਦਾ ਪਰਚਾ ਦਰਜ ਕੀਤਾ ਜਾਵੇ। ਸੰਯੁਕਤ ਕਿਸਾਨ ਮੋਰਚੇ ਨੇ ਸ਼ੁਭਕਰਨ ਦੀ ਮੌਤ ਦੀ ਨਿਆਇਕ ਜਾਂਚ ਕਰਵਾਉਣ ਦੀ ਮੰਗ ਕੀਤੀ ਹੈ। ਇਸ ਤੋਂ ਇਲਾਵਾ ਮੋਰਚੇ ਨੇ ਸ਼ੁਭਕਰਨ ਸਿੰਘ ਦੇ ਪਰਿਵਾਰ ਲਈ 1 ਕਰੋੜ ਰੁਪਏ ਦੀ ਮੁਆਵਜ਼ਾ ਰਾਸ਼ੀ ਦੀ ਮੰਗ ਕੀਤੀ ਹੈ। ਰਾਜੇਵਾਲ ਨੇ ਕਿਹਾ ਕਿ 14 ਮਾਰਚ ਨੂੰ ਦਿੱਲੀ ਦੇ ਰਾਮ ਲੀਲਾ ਮੈਦਾਨ 'ਚ ਮਹਾਂਪੰਚਾਇਤ ਕੀਤੀ ਜਾਵੇਗੀ। ਇਸ ਦੌਰਾਨ ਸਾਰੇ ਦੇਸ਼ ਦੇ ਕਿਸਾਨ ਦਿੱਲੀ ਪੁੱਜਣਗੇ ਅਤੇ ਉਕਤ ਰੈਲੀ 'ਚ ਸ਼ਾਮਲ ਹੋਣਗੇ। ਕਿਸਾਨ ਆਗੂ ਰਾਕੇਸ਼ ਟਿਕੈਤ ਨੇ ਕਿਹਾ ਕਿ 26 ਫਰਵਰੀ ਨੂੰ ਟਰੈਕਟਰ ਮਾਰਚ ਕੱਢਿਆ ਜਾਵੇਗਾ। ਇਸ ਦੌਰਾਨ ਇਕ ਸਾਈਡ ਦੇ ਨੈਸ਼ਨਲ ਅਤੇ ਸਟੇਟ ਹਾਈਵੇਅ ਖੁੱਲ੍ਹੇ ਰਹਿਣਗੇ ਤਾਂ ਜੋ ਆਉਂਦੇ-ਜਾਂਦੇ ਲੋਕ ਟਰੈਕਟਰ ਮਾਰਚ ਦੇਖ ਸਕਣ। ਉਨ੍ਹਾਂ ਕਿਹਾ ਕਿ ਅਸੀਂ ਟਰੈਕਟਰ ਲੈ ਕੇ ਦਿੱਲੀ ਵੀ ਜਾ ਸਕਦੇ ਹਾਂ। ਮੋਰਚੇ ਦੇ ਆਗੂਆਂ ਨੇ ਕਿਹਾ ਕਿ ਇਹ ਜੋ ਕੁੱਝ ਵੀ ਕਿਸਾਨਾਂ ਨਾਲ ਹੋ ਰਿਹਾ ਹੈ, ਇਸ ਦੇ ਪਿੱਛੇ ਦੇਸ਼ ਦੇ ਗ੍ਰਹਿ ਮੰਤਰੀ ਦਾ ਹੱਥ ਹੈ। ਇਸ ਲਈ ਸੰਯੁਕਤ ਕਿਸਾਨ ਮੋਰਚਾ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ, ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਖੱਟੜ ਅਤੇ ਹਰਿਆਣਾ ਦੇ ਗ੍ਰਹਿ ਮੰਤਰੀ ਅਨਿਲ ਵਿਜ ਦੇ ਅਸਤੀਫ਼ੇ ਦੀ ਮੰਗ ਕਰਦਾ ਹੈ। ਉਨ੍ਹਾਂ ਨੇ ਕਿਸਾਨਾਂ ਦੇ ਖ਼ਿਲਾਫ਼ ਤਾਨਾਸ਼ਾਹ ਜੰਗ ਦਾ ਐਲਾਨ ਕੀਤਾ ਹੈ। ਮੋਰਚੇ ਦੇ ਆਗੂਆਂ ਨੇ ਕਿਹਾ ਕਿ ਜਿਨ੍ਹਾਂ ਲੋਕਾਂ ਨੇ ਤੁਹਾਨੂੰ ਸੱਤਾ 'ਤੇ ਬਿਠਾਇਆ, ਉਨ੍ਹਾਂ 'ਤੇ ਹੀ ਤੁਸੀਂ ਅੱਤਿਆਚਾਰ ਕਰ ਰਹੇ ਹੋ। ਆਗੂਆਂ ਨੇ ਕਿਹਾ ਕਿ 26 ਤਾਰੀਖ਼ ਨੂੰ ਅੰਮ੍ਰਿਤਸਰ ਤੋਂ ਨਿਕਲ ਕੇ ਟੈਰਕਟਰ ਸ਼ੰਭੂ ਬਾਰਡਰ ਤੱਕ ਲਿਜਾਣ ਦਾ ਪ੍ਰੋਗਰਾਮ ਹੈ। ਆਗੂਆਂ ਨੇ ਸ਼ੁਭਕਰਨ ਸਿੰਘ 'ਤੇ ਚੜ੍ਹਿਆ ਹੋਇਆ ਕਰਜ਼ਾ ਵੀ ਮੁਆਫ਼ ਕਰਨ ਦੀ ਮੰਗ ਕੀਤੀ ਹੈ।



## 21 ਸਾਲਾ ਸ਼ੁਭਕਰਨ ਸਿੰਘ ਦੀ ਮੌਤ 'ਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਦੁਖ ਜਤਾਇਆ

**ਅੰਮ੍ਰਿਤਸਰ/ਬਠਿੰਡਾ (ਆਵਾਜ਼ਿ ਕੌਮ ਬਿਊਰੋ)-** ਬੀਤੇ ਦਿਨ ਕਿਸਾਨ ਅੰਦੋਲਨ ਦੌਰਾਨ 21 ਸਾਲਾ ਸ਼ੁਭਕਰਨ ਸਿੰਘ ਦੀ ਮੌਤ 'ਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਦੁਖ ਜਤਾਇਆ ਹੈ। ਉਨ੍ਹਾਂ ਕਿਹਾ ਕਿ ਲੋਕਤੰਤਰ ਪ੍ਰਸ਼ਾਸਨ ਇਸ ਤਰ੍ਹਾਂ ਦਾ ਰਵੀਆ ਨਹੀਂ ਕਰਦਾ ਹੁੰਦਾ, ਜਿਸ ਤਰ੍ਹਾਂ ਦਾ ਪ੍ਰਸ਼ਾਸਨ ਵੱਲੋਂ ਕੀਤਾ ਜਾ ਰਿਹਾ ਹੈ, ਜੋ ਕਿ ਬਹੁਤ ਹੀ ਨਿੰਦਣਯੋਗ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਦੋਵਾਂ ਧਿਰਾਂ ਕਿਸਾਨ ਅਤੇ ਸਰਕਾਰਾਂ ਨੂੰ ਸਮਝਦਾਰੀ ਨਾਲ ਕੰਮ ਲੈਣਾ ਚਾਹੀਦਾ ਹੈ ਅਤੇ ਮੀਟਿੰਗਾਂ ਦਾ ਸਿਲਸਿਲਾ ਬੰਦ ਨਹੀਂ ਕਰਨਾ ਚਾਹੀਦਾ। ਉਨ੍ਹਾਂ ਕਿਹਾ ਕਿ ਮੀਟਿੰਗਾਂ 'ਚ ਦਲੀਲਬਾਜ਼ੀ ਨਾਲ ਗੱਲ ਹੋਣੀ ਚਾਹੀਦੀ ਹੈ, ਜੋ ਕਿਸਾਨਾਂ ਦੀਆਂ ਮੰਗਾਂ ਹਨ, ਸਰਕਾਰ ਨੂੰ ਉਸ 'ਤੇ ਧਿਆਨ ਦੇਣਾ ਚਾਹੀਦਾ ਹੈ। ਉਨ੍ਹਾਂ ਕਿਹਾ ਇਸ ਵੇਲੇ ਕੋਈ ਭਾਰਤ ਦਾ ਕਿਸਾਨ ਨਹੀਂ, ਕੋਈ ਪੰਜਾਬ ਦਾ ਕਿਸਾਨ ਨਹੀਂ ਸਗੋਂ ਪੂਰੀ ਦੁਨੀਆ ਦੇ ਕਿਸਾਨ ਇਸ ਸੰਘਰਸ਼ 'ਚ ਸ਼ਾਮਲ ਹਨ ਕਿਉਂਕਿ ਕਿਸਾਨਾਂ ਕੋਲੋਂ ਖੇਤੀ ਤੋਂ ਇਲਾਵਾ ਹੋਰ ਕੋਈ ਬਦਲ ਵੀ ਨਹੀਂ ਹੈ। ਇਸ ਲਈ ਸਰਕਾਰਾਂ ਨੂੰ ਇਹ ਗੱਲ ਸਮਝਣੀ ਚਾਹੀਦੀ ਹੈ। ਇਸ ਦੌਰਾਨ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿਸਾਨੀ ਸੰਘਰਸ਼ ਦੌਰਾਨ ਇਕ ਨੌਜਵਾਨ ਦੀ ਮੌਤ ਹੋ ਗਈ ਹੈ, ਜੋ ਕਿ ਬੇਹੱਦ ਦੁਖਦਾਈ ਗੱਲ ਹੈ। ਉਨ੍ਹਾਂ ਕਿਹਾ ਅਜਿਹੇ 'ਚ ਹੋਰ ਘਟਨਾ ਨਾ ਵਾਪਰਣ ਇਸ ਲਈ ਦੋਵਾਂ ਧਿਰਾਂ ਕਿਸਾਨ ਅਤੇ ਸਰਕਾਰਾਂ ਨੂੰ ਸਮਝਦਾਰੀ ਨਾਲ ਕੰਮ ਲੈਣਾ ਚਾਹੀਦਾ ਹੈ ਅਤੇ ਇਸ ਗੱਲ ਦਾ ਵੀ ਧਿਆਨ ਜ਼ਰੂਰ ਰੱਖਣ ਕਿ ਹਿੰਸਕ ਟਕਰਾਅ ਹਮੇਸ਼ਾ ਹੀ ਨੁਕਸਾਨਦਾਈ ਹੁੰਦਾ ਹੈ।



## ਕਿਸਾਨੀ ਸੰਘਰਸ਼ ਵਿੱਚ ਨੌਜਵਾਨ ਦੀ ਮੌਤ ਹੋਣਾ ਬਹੁਤ ਦੁੱਖਦਾਈ ਘਟਣਾ :-ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਪ੍ਰਧਾਨ ਸੰਤ ਸਮਾਜ

**ਮਹਿਤਾ ਚੌਕ,22 ਫਰਵਰੀ (ਆਵਾਜ਼ਿ ਕੌਮ ਬਿਊਰੋ)-** ਕਿਸਾਨੀ ਸੰਘਰਸ਼ ਦੌਰਾਨ ਨੌਜਵਾਨ ਦੀ ਕੁਰਬਾਣੀ ਅਤੇ ਸੈਂਕੜੇ ਕਿਸਾਨ ਦਾ ਜਖਮੀ ਹੋਣਾ ਬਹੁਤ ਦੁੱਖਦਾਈ ਘਟਣਾ ਹੈ ਇਸ ਨਾਲ ਸਮੁੱਚੇ ਕਿਸਾਨ ਭਾਈਚਾਰੇ ਦੇ ਦਿਲਾਂ ਵਿਚ ਬਹੁਤ ਭਾਰੀ ਰੋਸ ਹੈ। ਇਸ ਗੱਲ ਦਾ ਪ੍ਰਗਟਾਵਾ ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ, ਪ੍ਰਧਾਨ ਸੰਤ ਸਮਾਜ ਕੀਤਾ ਹੈ ਉਹਨਾ ਕਿਹਾ ਹੈ ਕਿ ਜੋ ਘਟਣਾ ਕਲ ਸੰਭੂ ਅਤੇ ਖਨੌਰੀ ਬਾਰਡਰਾਂ ਤੇ ਹੋਈ ਹੈ ਇਸ ਘਟਣਾ ਨਾਲ ਭਾਰਤ ਦੇ ਸਮੂਹ ਕਿਸਾਨ ਦੁਖੀ ਹਨ ਉਹਨਾ ਕਿਹਾ ਕਿ ਕਿਸਾਨੀ ਸੰਘਰਸ਼ ਵਿੱਚ ਕੁਰਬਾਨੀ ਦੇਣ ਵਾਲੇ ਪਰਿਵਾਰ ਨਾਲ ਦਮਦਮੀ ਟਕਸਾਲ ਜੱਥੇਬੰਦੀ ਭਾਰੀ ਦੁਖ ਦਾ ਪ੍ਰਗਟਾਵਾ ਕਰਦੀ ਹੈ ਅਤੇ ਇਸ ਘਟਣਾ ਨੂੰ ਅੰਜਾਮ ਦੇਣ ਵਾਲਿਆਂ ਉਪਰ ਸਖਤ ਤੋ ਸਖਤ ਕਾਰਵਾਈ ਵੀ ਹੋਣੀ ਚਾਹੀਦੀ ਹੈ ਉਹਨਾ ਕਿਹਾ ਕਿ ਸਰਕਾਰ ਦਾ ਇਹ ਵਤੀਰਾ ਪੰਜਾਬ ਦੇ ਕਿਸਾਨਾ ਨੂੰ ਬੇਗਾਨਾਪਣ ਦਾ ਅਹਿਸਾਸ ਮਹਿਸੂਸ ਕਰਵਾ ਰਹੀ ਹੈ। ਉਹਨਾ ਨੇ ਕੇਂਦਰ ਦੀ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਕਿਸਾਨ ਭਰਾਵਾਂ ਦੀ ਅਵਾਜ ਨੂੰ ਨਾ ਦਬਾਇਆ ਜਾਵੇ ਅਤੇ ਉਹਨਾਂ ਦੀਆਂ ਸਮੂਹ ਮੰਗਾਂ ਨੂੰ ਜਲਦੀ ਤੋਂ ਜਲਦੀ ਮੰਨਿਆ ਜਾਵੇ ਇਸ ਵਿਚ ਹੀ ਸਾਰੇ ਵਰਗਾਂ ਦੀ ਭਲਾਈ ਹੈ। ਨਾਲ ਹੀ ਉਹਨਾਂ ਨੇ ਕਿਹਾ ਜਿਸ ਤਰੀਕੇ ਨਾਲ ਬੰਗਾਲ ਵਿਚ ਇੱਕ ਪੂਰਨ ਗੁਰਸਿੱਖ ਪੁਲਿਸ ਅਫਸਰ ਜਸਪ੍ਰੀਤ ਸਿੰਘ ਜੋ ਆਪਣੀ ਡਿਊਟੀ ਨਿਭਾ ਰਿਹਾ ਸੀ, ਡਿਊਟੀ ਦੌਰਾਨ ਖਾਲਿਸਤਾਨੀ ਕਹਿਕੇ ਅਪਮਾਨ ਕਰਨਾ ਅਤਿ ਨਿੰਦਣਯੋਗ,ਅਤੇ ਚਿੰਤਾਜਨਕ ਗੱਲ ਹੈ ਇਸ ਨਾਲ ਵੀ ਸਮੁੱਚੇ ਸਿੱਖਾਂ ਵਿੱਚ ਭਾਰੀ ਰੋਸ ਹੈ, ਪਿਛਲੇ ਸਮੇਂ ਵਿੱਚ ਵੀ ਕਈ ਸਿੱਖਾਂ ਦਾ ਇਸੇ ਤਰ੍ਹਾਂ ਅਪਮਾਨ ਕੀਤਾ ਗਿਆ ਹੈ। ਖੇਤੀ ਬਿੱਲਾਂ ਦਾ ਵਿਰੋਧ ਕਰ ਰਹੇ ਕਿਸਾਨਾਂ ਨੂੰ ਪਹਿਲਾਂ ਵੀ ਅਤੇ ਵਰਤਮਾਨ ਸਮੇਂ ਵਿੱਚ ਵੀ ਖਾਲਿਸਤਾਨੀ ਕਰਾਰ ਦੇਣ ਦੇ ਯਤਨ ਕੀਤੇ ਜਾ ਰਹੇ ਹਨ ਕੇਂਦਰ ਅਤੇ ਸਾਰੀਆਂ ਰਾਜ ਸਰਕਾਰਾਂ ਨੂੰ ਅਜਿਹੇ ਨਫ਼ਰਤੀ ਅਪਰਾਧਾਂ ਨੂੰ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ। ਸਾਰੀਆਂ ਰਾਜਨੀਤਿਕ ਪਾਰਟੀਆਂ ਨੂੰ ਵੀ ਸਥਿਤੀ ਦੀ ਗੰਭੀਰਤਾ ਨੂੰ ਸਮਝਣਾ ਚਾਹੀਦਾ ਹੈ ਅਤੇ ਆਪਣੇ ਗਲਤ ਆਗੂਆਂ ਵਿਰੁੱਧ ਸਖਤ ਕਾਰਵਾਈ ਕਰਨੀ ਚਾਹੀਦੀ ਹੈ। ਤਾਂਕਿ ਦੇਸ ਵਿੱਚ ਸ਼ਾਤੀ ਅਤੇ ਭਾਈਚਾਰਕ ਸਾਂਝ ਬਣੀ ਰਹੇ।



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7l
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


## ਅੰਮ੍ਰਿਤਪਾਲ ਸਿੰਘ ਦੀ ਮਾਤਾ ਨੇ ਭੁੱਖ ਹੜਤਾਲ ਕਰਨ ਦਾ ਕੀਤਾ ਐਲਾਨ

**ਚੰਡੀਗੜ੍ਹ,22 ਫਰਵਰੀ (ਆਵਾਜ਼ਿ ਕੌਮ ਬਿਊਰੋ)-** ਅੰਮ੍ਰਿਤਪਾਲ ਸਿੰਘ ਨੂੰ ਪੰਜਾਬ ਸ਼ਿਫ਼ਟ ਕਰਨ ਦੀ ਮੰਗ ਨੂੰ ਲੈ ਕੇ ਅੱਜ ਉਨ੍ਹਾਂ ਦੀ ਮਾਂ ਬਲਵਿੰਦਰ ਕੌਰ ਨੇ ਭੁੱਖ ਹੜਤਾਲ ਕਰਨ ਦਾ ਐਲਾਨ ਕੀਤਾ ਹੈ। ਉਨ੍ਹਾਂ ਦੇ ਮਾਤਾ-ਪਿਤਾ ਅਤੇ ਸਿੱਖ ਜੱਥੇਬੰਦੀਆਂ ਦਾ ਇੱਕ ਸਮੂਹ ਅਗਲੀ ਰਣਨੀਤੀ ਉਲੀਕਣ ਲਈ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਇਕੱਤਰ ਹੋਇਆ ਸੀ। ਜਿੱਥੇ ਅੰਮ੍ਰਿਤਪਾਲ ਸਿੰਘ ਦੀ ਮਾਤਾ ਨੇ ਭੁੱਖ ਹੜਤਾਲ ਕਰਨ ਦਾ ਐਲਾਨ ਕੀਤਾ ਹੈ। ਉੱਥੇ ਹੀ ਅੰਮ੍ਰਿਤਪਾਲ ਦੀ ਮਾਤਾ ਨੂੰ ਮਿਲਣ ਲਈ ਸੰਸਦ ਮੈਂਬਰ ਸਿਮਰਨਜੀਤ ਸਿੰਘ ਮਾਨ ਵੀ ਪਹੁੰਚੇ ਹਨ। ਉਹ ਡੀਸੀ ਅੰਮ੍ਰਿਤਸਰ ਨੂੰ ਮਿਲਣ ਜਾ ਰਹੇ ਹਨ ਅਤੇ ਉਸ ਤੋਂ ਬਾਅਦ ਹੋਰ ਜਾਣਕਾਰੀ ਦੇਣਗੇ। ਅੰਮ੍ਰਿਤਪਾਲ ਦੀ ਮਾਤਾ ਨੇ ਕਿਹਾ ਕਿ ਜਦੋਂ ਤੱਕ ਅੰਮ੍ਰਿਤਪਾਲ ਜਲ ਨਹੀਂ ਛੱਕਦਾ, ਉਹ ਵੀ ਭੁੱਖ ਹੜਤਾਲ 'ਤੇ ਰਹਿਣਗੇ। ਅੰਮ੍ਰਿਤਪਾਲ ਦੀ ਮਾਤਾ ਨੇ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਹਮਣੇ ਕਿਹਾ ਕਿ ਪ੍ਰਸ਼ਾਸਨ ਨੇ ਵੀ ਉਨ੍ਹਾਂ ਦੀ ਕੋਈ ਮੰਗ ਨਹੀਂ ਮੰਨੀ। ਡਿਬਰੂਗੜ੍ਹ ਜੇਲ੍ਹ ਅਤੇ ਅੰਮ੍ਰਿਤਸਰ ਜੇਲ੍ਹ ਵਿੱਚ ਕੈਦੀ ਭੁੱਖ ਹੜਤਾਲ 'ਤੇ ਹਨ ਪਰ ਕੋਈ ਸੁਣਵਾਈ ਨਹੀਂ ਹੋ ਰਹੀ। ਹੁਣ ਪ੍ਰਸ਼ਾਸਨ ਨੂੰ ਇਹ ਦੇਖਣਾ ਚਾਹੀਦਾ ਹੈ ਕਿ ਉਹ 84 ਦੀ ਘਟਨਾ ਨੂੰ ਦੁਹਰਾਉਣਾ ਚਾਹੁੰਦੇ ਹਨ ਅਤੇ ਫਿਰ ਸਿੰਘ ਨੂੰ ਬਚਾਉਣਾ ਚਾਹੁੰਦੇ ਹਨ। ਉਨ੍ਹਾਂ ਕਿਹਾ ਕਿ ਜਦੋਂ ਤੱਕ ਮੰਗਾਂ ਪੂਰੀਆਂ ਨਹੀਂ ਹੁੰਦੀਆਂ ਉਦੋਂ ਤੱਕ ਸਮੂਹ ਮੈਂਬਰ ਭੁੱਖ ਹੜਤਾਲ 'ਤੇ ਬੈਠਣਗੇ। ਸ੍ਰੀ ਅਕਾਲ ਤਖ਼ਤ ਸਾਹਿਬ ਅੱਗੇ ਅਰਦਾਸ ਕਰਨ ਉਪਰੰਤ ਅੰਮ੍ਰਿਤਪਾਲ ਦੇ ਪਰਿਵਾਰਕ ਮੈਂਬਰ ਅਤੇ ਸਮਰਥਕ ਹੈਰੀਟੇਜ ਸਟਰੀਟ 'ਤੇ ਬੈਠ ਗਏ। ਵਾਰਿਸ ਪੰਜਾਬ ਦੇ ਮੁਖੀ ਅੰਮ੍ਰਿਤਪਾਲ ਸਿੰਘ ਨੂੰ ਡਿਬਰੂਗੜ੍ਹ ਜੇਲ੍ਹ ਤੋਂ ਪੰਜਾਬ ਦੀ ਕਿਸੇ ਜੇਲ੍ਹ ਵਿੱਚ ਤਬਦੀਲ ਕਰਨ ਦੀ ਮੰਗ ਕੀਤੀ ਜਾ ਰਹੀ ਹੈ। ਇਸ ਸਬੰਧੀ ਬੀਤੇ ਦਿਨੀਂ ਅੰਮ੍ਰਿਤਲਾਲ ਦੇ ਮਾਪੇ ਡੀਸੀ ਘਨਸ਼ਿਆਮ ਥੋਰੀ ਨੂੰ ਵੀ ਮਿਲੇ ਸਨ ਪਰ ਕੋਈ ਹੱਲ ਨਹੀਂ ਨਿਕਲਿਆ। ਇਸ ਦੇ ਮੱਦੇਨਜ਼ਰ ਅੱਜ ਉਹ ਸਿੱਖ ਜਥੇਬੰਦੀਆਂ ਸਮੇਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਹਮਣੇ ਇਕੱਠੇ ਹੋਏ। ਜ਼ਿਕਰ ਕਰ ਦਈਏ ਕਿ ਵਾਰਿਸ ਪੰਜਾਬ ਦੇ ਮੁਖੀ ਅੰਮ੍ਰਿਤਪਾਲ ਸਿੰਘ ਨੂੰ ਪੰਜਾਬ ਪੁਲਿਸ ਨੇ 18 ਮਾਰਚ 2023 ਨੂੰ ਮੋਗਾ ਜ਼ਿਲ੍ਹੇ ਦੇ ਪਿੰਡ ਰੋਡੇ ਤੋਂ ਗ੍ਰਿਫ਼ਤਾਰ ਕੀਤਾ ਸੀ। ਕੁਝ ਘੰਟਿਆਂ ਬਾਅਦ ਉਸ ਨੂੰ ਅਸਾਮ ਦੀ ਡਿਬਰੂਗੜ੍ਹ ਕੇਂਦਰੀ ਜੇਲ੍ਹ ਭੇਜ ਦਿੱਤਾ ਗਿਆ। ਉਸ ਦੇ ਨਾਲ ਉਸ ਦੇ 9 ਸਾਥੀ ਵੀ ਇਸ ਜੇਲ੍ਹ ਵਿੱਚ ਬੰਦ ਹਨ।






ਸ਼੍ਰੀਮਾਨ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਮਹਾਂਪੁਰਸ਼ਾਂ ਦੀ ਯੋਗ ਅਗਵਾਈ 'ਚ ਜਥੇਬੰਦੀ ਦਮਦਮੀ ਟਕਸਾਲ ਵੱਲੋਂ ਦੁਨਿਆਵੀ ਵਿਦਿਆ ਲਈ ਨਗਰ ਮਹਿਤਾ ਚੌਂਕ ਵਿਖੇ ਚੱਲ ਰਹੇ ਵੱਖ ਵੱਖ ਅਦਾਰਿਆਂ 'ਚ ਨਵੇਂ ਸਾਲ (2024) ਦੀਆਂ ਕਲਾਸਾਂ ਸ਼ੁਰੂ ਹਨ । ਨਵੇਂ ਵਿਦਿਆਰਥੀ ਦਾਖਲੇ ਲੈ ਕੇ ਦੁਨਿਆਵੀ ਅਤੇ ਧਾਰਮਿਕ ਵਿਦਿਆ ਪ੍ਰਾਪਤ ਕਰੋ ਜੀ।









ਭਾਈ ਮਨਦੀਪ ਸਿੰਘ
ਨਿਰਵੈਰ ਟੀਵੀ

ਆਵਾਜ਼ਿ ਕੌਮ AWAZE QAUM International Newspaper & WEB TV

ਗੁਰੂ ਰਾਮਦਾਸ ਜੀ ਦੇ ਪਵਿੱਤਰ ਦਰ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਝੋਲੀ ਵਿੱਚ ਪਏ ਨਿਰਵੈਰ ਟੀ ਵੀ ਨੂੰ ਅੱਜ ਛੇਵਾਂ ਸਾਲ ਲੱਗ ਗਿਆ ਹੈ ਗ਼ੁਰੂ ਸਾਹਿਬ ਜੀ ਦੀ ਬਖਸ਼ਿਸ ਸਦਕਾ ਨਿਰਵੈਰ ਟੀਵੀ ਦੀ ਬਦੌਲਤ ਮੇਰੇ ਵਰਗੇ ਨਾਂ ਚੀਜ਼ ਬੰਦੇ ਨੂੰ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਬੈਠ ਕੇ ਕਿਰਤ ਕਰਨ ਦਾ ਸੁਭਾਗ ਪ੍ਰਾਪਤ ਹੋਇਆ। ਸਿੱਖ ਸੰਗਤਾਂ,ਮਹਾਂਪੁਰਖਾਂ ਅਤੇ ਗੁਰੂ ਕੇ ਪ੍ਰਚਾਰਕ ਸਿੰਘ,ਸਿੰਘਣੀਆਂ ਵੱਲੋਂ ਨਿਰਵੈਰ ਟੀਵੀ ਨੂੰ ਪਲਕਾਂ ਉੱਪਰ ਬਿਠਾਉਣ ਲਈ ਤਹਿ ਦਿਲੋਂ ਧੰਨਵਾਦ।

-ਮਨਦੀਪ ਸਿੰਘ







# ਐਵੇਂ ਭਰਮ ਹੈ ਸਾਡਿਆਂ ਕਾਤਲਾਂ ਨੂੰ ,ਕਿ ਅਸੀਂ ਹੋਵਾਂਗੇ ਦੋ ਜਾਂ ਚਾਰ ਲੋਕੋ। ਬਦਲੇ ਲਏ ਤੋਂ ਵੀ ਜਿਹੜੀ ਮੁੱਕਣੀ ਨਾ, ਏਡੀ ਲੰਮੀ ਏ ਸਾਡੀ ਕਤਾਰ ਲੋਕੋ।

ਵਾਹਿਗੁਰੂ ਜੀ ਕਾ ਖਾਲਸਾ
ਸ੍ਰੀ ਵਾਹਿਗੁਰੂ ਜੀ ਕੀ ਫ਼ਤਿਹ

ਭਾਈ ਅੰਮ੍ਰਿਤਪਾਲ ਸਿੰਘ ਅਤੇ ਦਿਬਰੂਗੜ੍ਹ ਨਜਰਬੰਦ ਬਾਕੀ ਦੇ ਸਿੰਘਾ ਨੂੰ ਪ੍ਰਸ਼ਾਦਾ ਛਕਿਆਂ ਅੱਜ ਤਕਰੀਬਨ ਹਫਤਾ ਹੋ ਚੱਲਿਆ। ਨਜਰਬੰਦ ਸਿੰਘਾ ਵਿੱਚੋਂ ਕੁਝ ਦੀ ਹਾਲਤ ਦਿਨੋ ਦਿਨ ਖਰਾਬ ਹੋ ਰਹੀ ਹੈ। ਪਰ ਸਰਕਾਰ ਦੇ ਕੰਨ ਤੇ ਜੂੰ ਨਹੀ ਸਰਕ ਰਹੀ।



ਭਾਈ ਅੰਮ੍ਰਿਤਪਾਲ ਸਿੰਘ ਦੀ ਧਰਮ ਦੇ ਸਿਧਾਂਤ ਹੇਠ ਨਸ਼ਿਆਂ ਖਿਲਾਫ ਵਿੱਢੀ ਲਹਿਰ ਨੂੰ ਬੰਦ ਕਰਕੇ ਓਹਨਾਂ ਨੂੰ ਬਾਕੀ ਸਿੰਘਾ ਸਮੇਤ ਜੇਲ੍ਹਾਂ ਵਿੱਚ ਡੱਕ ਸਰਕਾਰ ਏ ਨਾ ਸਮਝੇ ਕਿ ਅਸੀਂ ਆਪਣੇ ਮਾੜੇ ਇਰਾਦਿਆਂ ਵਿੱਚ ਕਾਮਯਾਬ ਹੋ ਗਏ ਹਾਂ। ਪੰਜਾਬ ਦਾ ਇੱਕ ਦੀਪ ਬੁਝਿਆ ਸੀ ਤੇ ਕਈ ਹੋਰ ਦੀਪ ਜਗੇ ਸਨ। ਤੁਸੀਂ ਇੱਕ ਅੰਮ੍ਰਿਤਪਾਲ ਸਿੰਘ ਦੀ ਅੰਮ੍ਰਿਤ ਸੰਚਾਰ ਦੀ ਲਹਿਰ ਨੂੰ ਬੰਨ੍ਹ ਲਾਓਗੇ ਤੇ ਕੁੱਲ ਪੰਜਾਬ ਦੇ ਪੁੱਤ ਤਿਆਰ ਬਰ ਤਿਆਰ ਹੋ ਤੁਹਾਡੀਆਂ ਬਰੂਹਾਂ ਤੇ ਦਸਤਕ ਦੇਣਗੇ।

ਸਰਕਾਰ ਏ ਨਾ ਸਮਝੇ ਕਿ ਭਾਈ ਅੰਮ੍ਰਿਤਪਾਲ ਸਿੰਘ ਦੀ ਅਵਾਜ ਦੱਬ ਕੇ ਪੰਜਾਬ 'ਚ ਅਖੌਤੀ ਸ਼ਾਤੀ ਕਾਇਮ ਕੀਤੀ ਜਾ ਸਕਦੀ ਏ। ਜੇ ਸਰਕਾਰ ਅੱਜ ਵੀ ਪੰਜਾਬ 'ਚ ਅਮਨ ਕਾਨੂੰਨ ਚਾਹੁੰਦੀ ਹੈ ਤਾਂ ਭਾਈ ਅੰਮ੍ਰਿਤਪਾਲ ਸਿੰਘ ਅਤੇ ਬਾਕੀ ਦੇ ਬੰਦੀ ਸਿੰਘਾ ਨੂੰ ਰਿਹਾ ਕਰੇ। ਤਾਂ ਜੋ ਨਸ਼ਿਆਂ 'ਚ ਗਲਤਾਣ ਨੌਜਵਾਨੀ ਨੂੰ ਧਰਮ ਦੀ ਸਿੱਖਿਆ ਦੇ ਬਚਾਇਆ ਜਾ ਸਕੇ, ਅਤੇ ਪੰਜਾਬ ਵਿੱਚ ਮੁੜ ਤੋਂ ਇੱਕ ਚੰਗੇ ਸਮਾਜ ਦੀ ਸਿਰਜਣਾ ਹੋ ਸਕੇ। ਅਸੀਂ ਕੇਂਦਰ ਅਤੇ ਪੰਜਾਬ ਸਰਕਾਰ ਨੂੰ ਇਸ ਗੱਲ ਲਈ ਅਗਾਹ ਕਰ ਦੇਣਾ ਚਾਹੁੰਦੇ ਹਾਂ ਕਿ ਜੇਕਰ ਕਿਸੇ ਇੱਕ ਵੀ ਸਿੰਘ ਦਾ ਜਾਨੀ ਨੁਕਸਾਨ ਹੁੰਦਾ ਹੈ ਤਾਂ ਇਸ ਦੇ ਨਤੀਜੇ ਚੰਗੇ ਨਹੀ ਹੋਣਗੇ। ਜੇਕਰ ਤੁਸੀ ਹਲੇ ਵੀ ਕਿਤੇ ਲੋਕਤੰਤਰੀ ਕਾਨੂੰਨ 'ਚ ਯਕੀਨ ਕਰਦੇ ਓ ਤੇ ਪੰਜਾਬ ਦੇ ਇਹਨਾਂ ਪੁੱਤਾਂ ਨਾਲ ਇਨਸਾਫ ਕਰੋ। ਪਰ ਏ ਨਾ ਸਮਝਿਓ ਕਿ ਇਹਨਾਂ ਨਾ ਇਨਸਾਫੀਆਂ ਦਾ ਹਿਸਾਬ ਕਦੇ ਨਹੀ ਹੋਣਾ।

ਆਵਾਜ਼ਿ ਕੌਮ AWAZE QAUM
International Newspaper & WEB TV




ਸਭ ਸਿੱਖ ਸੰਗਤਾਂ ਅਤੇ ਖਾਸਕਰ ਓਹਨਾਂ ਸਿੱਖ ਜਥੇਬੰਦੀਆਂ ਦੇ ਲੀਡਰਾਂ ਨੂੰ ਜੋ ਹੁਣ ਤੱਕ ਮੂੰਹ ਤੇ ਉਂਗਲ ਰੱਖ ਤਮਾਸ਼ਾ ਵੇਖ ਰਹੀਆਂ ਹਨ ਨੂੰ ਭਾਈ ਅੰਮ੍ਰਿਤਪਾਲ ਸਿੰਘ ਦੇ ਪਰਿਵਾਰ ਦੀ ਅਪੀਲ ਹੈ ਕਿ ਅੱਜ ਮਿਤੀ 22 ਫਰਵਰੀ 2022 ਨੂੰ ਸ੍ਰੀ ਅਕਾਲ ਤਖਤ ਸਾਹਿਬ ਪਹੁੰਚਣ, ਤਾਂ ਜੋ ਸਿਰ ਜੋੜ ਅਗਲੇ ਪ੍ਰੋਗਰਾਮ ਦੀ ਸਲਾਹ ਕੀਤੀ ਜਾ ਸਕੇ।

ਐਵੇਂ ਭਰਮ ਹੈ ਸਾਡਿਆਂ ਕਾਤਲਾਂ ਨੂੰ ,ਕਿ ਅਸੀਂ ਹੋਵਾਂਗੇ ਦੋ ਜਾਂ ਚਾਰ ਲੋਕੋ।
ਬਦਲੇ ਲਏ ਤੋਂ ਵੀ ਜਿਹੜੀ ਮੁੱਕਣੀ ਨਾ, ਏਡੀ ਲੰਮੀ ਏ ਸਾਡੀ ਕਤਾਰ ਲੋਕੋ।

**ਵਾਹਿਗੁਰੂ ਜੀ ਕਾ ਖਾਲਸਾ**
**ਸ੍ਰੀ ਵਾਹਿਗੁਰੂ ਜੀ ਕੀ ਫਤਿਹ।**

ਦਮਦਮੀ ਟਕਸਾਲ
ਨਾਮ ਜਪੋ ਕਿਰਤ ਕਰੋ ਵੰਡ ਛਕੋ
Naam Japo Kirat Karo Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ



ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।



✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446

ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਮਨੁੱਖਤਾ ਦੀ ਸੇਵਾ ਹੀ ਸਭ ਤੋਂ ਵੱਡਾ ਧਰਮ ਹੈ ॥

ਏਕ ਨੂਰ ਸਵੈ-ਸੇਵੀ ਸੰਸਥਾ ਰਜਿ:, ਪਠਲਾਵਾ (ਸ਼.ਭ.ਸ.ਨਗਰ)

# ਏਕ ਨੂਰ ਸਵੈ-ਸੇਵੀ ਸੰਸਥਾ ਰਜਿ:, ਪਠਲਾਵਾ

ਪਿੰਡ ਪਠਲਾਵਾ, ਜ਼ਿਲਾ ਸ਼ਹੀਦ ਭਗਤ ਸਿੰਘ ਨਗਰ ਵਲੋਂ

## ਸਵ: ਸ: ਜੁਗਿੰਦਰ ਸਿੰਘ ਸੂਰਾਪੁਰੀ

(ਉਪ ਚੇਅਰਮੈਨ ਏਕ ਨੂਰ ਸਵੈ-ਸੇਵੀ ਸੰਸਥਾ ਪਠਲਾਵਾ) ਦੀ ਯਾਦ ਨੂੰ ਸਮਰਪਿਤ

# 26ਵਾਂ ਸਲਾਨਾ ਸਹਾਇਤਾ ਵੰਡ ਸਮਾਗਮ

**ਪ੍ਰੋਗਰਾਮ**




ਮਿਤੀ : 3 ਮਾਰਚ 2024, ਦਿਨ ਐਤਵਾਰ ।

ਸਮਾਂ : ਸਵੇਰੇ 10:00 ਵਜੇ ਤੋਂ ਬਾਅਦ ਦੁਪਹਿਰ 3:00 ਵਜੇ ਤੱਕ ।

ਸਥਾਨ : ਸੰਯੋਗ ਕਮਿਉਨਿਟੀ ਹਾਲ, ਲਧਾਣਾ ਉੱਚਾ ।

ਉਦਘਾਟਨ : ਸੰਤ ਬਾਬਾ ਗੁਰਬਚਨ ਸਿੰਘ ਜੀ ਪਠਲਾਵੇ ਵਾਲੇ

ਮੁੱਖ ਮਹਿਮਾਨ : **ਸ: ਇੰਦਰਬੀਰ ਸਿੰਘ** (ਆਈ.ਪੀ.ਐਸ.), ਡੀ.ਆਈ. ਜੀ. ਐਡਮਨਿਸ਼ਟ੍ਰੇਸ਼ਨ ਪੀ.ਏ.ਪੀ. ਜਲੰਧਰ।

ਵਿਸ਼ੇਸ਼ ਮਹਿਮਾਨ:
- ਪਦਮ ਸ਼੍ਰੀ ਮਾਤਾ ਪ੍ਰਕਾਸ਼ ਕੌਰ ਜੀ, ਮੁੱਖ ਸੰਚਾਲਿਕਾ ਭਾਈ ਘਨੱਈਆ ਜੀ ਚੈਰੀਟੇਬਲ ਟਰੱਸਟ, ਯੂਨੀਕ ਹੋਮ, ਜਲੰਧਰ ।
- ਸ: ਪਿਆਰਾ ਸਿੰਘ ਨੂਰਪੁਰੀ ਕਨੇਡਾ ।
- ਉਪਕਾਰ ਕੋਆਰਡੀਨੇਸ਼ਨ ਸੁਸਾਇਟੀ ਨਵਾਂਸ਼ਹਿਰ ।॥ ਬੀ.ਡੀ.ਸੀ. ਨਵਾਂਸ਼ਹਿਰ ।
- ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ, ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ।
- ਐਸ. ਅਸ਼ੋਕ ਭੌਰਾ ਜਨਰਾਲਿਸਟ (ਉਘੇ ਕਾਲਮ ਨਵੀਸ) ਯੂ.ਐਸ.ਏ. ।

ਸਨਮਾਨਿਤ ਸੰਸਥਾਵਾਂ ਅਤੇ ਸ਼ਖਸੀਅਤਾਂ :
ਭਾਈ ਘਨੱਈਆ ਜੀ ਸੇਵਕ ਦਲ ਜਾਡਲਾ (ਜੋੜਿਆਂ ਦੀ ਫਰੀ ਸੇਵਾ)
ਸ: ਸੁਰਜੀਤ ਸਿੰਘ (ਮੁੱਖ ਪ੍ਰਬੰਧਕ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ, ਨਵਾਂਸ਼ਹਿਰ
ਸ: ਅਮਰੀਕ ਸਿੰਘ (ਨਿਸ਼ਕਾਮ ਟਿਫਨ ਸੇਵਾ ਸੁਸਾਇਟੀ, ਗੁਰੂ ਕੀ ਰਸੋਈ ਨਵਾਂਸ਼ਹਿਰ

ਸਿਲਾਈ ਮਸ਼ੀਨਾਂ ਦੀ ਵੰਡ : ਆਰਥਿਕ ਪੱਖ ਤੋਂ ਕਮਜ਼ੋਰ ਲੜਕੀਆਂ/ਵਿਧਵਾਵਾਂ ਨੂੰ ਸਿਲਾਈ ਮਸ਼ੀਨਾਂ ਦਿੱਤੀਆਂ ਜਾਣਗੀਆਂ ।

ਵੀਹਲ ਚੇਅਰ/ਟ੍ਰਾਈ ਸਾਇਕਲ ਦੀ ਵੰਡ: ਸਰੀਰਕ ਤੌਰ ਤੇ ਅਪੰਗ ਵਿਅਕਤੀਆਂ ਨੂੰ ਪ੍ਰਦਾਨ ਕੀਤੇ ਜਾਣਗੇ।

ਵਿਸ਼ੇਸ਼ ਆਕਰਸ਼ਨ : ਪੰਜਾਬੀ ਗਾਇਕ ਸਮਾਜਿਕ ਪੱਖ ਨੂੰ ਉਭਾਰਨ ਵਾਲੇ, ਸੱਭਿਆਚਾਰ ਦੇ ਅਲੰਬਰਦਾਰ **ਪੰਮਾ ਡੂੰਮੇਵਾਲੀਆ** ਆਪਣਾ ਪ੍ਰੋਗਰਾਮ ਪੇਸ਼ ਕਰਨਗੇ ।

ਚਾਹ ਪਕੌੜਿਆਂ ਅਤੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ ਜੀ ।

**ਆਪ ਜੀ ਨੂੰ ਇਸ ਸਮਾਗਮ ਵਿੱਚ ਪਹੁੰਚਣ ਲਈ ਨਿੱਘਾ ਸੱਦਾ ਦਿੱਤਾ ਜਾਂਦਾ ਹੈ ।**

ਉਡੀਕਵਾਨ : ਸਮੂਹ ਆਹੁਦੇਦਾਰ ਅਤੇ ਮੈਂਬਰਾਨ ਏਕ ਨੂਰ ਸਵੈ-ਸੇਵੀ ਸੰਸਥਾ (ਰਜਿ:) ਪਠਲਾਵਾ, ਨਗਰ ਪੰਚਾਇਤ ਅਤੇ ਸਮੂਹ ਨਗਰ ਨਿਵਾਸੀ ਪਠਲਾਵਾ ।

ਜ਼ਿਲਾ ਸ਼ਹੀਦ ਭਗਤ ਸਿੰਘ ਨਗਰ ।
ਮੋਬਾ: 98153-48143, 98140-23547

ਆਵਾਜ਼ਿ ਕੌਮ AWAZE QAUM International Newspaper & WEB TV





# FSO CALLS SIKH PROTEST

## In support of the Farmers Protest and calling for the release of Amritpal Singh and the Sikh prisoners in Dibrugarh jail

## Sunday 25 February 2-4pm outside the Indian Consulate Birmingham



ਕੀਰਤਪੁਰ ਸਾਹਿਬ ਵਿਖੇ ਇਕ ਗਰੀਬ ਬ੍ਰਾਹਮਣ ਆਪਣਾ ਮਰਿਆ ਬੱਚਾ ਲੈ ਕੇ ਫਰਿਆਦੀ ਬਣ ਰੋਂਦਿਆਂ ਕੁਰਲਾਉਦਿਆਂ ਸਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਇ ਸਾਹਿਬ ਮਹਾਰਾਜ ਜੀ ਦੇ ਸਨਮੁੱਖ ਮ੍ਰਿਤਕ ਦੇਹ ਲੈ ਕੇ ਬਹੁਤ ਗਿਆ ਬੇਨਤੀ ਕਰਨ ਲੱਗਾ ਕਿ ਪਾਤਸ਼ਾਹ ਜੀ ਮੇਰੇ ਬੱਚੇ ਨੂੰ ਬਚਾ ਲਓ ਮੇਰੀ ਘਰਵਾਲੀ ਇਸ ਦਾ ਵਿਯੋਗ ਬਰਦਾਸ਼ਤ ਨਹੀਂ ਕਰ ਸਕਦੀ ਬਹੁਤ ਗਹਿਰੇ ਸਦਮੇ ਚ ਹੈ ।



ਸ਼ਮਸ਼ੇਰ ਸਿੰਘ ਜੇਠੂਵਾਲ

ਗੁਰੂ ਹਰਿਰਾਇ ਸਾਹਿਬ ਜੀ ਨੇ ਫੁਰਮਾਨ ਕੀਤਾ ਕਿ ਇਹ ਬੱਚਾ ਤਾਂ ਬਚ ਸਕਦਾ ਹੈ ਜੇਕਰ ਤੁਹਾਡੇ ਚੋਂ ਕੋਈ ਇਸਦੀ ਜਗ੍ਹਾ ਸਰੀਰ ਛੱਡ ਦੇਵੇ ਬ੍ਰਾਹਮਣਾਂ ਦੇ ਸਾਹ ਸੂਤੇ ਗਏ ਕਾਫੀ ਸਮਾਂ ਕੁਝ ਨਾ ਬੋਲੇ ਡੂੰਘੀ ਨਿਰਾਸ਼ਾ ਚ ਪਹੁੰਚ ਗਏ । ਸਤਿਗੁਰੂ ਦਰਬਾਰ ਅੰਦਰ ਦੀਨ ਦੁਖੀ ਦੇ ਚਿਹਰੇ ਤੇ ਨਿਰਾਸ਼ਾ ਗੁਰੂ ਪਾਤਸ਼ਾਹ ਜੀ ਦੇ ਸਿੱਖ ਕਿਵੇਂ ਵੇਖ ਸਕਦੇ ਸਨ, ਸੰਗਤ ਦੇ ਇਕੱਠ ਚੋਂ ਭਾਈ ਭਗਤੂ ਜੀ ਦੇ ਪੁੱਤਰ ਭਾਈ ਜੀਵਨ ਜੀ ਨੇ ਉੱਠ ਕੇ ਬੇਨਤੀ ਕੀਤੀ ਪਾਤਸ਼ਾਹ ਮੇਰੇ ਤੇ ਕਿਰਪਾ ਕਰੋ ਮੇਰੇ ਸਿਰ ਤੇ ਹੱਥ ਰੱਖੋ ਇਕ ਦਿਨ ਤਾਂ ਇਸ ਫਾਨੀ ਸੰਸਾਰ ਤੋਂ ਜਾਣਾਂ ਹੀ ਹੈ,ਪਰਉਪਕਾਰੀ ਸਤਿਗੁਰੂ ਜੀ ਤੋਂ ਆਸ਼ੀਰਵਾਦ ਲੈ ਕੇ ਭਾਈ ਜੀਵਨ ਜੀ ਅਕਾਲ ਚਲਾਣਾ ਕਰ ਗਏ ਅਤੇ ਉਸੇ ਵਕਤ ਬ੍ਰਾਹਮਣ ਦੇ ਬੱਚੇ ਦੇ ਸਵਾਸ ਚੱਲ ਪਏ ।ਪ੍ਰਿਸੀਪਲ ਸਤਬੀਰ ਸਿੰਘ ਜੀ ਨੇ ਸਤਵੇਂ ਪਾਤਸ਼ਾਹ ਜੀ ਦੀ ਜੀਵਨੀ ਵਿਚ ਇਸ ਘਟਨਾ ਨੂੰ ਪੁਰਾਤਨ ਇਤਿਹਾਸਿਕ ਹਵਾਲਿਆਂ ਸਮੇਤ ਦਰਜ ਕੀਤਾ ਹੈ ।ਇਸ ਘਟਨਾ ਦਾ ਕਾਰਨ ਈਰਖਾਲੂ ਬ੍ਰਾਹਮਣਾਂ ਵਲੋਂ ਗੁਰੂਘਰ ਦੀ ਸ਼ਕਤੀ ਪਰਖਣ ਦੇ ਨਾਮ ਹੇਠ ਦਰਜ ਕੀਤਾ ਹੈ।ਸਿੱਖੀ ਭੇਸ ਵਿਚ ਗੁਰੂ ਕੀਆਂ ਬਖਸ਼ਿਸ਼ਾਂ ਸਮਰੱਥਾ ਤੇ ਕਿੰਤੂ ਪ੍ਰਤੂ ਕਰਨ ਵਾਲੇ ਮੌਡਰਨ ਮਸੰਦ ਅਖੌਤੀ ਪ੍ਰਚਾਰਕ ਤੇ ਉਹਨਾਂ ਦੇ ਪਿਛਲੱਗ ਗੁਰ ਇਤਿਹਾਸ ਤੋਂ ਸੇਧ ਲੈਣ ।

## 26 ਫਰਵਰੀ ਨੂੰ ਪੂਰੇ ਦੇਸ਼ 'ਚ ਹੋਵੇਗਾ ਟਰੈਕਟਰ ਮਾਰਚ, 14 ਮਾਰਚ ਨੂੰ ਦਿੱਲੀ 'ਚ ਮਹਾਪੰਚਾਇਤ, SKM ਦਾ ਅਹਿਮ ਫੈਸਲਾ



**ਚੰਡੀਗੜ੍ਹ,22 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸੰਯੁਕਤ ਕਿਸਾਨ ਮੋਰਚਾ ਦੀ ਇਕ ਅਹਿਮ ਮੀਟਿੰਗ ਵੀਰਵਾਰ ਨੂੰ ਚੰਡੀਗੜ੍ਹ ਵਿਖੇ ਹੋਈ। ਜਿਸ ਵਿੱਚ ਦੇਸ਼ ਭਰ ਦੇ ਕਈ ਸੂਬਿਆਂ ਦੇ ਕਿਸਾਨ ਆਗੂਆਂ ਨੇ ਸ਼ਮੂਲੀਅਤ ਕੀਤੀ। 14 ਮਾਰਚ ਨੂੰ ਦਿੱਲੀ ਦੇ ਰਾਮਲੀਲਾ ਮੈਦਾਨ ਵਿੱਚ ਕਿਸਾਨ ਮਹਾਪੰਚਾਇਤ ਕਰਨਗੇ। 26 ਫਰਵਰੀ ਨੂੰ ਦੇਸ਼ ਭਰ ਦੇ ਕਿਸਾਨਾਂ ਨੇ ਟਰੈਕਟਰ ਮਾਰਚ ਕਰਨ ਦਾ ਫੈਸਲਾ ਕੀਤਾ ਹੈ। ਕਿਸਾਨ ਆਗੂ ਜੋਗਿੰਦਰ ਸਿੰਘ ਉਗਰਾਹਾਂ ਨੇ ਦੱਸਿਆ ਕਿ 23 ਫਰਵਰੀ ਨੂੰ ਦੇਸ਼ ਭਰ ਵਿੱਚ ਕਿਸਾਨ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ, ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਅਤੇ ਗ੍ਰਹਿ ਮੰਤਰੀ ਅਨਿਲ ਵਿੱਜ ਦੇ ਪੁਤਲੇ ਫੂਕਣਗੇ। ਕਿਸਾਨ ਆਗੂਆਂ ਨੇ ਖਨੌਰੀ ਸਰਹੱਦ 'ਤੇ ਆਪਣੀ ਜਾਨ ਗੁਆਉਣ ਵਾਲੇ ਨੌਜਵਾਨ ਕਿਸਾਨ ਸ਼ੁਭਕਰਨ ਸਿੰਘ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਸ਼ਰਧਾਂਜਲੀ ਭੇਟ ਕੀਤੀ। ਕਿਸਾਨ ਆਗੂਆਂ ਨੇ ਕਿਹਾ ਕਿ ਕਿਸਾਨ ਜਥੇਬੰਦੀਆਂ ਦੇਸ਼ ਭਰ ਵਿੱਚ ਰੋਹ ਅਤੇ ਕਾਲੇ ਦਿਵਸ ਦੇ ਰੂਪ ਵਿੱਚ ਰੋਸ ਪ੍ਰਦਰਸ਼ਨ ਕਰਨਗੀਆਂ। ਕਿਸਾਨ ਆਗੂ ਬਲਬੀਰ ਸਿੰਘ ਰਾਜੇਵਾਲ ਨੇ ਕਿਹਾ ਕਿ ਹਰਿਆਣਾ ਪੁਲਿਸ ਨੇ ਪੰਜਾਬ ਸਰਹੱਦ 'ਤੇ ਕਾਰਵਾਈ ਕੀਤੀ ਹੈ। ਉਨ੍ਹਾਂ ਹਰਿਆਣਾ ਪੁਲਿਸ ਖ਼ਿਲਾਫ਼ ਧਾਰਾ 302 ਤਹਿਤ ਕੇਸ ਦਰਜ ਕਰਨ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਨਿਆਂਇਕ ਜਾਂਚ ਹੋਣੀ ਚਾਹੀਦੀ ਹੈ। ਉਨ੍ਹਾਂ ਹਰਿਆਣਾ ਦੇ ਮੁੱਖ ਮੰਤਰੀ ਅਤੇ ਗ੍ਰਹਿ ਮੰਤਰੀ ਖ਼ਿਲਾਫ਼ ਕੇਸ ਦਰਜ ਕਰਨ ਦੀ ਮੰਗ ਵੀ ਕੀਤੀ। ਸੰਯੁਕਤ ਕਿਸਾਨ ਮੋਰਚਾ ਨੇ ਪੀੜਤ ਪਰਿਵਾਰ ਨੂੰ 1 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਦੇਣ ਦੀ ਵੀ ਮੰਗ ਕੀਤੀ ਹੈ। 14 ਮਾਰਚ ਨੂੰ ਦੇਸ਼ ਭਰ ਦੇ ਕਿਸਾਨ ਦਿੱਲੀ ਦੇ ਰਾਮਲੀਲਾ ਮੈਦਾਨ ਵਿੱਚ ਕਿਸਾਨ ਮਹਾਪੰਚਾਇਤ ਕਰਨਗੇ। ਮੀਟਿੰਗ ਵਿੱਚ ਇਹ ਫੈਸਲਾ ਲਿਆ ਗਿਆ ਹੈ। ਅਤੇ 26 ਫਰਵਰੀ ਨੂੰ ਕਿਸਾਨਾਂ ਨੇ ਟਰੈਕਟਰ ਮਾਰਚ ਕਰਨ ਦਾ ਐਲਾਨ ਕੀਤਾ ਹੈ। ਕਿਸਾਨ ਆਗੂ ਰਾਕੇਸ਼ ਟਿਕੈਤ ਨੇ ਦੱਸਿਆ ਕਿ 26 ਫਰਵਰੀ ਨੂੰ ਕਿਸਾਨ ਦੇਸ਼ ਭਰ ਦੇ ਰਾਜ ਮਾਰਗਾਂ 'ਤੇ ਟਰੈਕਟਰ ਮਾਰਚ ਕਰਨਗੇ। ਇੱਕ ਪਾਸੇ ਵਾਲੀ ਸੜਕ ਖੁੱਲ੍ਹੀ ਰਹੇਗੀ। ਇਸੇ ਦਿਨ ਸ਼ਾਮ ਨੂੰ ਵਿਸ਼ਵ ਵਪਾਰ ਸੰਗਠਨ (ਡਬਲਯੂ.ਟੀ.ਓ.) ਦਾ ਪੁਤਲਾ ਵੀ ਫੂਕਿਆ ਜਾਵੇਗਾ। ਸੰਯੁਕਤ ਕਿਸਾਨ ਮੋਰਚਾ ਨੇ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ, ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਅਤੇ ਗ੍ਰਹਿ ਮੰਤਰੀ ਅਨਿਲ ਵਿੱਜ ਦੇ ਅਸਤੀਫ਼ੇ ਦੀ ਵੀ ਮੰਗ ਕੀਤੀ ਹੈ। ਕਿਸਾਨਾਂ ਨੇ ਵਿਸ਼ਵ ਵਪਾਰ ਸੰਸਥਾ ਤੋਂ ਖੇਤੀ ਨੂੰ ਵੱਖ ਕਰਨ ਦੀ ਮੰਗ ਕੀਤੀ ਹੈ।




# ਕਿਸਾਨਾਂ ’ਤੇ ਪੈਲੇਟ ਗੰਨ ਨਾਲ ਹਮਲਾ, ਹਰਿਆਣਾ ਪੁਲਿਸ ਦਾ ਝੂਠ ਬੇਨਕਾਬ !

**ਚੰਡੀਗੜ੍ਹ,22 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਫ਼ਸਲਾਂ ਉੱਤੇ ਘੱਟੋ ਘੱਟ ਸਮਰਥਣ ਮੁੱਲ (MSP) ਦੀ ਗਾਰੰਟੀ ਨੂੰ ਲੈ ਕੇ ਪੰਜਾਬ ਤੇ ਹਰਿਆਣਾ ਦੇ ਕਿਸਾਨ 13 ਫਰਵਰੀ ਤੋਂ ਅੰਦੋਲਨ ਕਰ ਰਹੇ ਹਨ। ਕਿਸਾਨਾਂ ਵੱਲੋਂ ਦਿੱਲੀ ਕੂਚ ਦਾ ਪ੍ਰੋਗਰਾਮ ਉਲੀਕਿਆ ਗਿਆ ਸੀ ਪਰ ਹਰਿਆਣਾ ਸਰਕਾਰ ਨੇ ਉਨ੍ਹਾਂ ਨੂੰ ਪੰਜਾਬ-ਹਰਿਆਣਾ ਸਰਹੱਦ ਉੱਤੇ ਹੀ ਰੋਕ ਲਿਆ। ਹਰਿਆਣਾ ਪੁਲਿਸ ਨੇ ਸਮਿੰਟ ਦੇ ਬੈਕੀਕੇਡ, ਕੰਡਿਆਲੀ ਤਾਰ ਲਾਉਣ ਤੋਂ ਇਲਾਵਾ ਕਿਸਾਨਾਂ ਉੱਤੇ ਡਰੋਨ ਨਾਲ ਵੀ ਪੰਜਾਬ ਦੀ ਹਦੂਦ ਅੰਦਰ ਆ ਕੇ ਹਮਲੇ ਕੀਤੇ। ਕਿਸਾਨਾਂ ਤੇ ਹੋਏ ਤਸ਼ੱਦਦ ਤੋਂ ਬਾਅਦ ਵੀ ਹਜ਼ਾਰਾਂ ਕਿਸਾਨ ਸ਼ੰਭੂ ਤੇ ਖਨੌਰੀ ਬਾਰਡਰਾਂ ਉੱਤੇ ਡਟੇ ਹੋਏ ਹਨ। 21 ਫਰਵਰੀ ਨੂੰ ਪੁਲਿਸ ਦੀ ਫਾਇਰਿੰਗ ਕਾਰਨ ਇੱਕ ਨੌਜਵਾਨ ਕਿਸਾਨ ਸ਼ੁਭਕਰਨ ਸਿੰਘ ਦੀ ਮੌਤ ਹੋ ਗਈ। ਕਿਸਾਨਾਂ ਨੂੰ ਰੋਕਣ ਲਈ ਹਰਿਆਣਾ ਪੁਲਿਸ ਵੱਲੋਂ ਪਾਣੀ ਦੀ ਬੁਛਾੜਾ ਸਮੇਤ, ਅੱਥਰੂ ਗੈਸ ਦੇ ਗੋਲੇ ਵੀ ਛੱਡੇ ਗਏ ਹਨ ਪਰ ਕਿਸਾਨਾਂ ਦਾ ਕਹਿਣਾ ਹੈ ਕਿ ਉਨ੍ਹਾਂ ਉੱਤੇ ਪੈਲੇਟ ਗੰਨ ਨਾਲ ਵੀ ਹਮਲਾ ਕੀਤਾ ਗਿਆ ਜਿਸ ਤੋਂ ਹਾਲੇ ਤੱਕ ਹਰਿਆਣਾ ਪੁਲਿਸ ਇਨਕਾਰ ਕਰ ਰਹੀ ਹੈ। ਅੰਦੋਲਨ ਵਿੱਚ ਜ਼ਖ਼ਮੀ ਕਿਸਾਨਾਂ ਦਾ ਇਲਾਜ ਕਰ ਰਹੇ ਖ਼ਾਲਸਾ ਏਡ ਵੱਲੋਂ ਦਾਅਵਾ ਕੀਤਾ ਗਿਆ ਹੈ ਕਿਸਾਨਾਂ ਉੱਤੇ ਪੈਲੇਟ ਗੰਨ ਨਾਲ ਹਮਲਾ ਕੀਤਾ ਗਿਆ ਹੈ। ਹਾਲਾਂਕਿ ਹਰਿਆਣਾ ਦੇ ਡੀਜੀਪੀ ਵੱਲੋਂ ਇਸ ਤੋਂ ਸਾਫ਼ ਇਨਕਾਰ ਕੀਤਾ ਗਿਆ ਹੈ। ਪੰਜਾਬ ਦੇ ਸਿਹਤ ਮੰਤਰੀ ਡਾ ਬਲਬੀਰ ਸਿੰਘ ਪਟਿਆਲਾ ਦੇ ਰਾਜਿੰਦਰਾ ਹਸਪਤਾਲ ਵਿੱਚ ਜ਼ਖ਼ਮੀ ਕਿਸਾਨਾਂ ਨੂੰ 16 ਫ਼ਰਵਰੀ ਨੂੰ ਮਿਲੇ ਸੀ। ਇਸ ਮੌਕੇ ਉਨ੍ਹਾਂ ਕਿਹਾ ਸੀ ਕਿ ਤਿੰਨ ਕਿਸਾਨਾਂ ਦਾ ਅੱਖਾਂ ਦੀ ਰੌਸ਼ਨੀ ਚਲੀ ਗਈ ਹੈ। ਉਨ੍ਹਾਂ ਕਿਹਾ ਸੀ ਕਿ ਹਰਿਆਣਾ ਪੁਲਿਸ ਨੇ ਵਾਟਰ ਕੈਨਨ, ਅੱਥਰੂ ਗੈਸ ਦੇ ਗੋਲਿਆਂ ਤੋਂ ਇਲਾਵਾ ਪੈਲੇਟ ਗੰਨ ਦਾ ਵੀ ਵਰਤੋਂ ਕੀਤੀ ਹੈ। ਸਿਹਤ ਮੰਤਰੀ ਨੇ ਖ਼ੁਦ 10 ਤੋਂ ਜ਼ਿਆਦਾ ਕਿਸਾਨਾਂ ਦੇ ਪੈਲੇਟ ਗੰਨ ਨਾਲ ਜ਼ਖ਼ਮੀ ਹੋਣ ਦੀ ਪੁਸ਼ਟੀ ਕੀਤੀ ਹੈ। ਇਸ ਮੌਕੇ ਕਿਸਾਨਾਂ ਦਾ ਇਲਾਜ ਕਰ ਰਹੇ ਨੌਜਵਾਨ ਨੇ ਦੱਸਿਆ ਕਿ 14 ਫਰਵਰੀ ਨੂੰ ਉਨ੍ਹਾਂ ਕੋਲ 30 ਤੋਂ ਜ਼ਿਆਦਾ ਕਿਸਾਨ ਆਏ ਜੋ ਕਿ ਪੈਲੇਟ ਗੰਨ ਨਾਲ ਜ਼ਖ਼ਮੀ ਹੋਏ ਸਨ। ਉਨ੍ਹਾਂ ਦੱਸਿਆ ਕਿ ਪੈਲੇਟ ਲੱਗਣ ਦਾ ਮਤਲਬ ਹੈ ਕਿ ਸ਼ਰੀਰ ਵਿੱਚ ਲੋਹੇ ਦੀਆਂ ਛੋਟੀਆਂ-ਛੋਟੀਆਂ ਗੋਲੀਆਂ ਦਾ ਧਸ ਜਾਣਾ, ਕੁਝ ਗੋਲੀਆਂ ਤਾਂ ਡਾਕਟਰਾਂ ਵੱਲੋਂ ਕੱਢ ਦਿੱਤੀਆਂ ਜਾਂਦੀਆਂ ਹਨ ਤੇ ਜੋ ਵਿੱਚ ਹੀ ਰਹਿ ਜਾਂਦੀਆਂ ਤਾਂ ਉਸ ਨਾਲ ਕੈਂਸਰ ਵਰਗੀ ਬਿਮਾਰੀ ਹੋਣ ਦਾ ਖ਼ਤਰਾ ਵਧ ਜਾਂਦਾ ਹੈ। ਜਦੋਂ ਪੈਲੇਟ ਗੰਨ ਦੀ ਵਰਤੋਂ ਬਾਰੇ ਹਰਿਆਣਾ ਦੀ ADGP ਮਮਤਾ ਸਿੰਘ ਨਾਲ ਰਾਬਤਾ ਕੀਤਾ ਗਿਆ ਤਾਂ ਉਨ੍ਹਾਂ ਕਿਹਾ ਕਿ ਅੱਥਰੂ ਗੈਸ ਦੇ ਇਲਾਵਾ ਉਨ੍ਹਾਂ ਨੇ ਇੱਕ ਜਾਂ ਦੋ ਵਾਰ ਰਬੜ ਦੀਆਂ ਗੋਲ਼ੀਆਂ ਦੀ ਵਰਤੋਂ ਕੀਤੀ ਹੈ ਪਰ ਉਨ੍ਹਾਂ ਵੱਲੋਂ ਪੈਨੇਟ ਗੰਨ ਨਹੀਂ ਚਲਾਈ ਗਈ। ਪੈਲੇਟ ਗਨ ਦੀ ਵਰਤੋਂ ਨਾਲ ਕਸ਼ਮੀਰ ਵਿੱਚ ਵੱਡੀ ਗਿਣਤੀ ਵਿੱਚ ਵਿਅਕਤੀਆਂ ਦੀ ਅੱਖਾਂ ਦੀ ਰੌਸ਼ਨੀ ਚਲੀ ਗਈ ਸੀ ਜਿਸ ਤੋਂ ਬਾਅਦ ਇਸ ਦੀ ਵਰਤੋਂ ਨੂੰ ਲੈ ਕੇ ਨੈਸ਼ਲਨ ਹਿਊਮਨ ਰਾਈਟਸ ਕਮਿਸ਼ਨ ਨੇ ਚਿੰਤਾ ਜ਼ਾਹਰ ਕੀਤੀ ਸੀ।




ਘੜੀਐ ਸਬਦੁ ਸਚੀ ਟਕਸਾਲ ॥

**ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥**

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਅਵਤਾਰ ਪੁਰਬ







ਅਵਤਾਰ ਪੁਰਬ ਧੰਨ ਸ਼੍ਰੀ ਗੁਰੂ ਹਰਿ ਰਾਇ ਸਾਹਿਬ ਜੀ ਅਤੇ ਜਨਮ ਦਿਹਾੜਾ ਸ਼੍ਰੋਮਣੀ ਭਗਤ ਸ਼੍ਰੀ ਰਵਿਦਾਸ ਸਾਹਿਬ ਜੀ ਅਤੇ ਸ਼ਹੀਦੀ ਸਾਕਾ ਸ੍ਰੀ ਨਨਕਾਣਾ ਸਾਹਿਬ ਗੰਗਸਰ ਜੈਤੋ ਅਤੇ ( ਤੀਜੀ ਸਲਾਨਾ ਬਰਸੀ ਕੌਮੀਂ ਯੋਧਾਂ ਭਾਈ ਸੰਦੀਪ ਸਿੰਘ ਉਰਫ਼ ਦੀਪ ਸਿੱਧੂ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

ਚੁਪਹਿਰੇ ਦੇ ਪਾਠਾਂ ਦੀ ਅਰੰਭਤਾ ਹਰ ਐਤਵਾਰ 6:30 ਤੋਂ 9:30 ਵਜੇ ਤੱਕ ਭੋਗ ਪੈਣਗੇ।

ਸ਼੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ 23 ਫਰਵਰੀ ਸ਼ੁਕਰਵਾਰ 10:30 ਹੋਵੇਗੀ ਅਤੇ 25 ਫਰਵਰੀ ਐਤਵਾਰ 10:30 ਵਜੇ ਭੋਗ ਪੈਣਗੇ।

ਸਨੀਵਾਰ 24 ਫਰਵਰੀ ਸ਼ਾਮਾਂ 5 ਵਜੇ ਤੋਂ 8 ਵਜੇ ਤੱਕ ਦੀਵਾਨ ਸੱਜਣਗੇ। ਐਤਵਾਰ 25 ਫਰਵਰੀ 2024 ਸਾਢੇ 10:30 ਵਜੇ ਤੋਂ 12:30 ਦੀਵਾਨ ਸੱਜਣਗੇ।

ਕਥਾ ਵਾਚਕ ਭਾਈ ਬਲਵਿੰਦਰ ਸਿੰਘ ਸੰਧਾ ਯੂ ਕੇ ਵਾਲੇ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਇਹ ਸਾਰੀ ਸੇਵਾ ਭਾਈ ਬਲਜਿੰਦਰ ਸਿੰਘ ਭੋਗਪੁਰ ਨਾਲ ਦੇ ਨੌਜਵਾਨ ਸਾਥੀਆਂ ਵੱਲੋਂ ਲਈ ਗਈ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ ਕਿ ਆਪਣਾ ਕੀਮਤੀ ਸਮਾਂ ਕੱਢਕੇ ਸ਼ਹੀਦੀ ਅਸਥਾਨ ਤੇ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

### ਖਨੌਰੀ ਬਾਰਡਰ 'ਤੇ ਵਾਪਰੀ ਘਟਨਾ ਲਈ ਹਰਿਆਣਾ ਤੇ ਕੇਂਦਰ ਸਰਕਾਰ ਜ਼ਿੰਮੇਵਾਰ

# ਪੰਜਾਬ ਸਰਕਾਰ ਜ਼ਿੰਮੇਵਾਰ ਹਰਿਆਣਾ ਪੁਲਿਸ ਤੇ ਪਰਚਾ ਦਰਜ ਕਰੇ : ਜਥੇਦਾਰ ਕਰਨੈਲ ਸਿੰਘ ਪੀਰਮੁਹੰਮਦ



ਮੱਖੂ 22 ਫ਼ਰਵਰੀ-ਹਰਿਆਣਾ ਪੁਲਿਸ ਦੀ ਗੋਲੀ ਦਾ ਸ਼ਿਕਾਰ ਹੋਏ ਸ਼ੁਭਕਰਨ ਸਿੰਘ ਦੇ ਪਰਿਵਾਰ ਨੂੰ ਭਗਵੰਤ ਮਾਨ ਵੱਲੋਂ ਨੌਕਰੀ ਦੀ ਪੇਸ਼ਕਸ਼ ਅਤੇ ਵਿੱਤੀ ਮਦਦ ਬਾਰੇ ਦਿੱਤੇ ਗਏ ਬਿਆਨ ਦਾ ਪੰਜਾਬ ਵਿੱਚ ਕੋਈ ਭਰੋਸਾ ਨਹੀਂ ਕਰ ਰਿਹਾ। ਸ਼੍ਰੋਮਣੀ ਅਕਾਲੀ ਦਲ ਮੰਗ ਕਰਦਾ ਹੈ ਕਿ ਇਸ ਬਾਰੇ ਫੈਸਲਾ

ਆਵਾਜ਼ਿ ਕੌਮ AWAZE QAUM International Newspaper & WEB TV

ਕੈਬਨਿਟ ਮੀਟਿੰਗ ਵਿੱਚ ਲਿਆ ਜਾਵੇ ਅਤੇ ਇਸ ਤੋਂ ਇਲਾਵਾ ਵੀ ਸਰਕਾਰ ਨੂੰ ਪੁਲਿਸ ਤਸ਼ੱਦਦ ਤੋਂ ਪ੍ਰਭਾਵਿਤ ਸਾਰੇ ਕਿਸਾਨਾਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕਰਨੀ ਚਾਹੀਦੀ ਹੈ। ਪੰਜਾਬ ਦੀ ਧਰਤੀ 'ਤੇ ਪੰਜਾਬ ਦੇ ਕਿਸਾਨਾਂ 'ਤੇ ਤਸ਼ੱਦਦ ਢਾਹੁਣ ਲਈ ਹਰਿਆਣਾ ਪੁਲਿਸ ਨੂੰ ਖੁੱਲ੍ਹ ਦੇਣ ਲਈ ਭਗਵੰਤ ਮਾਨ ਨੂੰ ਨੈਤਿਕ ਅਤੇ ਕਾਨੂੰਨੀ ਤੌਰ 'ਤੇ ਜ਼ਿੰਮੇਵਾਰੀ ਸਵੀਕਾਰ ਲੈਣੀ ਚਾਹੀਦੀ ਹੈ।

ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਅਤੇ ਬੁਲਾਰੇ ਸ੍ ਕਰਨੈਲ ਸਿੰਘ ਪੀਰਮੁਹੰਮਦ ਨੇ ਖਨੌਰੀ ਕੋਲ ਕਿਸਾਨਾਂ ਉੱਤੇ ਪੁਲਿਸ ਦੁਆਰਾ ਚਲਾਈਆਂ ਗਈਆਂ ਸਿੱਧੀਆਂ ਗੋਲੀਆਂ ਕਾਰਨ ਇਕ ਪੰਜਾਬੀ ਸੁਭਕਰਨ ਸਿੰਘ ਨੌਜਵਾਨ ਦੀ ਮੌਤ ਹੋਣ ਅਤੇ ਕਈਆਂ ਦੇ ਗੰਭੀਰ ਜ਼ਖ਼ਮੀ ਹੋਣ ਦੀ ਘਟਨਾ ਨੂੰ ਬੇਹੱਦ ਦੁੱਖਦਾਈ ਕਰਾਰ ਦਿੱਤਾ ਹੈ।ਉਨ੍ਹਾਂ ਆਖਿਆ ਕਿ ਇਹ ਕਿਸਾਨ ਦੇਸ਼ ਦਾ ਢਿੱਡ ਭਰਨ ਵਾਲੇ ਅੰਨਦਾਤਾ ਹਨ, ਨਾ ਕਿ ਕਿਸੇ ਦੁਸ਼ਮਣ ਦੇਸ਼ ਦੇ ਘੁਸਪੈਠੀਏ, ਜਿਨ੍ਹਾਂ ਵੱਲ ਸਰਕਾਰ ਸਿੱਧੀਆਂ ਗੋਲੀਆਂ ਚਲਾ ਕੇ ਉਨ੍ਹਾਂ ਦੀਆਂ ਛਾਤੀਆਂ ਅਤੇ ਸਿਰ ਵਿੰਨ੍ਹ ਰਹੀ ਹੈ। ਉਨ੍ਹਾਂ ਨੂੰ ਆਪਣੇ ਜਮਹੂਰੀ ਅਧਿਕਾਰ ਤਹਿਤ ਦਿੱਲੀ ਜਾ ਕੇ ਪ੍ਰਦਰਸ਼ਨ ਕਰਨ ਤੋਂ ਰੋਕਣ ਵਾਸਤੇ ਸਰਕਾਰ ਵਲੋਂ ਵਰਤੇ ਹਥਕੰਡੇ ਕਿਸੇ ਵੀ ਤਰ੍ਹਾਂ ਜੱਲ੍ਹਿਆਂਵਾਲੇ ਬਾਗ 'ਚ ਅੰਗਰੇਜ਼ ਹਕੂਮਤ ਵਲੋਂ ਭਾਰਤੀਆਂ ਨਾਲ ਕੀਤੇ ਜ਼ੁਲਮ ਤੋਂ ਘੱਟ ਨਹੀਂ ਹਨ।

ਕਰਨੈਲ ਸਿੰਘ ਪੀਰਮੁਹੰਮਦ ਨੇ ਕਿਹਾ ਕਿ ਪੰਜਾਬ ਦੇ ਕਿਸਾਨ ਕੇਂਦਰ ਸਰਕਾਰ ਕੋਲੋਂ ਆਪਣੀਆਂ ਜਿਣਸਾਂ ਦੇ ਘੱਟੋ-ਘੱਟ ਸਮਰਥਨ ਮੁੱਲ ਸਮੇਤ ਹੋਰ ਹੱਕ ਮੰਗ ਕਰ ਰਹੇ ਹਨ ਪਰ ਸਰਕਾਰ ਆਪਣੇ ਕੰਨ੍ਹ ਤੇ ਅੱਖਾਂ ਬੰਦ ਕਰੀ ਬੈਠੀ ਹੈ। ਜਿਸ ਤੋਂ ਸਪੱਸ਼ਟ ਹੋ ਰਿਹਾ ਹੈ ਕਿ ਕੇਂਦਰ ਸਰਕਾਰ ਕਿਸਾਨਾਂ ਦੇ ਮਸਲੇ ਹੱਲ ਨਹੀਂ ਕਰਨਾ ਚਾਹੁੰਦੀ। ਉਸ ਦੀ ਨੀਅਤ ਖਰਾਬ ਹੈ। ਜੇਕਰ ਸਰਕਾਰ ਸੰਜੀਦਾ ਹੁੰਦੀ ਤਾਂ ਮਸਲੇ ਦੇ ਹੱਲ ਲਈ ਗੱਲਬਾਤ ਹੁੰਦੀ, ਗੋਲੀਬਾਰੀ ਨਾ ਕੀਤੀ ਜਾਂਦੀ। ਕਿਸੇ ਵੀ ਮਸਲੇ ਦੇ ਹੱਲ ਲਈ ਪਹਿਲਾਂ ਸਾਜਗਾਰ ਮਾਹੌਲ ਬਣਾਇਆ ਜਾਂਦਾ ਹੈ।ਮਾਹੌਲ ਤਦ ਬਣ ਸਕਦਾ ਜੇਕਰ ਪੰਜਾਬ-ਹਰਿਆਣਾ ਦੀ ਹੱਦ ਤੋਂ ਬੈਰੀਕੇਡ ਹਟਾਏ ਜਾਂਦੇ। ਕਿਸਾਨਾਂ ਵੱਲ ਨੂੰ ਮੂੰਹ ਕਰਕੇ ਸ਼ਾਰਪ ਸ਼ੂਟਰ ਨਾ ਤਾਇਨਾਤ ਕੀਤੇ ਜਾਂਦੇ। ਕਿਸਾਨਾਂ 'ਤੇ ਡਾਂਗਾਂ, ਗੋਲੀਆਂ, ਅੱਥਰੂ ਗੈਸ ਦੇ ਗੋਲੇ ਤੇ ਪਾਣੀ ਦੀਆਂ ਤੋਪਾਂ ਨਾ ਛੱਡੀਆਂ ਜਾਂਦੀਆਂ। ਉਨ੍ਹਾਂ ਅੱਗੇ ਆਖਿਆ ਕਿ ਸਾਡੇ ਦੇਸ਼ ਦੇ ਲੋਕਾਂ ਦਾ ਨਾਅਰਾ ਰਿਹਾ ਹੈ, 'ਜੈ ਜਵਾਨ, ਜੈ ਕਿਸਾਨ', ਕਿਉਂਕਿ ਜਵਾਨ ਦੇਸ਼ ਦੀਆਂ ਸਰਹੱਦਾਂ 'ਤੇ ਰਾਖ਼ੀ ਕਰਦਾ ਹੈ ਅਤੇ ਕਿਸਾਨ ਖੇਤਾਂ ਵਿਚ ਅੰਨ ਉਗਾ ਕੇ ਦੇਸ਼ ਦਾ ਢਿੱਡ ਭਰਦਾ ਹੈ। ਪਰ ਕਿੰਨੇ ਦੁੱਖ ਦੀ ਗੱਲ ਹੈ ਕਿ ਅੱਜ ਸਾਡਾ ਜਵਾਨ ਸਰਹੱਦਾਂ 'ਤੇ ਰਾਖ਼ੀ ਕਰਦਾ ਹੋਇਆ ਦੁਸ਼ਮਣ ਦੀਆਂ ਗੋਲੀਆਂ ਖਾ ਰਿਹਾ ਹੈ ਅਤੇ ਕਿਸਾਨ ਨੂੰ ਆਪਣੀ ਹੀ ਸਰਕਾਰ ਹੱਕ ਮੰਗਣ 'ਤੇ ਆਪਣੇ ਦੇਸ਼ ਦੀ ਪੁਲਿਸ ਤੋਂ ਗੋਲੀਆਂ ਮਰਵਾ ਰਹੀ ਹੈ, ਜੋ ਇਕ ਲੋਕਤੰਤਰੀ ਦੇਸ਼ ਲਈ ਬੇਹੱਦ ਮੰਦਭਾਗਾ ਵਰਤਾਰਾ ਹੈ। ਅਜਿਹਾ ਗੈਰ-ਜਮਹੂਰੀ ਵਤੀਰਾ ਦੇਸ਼ ਦੇ ਭਵਿੱਖ ਲਈ ਚੰਗਾ ਨਹੀਂ ਹੈ।

### ਡੀਸੀ ਅੰਮ੍ਰਿਤਸਰ ਵੱਲੋਂ ਮਾਤਾ ਜੀ ਨਾਲ ਬਦਸਲੂਕੀ ਕੀਤੀ ਗਈ

# ਮੋਰਚਾ ਨਾ ਲੱਗਣ ਦੇਣ ਲਈ ਧਮਕਾਇਆ ਗਿਆ



ਸੰਗਤ ਵੱਲੋਂ ਬੰਦੀ ਸਿੰਘਾ ਲਈ ਸ੍ਰੀ ਅਕਾਲ ਤਖਤ ਸਾਹਿਬ ਅਰਦਾਸ ਬੇਨਤੀ ਕੀਤੀ ਗਈ। ਡੀਸੀ ਅੰਮ੍ਰਿਤਸਰ ਵੱਲੋਂ ਮਾਤਾ ਜੀ ਨਾਲ ਬਦਸਲੂਕੀ ਕੀਤੀ ਗਈ ਅਤੇ ਮੋਰਚਾ ਨਾ ਲੱਗਣ ਦੇਣ ਲਈ ਧਮਕਾਇਆ ਗਿਆ। ਜਿਸ ਉਪਰੰਤ ਸੰਗਤ ਵੱਲੋਂ ਸ੍ਰੀ ਦਰਬਾਰ ਸਾਹਿਬ ਦੇ ਬਾਹਰ ਮੋਰਚਾ ਲਾ ਦਿੱਤਾ ਗਿਆ ਹੈ। ਸਰਦਾਰ ਸਿਮਰਨਜੀਤ ਸਿੰਘ ਮਾਨ ਮੋਰਚੇ 'ਚ ਪਹੁੰਚ ਚੁੱਕੇ ਹਨ। ਹੋਰ ਪੰਥਕ ਸਖਸ਼ੀਅਤਾਂ ਵੀ ਪਹੁੰਚ ਰਹੀਆਂ ਹਨ। ਦਰਬਾਰ ਸਾਹਿਬ ਪਹੁੰਚ ਰਹੀਆਂ ਸੰਗਤਾਂ ਮਾਤਾ ਜੀ ਦੇ ਨਾਲ ਬੈਠਣ ਅਤੇ ਮੋਰਚੇ ਦਾ ਸਾਥ ਦੇਣ। (ਫੋਟੋ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

ਆਵਾਜ਼ਿ ਕੌਮ AWAZE QAUM International Newspaper & WEB TV

# ਭਾਈ ਅੰਮ੍ਰਿਤਪਾਲ ਸਿੰਘ ਤੇ ਸਾਥੀਆਂ ਨੂੰ ਡਿਬਰੂਗੜ੍ਹ ਜੇਲ੍ਹ ਤੋਂ ਪੰਜਾਬ ਲਿਆਂਦਾ ਜਾਏ : ਭਾਈ ਰਣਜੀਤ ਸਿੰਘ ਦਮਦਮੀ ਟਕਸਾਲ

## ਭੁੱਖ ਹੜਤਾਲ 'ਤੇ ਬੈਠੇ ਸਿੰਘਾਂ ਦੇ ਨੁਕਸਾਨ ਦੀ ਸੂਬਾ ਤੇ ਕੇਂਦਰ ਸਰਕਾਰ ਜ਼ਿੰਮੇਵਾਰ ਹੋਵੇਗੀ : ਫ਼ੈਡਰੇਸ਼ਨ ਭਿੰਡਰਾਂਵਾਲਾ







**ਅੰਮ੍ਰਿਤਸਰ, 22 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਵਾਰਿਸ ਪੰਜਾਬ ਦੇ ਮੁਖੀ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਤੇ ਸਾਥੀਆਂ ਨੇ ਅਸਾਮ ਦੀ ਡਿਬਰੂਗੜ੍ਹ ਜੇਲ੍ਹ 'ਚ ਪਿਛਲੇ ਕੁਝ ਦਿਨਾਂ ਤੋਂ ਭੁੱਖ ਹੜਤਾਲ ਅਰੰਭੀ ਹੋਈ ਹੈ ਤੇ ਅੱਜ ਸ੍ਰੀ ਦਰਬਾਰ ਸਾਹਿਬ ਵਿਖੇ ਪੰਥਕ ਜਥੇਬੰਦੀਆਂ ਨਾਲ ਮੀਟਿੰਗ ਕਰਨ ਤੋਂ ਬਾਅਦ ਵਿਰਾਸਤੀ ਮਾਰਗ 'ਚ ਸਾਰਾਗੜ੍ਹੀ ਸਰਾਂ ਦੇ ਸਾਹਮਣੇ ਭਾਈ ਅੰਮ੍ਰਿਤਪਾਲ ਸਿੰਘ ਤੇ ਸਾਥੀਆਂ ਦੇ ਪਰਿਵਾਰਾਂ ਨੇ ਵੀ ਧਰਨਾ ਲਾ ਕੇ ਭੁੱਖ ਹੜਤਾਲ ਸ਼ੁਰੂ ਕਰ ਦਿੱਤੀ ਹੈ ਜਿੱਥੇ ਸ਼੍ਰੋਮਣੀ ਅਕਾਲੀ ਦਲ ਦੇ ਅੰਮ੍ਰਿਤਸਰ ਪ੍ਰਧਾਨ ਅਤੇ ਐੱਮ.ਪੀ. ਸਰਦਾਰ ਸਿਮਰਨਜੀਤ ਸਿੰਘ ਮਾਨ, ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਸਾਬਕਾ ਪ੍ਰਧਾਨ ਜਥੇਦਾਰ ਬਲਵੰਤ ਸਿੰਘ ਗੋਪਾਲਾ, ਬਾਬਾ ਲਹਿਣਾ ਸਿੰਘ ਦਮਦਮੀ ਟਕਸਾਲ, ਭਾਈ ਅੰਗਦ ਸਿੰਘ ਖ਼ਾਲਸਾ ਅਤੇ ਭਾਈ ਗਗਨਦੀਪ ਸਿੰਘ ਸੁਲਤਾਨਵਿੰਡ ਨੇ ਵੀ ਪਹੁੰਚ ਕੇ ਨਜ਼ਰਬੰਦ ਸਿੰਘਾਂ ਦੇ ਹੱਕ 'ਚ ਅਵਾਜ਼ ਬੁਲੰਦ ਕੀਤੀ। ਇਸ ਮੌਕੇ ਭਾਈ ਅੰਮ੍ਰਿਤਪਾਲ ਸਿੰਘ ਦੇ ਮਾਤਾ ਜੀ ਬੀਬੀ ਬਲਵਿੰਦਰ ਕੌਰ ਅਤੇ ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ, ਭਾਈ ਪਪਲਪ੍ਰੀਤ ਸਿੰਘ, ਹਰਜੀਤ ਸਿੰਘ, ਬਸੰਤ ਸਿੰਘ ਦੌਲਤਪੁਰਾ, ਭਗਵੰਤ ਸਿੰਘ, ਦਲਜੀਤ ਸਿੰਘ ਕਲਸੀ, ਗੁਰਮੀਤ ਸਿੰਘ ਬੁੱਕਣ ਵਾਲਾ ਅਤੇ ਕੁਲਵੰਤ ਸਿੰਘ ਰਾਊਕੇ ਭੁੱਖ ਹੜਤਾਲ ਕਾਰਨ ਜੇਲ੍ਹ 'ਚ ਸਿਹਤ ਵਿਗੜ ਰਹੀ ਹੈ ਤੇ ਜੇ ਸਿੰਘਾਂ ਨੂੰ ਕੁਝ ਹੋਇਆ ਤਾਂ ਇਸ ਦੀ ਜ਼ਿੰਮੇਵਾਰ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਹੋਵੇਗੀ। ਸਰਕਾਰ ਆਪਣੇ ਘਟੀਆ ਮਨਸੂਬਿਆਂ ਤੋਂ ਬਾਜ ਆਵੇ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਜਥੇਦਾਰ ਬਲਵੰਤ ਸਿੰਘ ਗੋਪਾਲਾ ਤੇ ਅੰਗਦ ਸਿੰਘ ਕਸ਼ਮੀਰ ਨੇ ਕੇਂਦਰ ਅਤੇ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਪਿਛਲੇ ਤਕਰੀਬਨ ਗਿਆਰਾਂ ਮਹੀਨਿਆਂ ਤੋਂ ਡਿਬਰੂਗੜ੍ਹ ਜੇਲ ਅੰਦਰ ਨਜਰਬੰਦ ਦਸ ਸਿੱਖ ਨੌਜਵਾਨਾਂ ਵਿਰੁੱਧ ਲੱਗੀ ਐਨ.ਐਸ.ਏ ਰੱਦ ਕਰਕੇ ਉਹਨਾਂ ਨੂੰ ਪੰਜਾਬ ਤਬਦੀਲ ਕੀਤਾ ਜਾਵੇ ਅਤੇ ਉਹਨਾਂ ਵਿਰੁੱਧ ਸਿਰਜੇ ਜਾ ਰਹੇ ਝੂਠੇ ਬਿਰਤਾਂਤ ਨੂੰ ਵਿਰਾਮ ਲਾਇਆ ਜਾਵੇ।ਨਜ਼ਰਬੰਦ ਸਿੰਘਾਂ ਦੀਆਂ ਬੈਰਕਾਂ ਵਿੱਚੋਂ ਮੋਬਾਈਲ ਫੋਨ ਅਤੇ ਹੋਰ ਗੈ.ਰ-ਕਾਨੂੰਨੀ ਸਮਾਨ ਮਿਲਣ ਦੀਆਂ ਸਰਕਾਰੀ ਖ਼ਬਰਾਂ ਨੂੰ ਕੋਰਾ ਝੂਠ ਦੱਸਦਿਆਂ ਫ਼ੈਡਰੇਸ਼ਨ ਭਿੰਡਰਾਂਵਾਲਾ ਨੇ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਐਨ.ਐਸ.ਏ ਅਧੀਨ ਨਜ਼ਰਬੰਦੀ ਨੂੰ ਵਧਾਉਣ ਲਈ ਜ਼ਮੀਨ ਤਿਆਰ ਕਰ ਰਹੀਆਂ ਹਨ। ਸਰਕਾਰ ਦੇ ਹੋਛੇ ਹੱਥਕੰਡਿਆਂ ਵਿਰੁੱਧ ਪ੍ਰਤੀਕਰਮ ਦਿੰਦੇ ਹੋਏ ਫ਼ੈਡਰੇਸ਼ਨ ਨੇ ਕਿਹਾ ਕਿ ਮੋਦੀ ਸਰਕਾਰ ਲੋਕ ਸਭਾ ਚੋਣਾਂ ਦੇ ਮੱਦੇਨਜਰ ਸੋਚ-ਸਮਝ ਕੇ ਪੰਜਾਬ ਦੇ ਰਾਜਸੀ ਤਾਪਮਾਨ ਨੂੰ ਉਬਾਲ ਕੇ ਰੱਖਣਾ ਚਾਹੁੰਦੀ ਹੈ ਅਤੇ ਡਿਬਰੂਗੜ੍ਹ ਜੇਲ੍ਹ ਵਿੱਚ ਕੈਦ ਸਿੱਖ ਕਾਰਕੁੰਨਾ ਨੂੰ ਆਪਣੇ ਏਜੰਡੇ ਦੀ ਪੂਰਤੀ ਲਈ ਨਿਸ਼ਾਨਾ ਬਣਾ ਰਹੀ ਹੈ। ਉਹਨਾਂ ਕਿਹਾ ਕਿ ਜੇਲ੍ਹ ਅੰਦਰ ਬੰਦ ਸਿੱਖ ਨੌਜਵਾਨ ਆਪਣੀ ਮੰਗ ਮਨਵਾਉਣ ਲਈ ਭੁੱਖ ਹੜਤਾਲ ਤੇ ਬੈਠੇ ਹਨ ਅਤੇ ਜੇਕਰ ਉਹਨਾਂ ਦਾ ਕਿਸੇ ਪ੍ਰਕਾਰ ਦਾ ਨੁਕਸਾਨ ਹੁੰਦਾ ਹੈ ਤਾਂ ਇਸ ਲਈ ਕੇਂਦਰ ਅਤੇ ਪੰਜਾਬ ਸਰਕਾਰ ਦੋਵੇਂ ਜ਼ਿੰਮੇਵਾਰ ਹੋਣਗੇ। ਉਹਨਾਂ ਕਿਹਾ ਕਿ ਜੇਲ੍ਹ ਪ੍ਰਸ਼ਾਸ਼ਨ ਵਲੋਂ ਕੈਦੀਆਂ ਦੀਆਂ ਬੈਰਕਾਂ ਅਤੇ ਬਾਥਰੂਮ ਵਿੱਚ ਗੁਪਤ ਕੈਮਰੇ ਲਗਾ ਕੇ ਉਹਨਾਂ ਉੱਤੇ ਨਜ਼ਰ ਰੱਖਣ ਦੀ ਗੱਲ ਵੀ ਸਾਹਮਣੇ ਆਈ ਹੈ, ਜੋ ਨਿੰਦਣਯੋਗ ਹੈ। ਉਹਨਾਂ ਕਿਹਾ ਕਿ ਜੇਲ੍ਹ ਪ੍ਰਸ਼ਾਸ਼ਨ ਦਾ ਇਹ ਕਾਰਾ ਬਿਲਕੁਲ ਗੈ.ਰ-ਕਾਨੂੰਨੀ ਅਤੇ ਗੋਪਨੀਯਤਾ ਦੇ ਅਧਿਕਾਰ ਦੀ ਉਲੰਘਣਾ ਹੈ। ਉਹਨਾਂ ਨੇ ਸਰਕਾਰਾਂ ਨੂੰ ਸਵਾਲ ਕਰਦਿਆਂ ਕਿਹਾ ਕਿ ਕੀ ਹਿੰਦੂ ਰਾਸ਼ਟਰ ਦੀ ਮੰਗ ਕਰਨ ਵਾਲਿਆਂ ਦੇ ਨਾਲ ਵੀ ਸਰਕਾਰ ਕਦੇ ਅਜਿਹਾ ਵਰਤਾਓ ਕਰੇਗੀ ਜੋ ਸਾਡੇ ਸਿੰਘਾਂ ਨਾਲ ਹੋ ਰਿਹਾ ਹੈ ? ਜੇਕਰ ਭਾਰਤ ਦੀ ਰਾਜ ਸੱਤਾ ਹਿੰਦੂ ਹੁਕਮਰਾਨਾਂ ਦੇ ਹੱਥਾਂ ਵਿੱਚ ਹੋਣ ਦੇ ਬਾਵਜੂਦ ਵੀ 100 ਕਰੋੜ ਹਿੰਦੂ ਆਪਣੇ ਆਪ ਨੂੰ ਖਤਰੇ 'ਚ ਮਹਿਸੂਸ ਕਰਦਾ ਹੈ ਤਾਂ ਕੇਵਲ ਦੋ ਕੁ ਕਰੋੜ ਗਿਣਤੀ ਵਾਲੀ ਸਿੱਖ ਕੌਮ ਆਪਣੇ ਆਪ ਨੂੰ ਸੁਰੱਖਿਅਤ ਕਿਵੇਂ ਮਹਿਸੂਸ ਕਰ ਲਵੇ ? ਉਹਨਾਂ ਸੰਗਤ ਨੂੰ ਅਪੀਲ ਕੀਤੀ ਕਿ ਮੋਰਚੇ 'ਤੇ ਪੁੱਜ ਕੇ ਸਿੰਘਾਂ ਵਾਸਤੇ ਅਵਾਜ ਬੁਲੰਦ ਕੀਤੀ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਅੰਮ੍ਰਿਤਪਾਲ ਸਿੰਘ ਤੇ ਸਾਥੀਆਂ ਦੀ ਪੰਜਾਬ ਤਬਦੀਲ ਲਈ ਭੁੱਖ ਹੜਤਾਲ ਸ਼ੁਰੂ

## ਅਕਾਲ ਤਖ਼ਤ ਸਾਹਿਬ ਵਿਖੇ ਅਰਦਾਸ ਉਪਰੰਤ ਸਾਰਾਗੜ੍ਹੀ ਸਰਾਂ ਦੇ ਬਾਹਰ ਭੁੱਖ ਹੜਤਾਲ ਦੀ ਅਗਵਾਈ ਬੀਬੀ ਬਲਵਿੰਦਰ ਕੌਰ ਨੇ ਕੀਤੀ











**ਅੰਮ੍ਰਿਤਸਰ, 22 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਵਾਰਿਸ ਪੰਜਾਬ ਦੇ ਜਥੇਬੰਦੀ ਦੇ ਮੁਖੀ ਅਤੇ ਡਿਬਰੂਗੜ੍ਹ ਜੇਲ੍ਹ 'ਚ ਨਜ਼ਰ ਬੰਦ ਭਾਈ ਅੰਮ੍ਰਿਤਪਾਲ ਸਿੰਘ ਅਤੇ ਸਾਥੀ ਨਜ਼ਰਬੰਦਾਂ ਨੂੰ ਪੰਜਾਬ ਦੀ ਜੇਲ੍ਹ 'ਚ ਤਬਦੀਲ ਕਰਾਉਣ ਦੀ ਮੰਗ ਨੂੰ ਲੈ ਕੇ ਉਨ੍ਹਾਂ ਦੇ ਮਾਤਾ ਪਿਤਾ, ਨਜ਼ਰਬੰਦ ਸਿੱਖ ਨੌਜਵਾਨਾਂ ਦੇ ਪਰਿਵਾਰਕ ਮੈਂਬਰਾਂ ਅਤੇ ਸਿੱਖ ਜਥੇਬੰਦੀਆਂ ਦੇ ਆਗੂਆਂ ਨੇ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਸਨਮੁੱਖ ਇਕੱਤਰਤਾ ਅਤੇ ਅਰਦਾਸ ਉਪਰੰਤ ਵਾ ਗਿਆਰਾਂ ਵਜੇ ਸਾਰਾਗੜ੍ਹੀ ਸਰਾਂ ਦੇ ਬਾਹਰ ਅਣ ਮਿਥੇ ਸਮੇਂ ਲਈ ਭੁੱਖ ਹੜਤਾਲ 'ਤੇ ਬੈਠ ਗਏ ਹਨ। ਜਿਸ ਦੀ ਅਗਵਾਈ ਅੰਮ੍ਰਿਤਪਾਲ ਸਿੰਘ ਦੀ ਮਾਤਾ ਬਲਵਿੰਦਰ ਕੌਰ ਵੱਲੋਂ ਕੀਤੀ ਜਾ ਰਹੀ ਹੈ। ਇਕੱਤਰਤਾ ਮੌਕੇ ਉਨ੍ਹਾਂ ਨਾਲ ਸਰਦਾਰ ਤਰਸੇਮ ਸਿੰਘ , ਸਿਮਰਨਜੀਤ ਸਿੰਘ ਮਾਨ, ਸ਼੍ਰੋਮਣੀ ਕਮੇਟੀ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਭਾਈ ਗੁਰਚਰਨ ਸਿੰਘ ਗਰੇਵਾਲ, ਜਸਕਰਨ ਸਿੰਘ ਕਾਹਨ ਸਿੰਘ ਵਾਲਾ, ਕੰਵਰ ਚੜ੍ਹਤ ਸਿੰਘ ਫੈਡਰੇਸ਼ਨ ਪ੍ਰਧਾਨ, ਬਲਵੰਤ ਸਿੰਘ ਗੋਪਾਲਾ, ਉਪਕਾਰ ਸਿੰਘ ਸੰਧੂ ਅਤੇ ਹਰਪਾਲ ਸਿੰਘ ਬਲੇਰ ਤੋਂ ਇਲਾਵਾ ਡਿਬਰੂਗੜ੍ਹ ਜੇਲ੍ਹ 'ਚ ਨਜ਼ਰ ਬੰਦ ਹੋਰ ਸਿੱਖ ਨੌਜਵਾਨਾਂ ਦੇ ਪਰਿਵਾਰਕ ਮੈਂਬਰ ਸ਼ਾਮਿਲ ਹਨ।

ਇਸ ਮੌਕੇ ਬੀਬੀ ਬਲਵਿੰਦਰ ਕੌਰ ਨੇ ਕਿਹਾ ਕਿ ਸਰਕਾਰ ਤੋਂ ਸਿੱਖਾਂ ਨੂੰ ਇਨਸਾਫ਼ ਮਿਲਣ ਦੀ ਕੋਈ ਉਮੀਦ ਨਹੀਂ ਰਹੀ ਹੈ। ਹੁਣ ਸਾਡਾ ਸਰਕਾਰ 'ਤੇ ਕੋਈ ਵਿਸ਼ਵਾਸ ਨਹੀਂ ਰਿਹਾ। ਡਿਬਰੂਗੜ ਜੇਲ੍ਹ ਵਿਚ ਨਜ਼ਰਬੰਦ ਸਿੱਖ ਨੌਜਵਾਨਾਂ ਦਾ ਕੋਈ ਨੁਕਸਾਨ ਹੋਇਆ ਤਾਂ ਸਰਕਾਰ ਜ਼ਿੰਮੇਵਾਰ ਹੋਵੇਗੀ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਹੁਣ ਹਰਕਤ ਵਿਚ ਆਈ ਹੈ ਜਦੋਂ ਕਿ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਨੂੰ ਡਿਬਰੂਗੜ ਦੇ ਹਾਲਾਤਾਂ ਅਤੇ ਨੌਜਵਾਨਾਂ ਵੱਲੋਂ ਜੀਵਨ ਮੌਤ ਦੀ ਲੜਾਈ ਲੜ ਰਹੇ ਹੋਣ ਬਾਰੇ ਜਾਣੂ ਕਰਾਉਣ ਦੀ ਕਈ ਵਾਰ ਕੋਸ਼ਿਸ਼ ਕੀਤੀ ਗਈ ਪਰ ਉਨ੍ਹਾਂ ਨੇ ਕੋਈ ਦਿਲਚਸਪੀ ਅਤੇ ਗੰਭੀਰਤਾ ਨਹੀਂ ਦਿਖਾਈ। ਅੱਜ ਭੁੱਖ ਹੜਤਾਲ 'ਤੇ ਬੈਠਣ ਦੇ ਫੈਸਲੇ ਕਾਰਨ ਪ੍ਰਸ਼ਾਸਨ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਨਾਲ ਗਲ ਕਰਾਉਣ ਦੇ ਲਾਰੇ ਲਾਏ ਗਏ। ਪਰ ਅਸੀਂ ਕਿਹਾ ਕਿ ਪੰਜਾਬ ਸਰਕਾਰ ਐਲਾਨ ਕਰੇ ਕਿ ਸਾਡੇ ਪੰਜਾਬ ਦੇ ਨੌਜਵਾਨ ਹਨ ਤੇ ਪੰਜਾਬ ਲਿਆਉਣਾ ਹੈ ਉਨ੍ਹਾਂ ਕਿਹਾ ਕਿ ਉਨ੍ਹਾਂ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁਖ ਨੌਜਵਾਨਾਂ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ ਤੇ ਸੰਘਰਸ਼ ਅਰੰਭ ਦਿੱਤਾ ਹੈ ਸਤਿਗੁਰੂ ਹਰਗੋਬਿੰਦ ਪਾਤਸ਼ਾਹ ਆਪ ਹੀ ਬਿਧ ਬਣਾਉਣਗੇ ਉਨ੍ਹਾਂ ਸੰਗਤ ਨੂੰ ਸਾਥ ਦੇਣ ਦੀ ਅਪੀਲ ਕਰਦਿਆਂ ਕਿਹਾ ਕਿ ਡਿਬਰੂਗੜ 'ਚ 10 ਅਤੇ ਪੰਜਾਬ ਦੀਆਂ ਜੇਲ੍ਹਾਂ 'ਚ 30 ਕੁਲ 40 ਨਜ਼ਰਬੰਦ ਨੌਜਵਾਨ ਭੁੱਖ ਹੜਤਾਲ 'ਤੇ ਹਨ। ਉਨ੍ਹਾਂ ਕਿਹਾ ਕਿ ਪਹਿਲਾਂ ਵੀ ਐਨ ਐਸ ਏ ਲਗਦੇ ਰਹੇ ਹਨ ਪਰ ਉਨ੍ਹਾਂ ਨੂੰ ਪੰਜਾਬ ਦੀਆਂ ਜੇਲ੍ਹਾਂ ਵਿਚ ਹੀ ਰੱਖਿਆ ਜਾਂਦਾ ਰਿਹਾ ਪਰ ਅੰਮ੍ਰਿਤਪਾਲ ਸਿੰਘ ਅਤੇ ਸਾਥੀਆਂ ਨੂੰ ਹਜ਼ਾਰਾਂ ਮੀਲ ਦੂਰ ਉਨ੍ਹਾਂ ਦਾ ਮਨੋਬਲ ਡੇਗਣ ਲਈ ਸੁੱਟਿਆ ਗਿਆ ਅਤੇ ਦਹਿਸ਼ਤਜਦਾ ਮਹੌਲ ਕਰਨ ਲਈ ਦਿੱਲੀ ਦੀ ਸਿੱਧੀ ਨਿਗਰਾਨੀ ਵਿੱਚ ਰੱਖਿਆ ਗਿਆ ।ਪਰ ਕਲਗ.ੀਧਰ ਪਾਤਸ਼ਾਹ ਦੀ ਕ੍ਰਿਪਾ ਨਾਲ ਉਹ ਦੱਸ ਸਿੰਘ ਉੱਥੇ ਸੈਂਕੜਿਆਂ ਦੀ ਗਿਣਤੀ ਵਿੱਚ ਤਾਇਨਾਤ ਫੋਰਸਜ ਅੱਗੇ ਝੁਕੇ ਨਹੀਂ ।ਉਨ੍ਹਾਂ 'ਦੇ ਬਾਥਰੂਮ ਜਾਣ ਤਕ ਦੀ ਕੈਮਰਿਆਂ ਨਾਲ ਨਜ਼ਰ ਰੱਖੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਜਦੋਂ ਤਕ ਨਜ਼ਰਬੰਦ ਸਿੰਘ ਪੰਜਾਬ ਤਬਦੀਲ ਹੋ ਕੇ ਅੰਨ ਪਾਣੀ ਨਹੀਂ ਛਕਣਗੇ ਅਸੀਂ ਵੀ ਸਾਰੇ ਪਰਿਵਾਰ ਰੋਜ਼ਾਨਾ ਭੁੱਖ ਹੜਤਾਲ 'ਤੇ ਬੈਠਾਂਗੇ। ਸਾਨੂੰ ਮੌਤ ਦਾ ਕੋਈ ਡਰ ਨਹੀਂ ਉਨ੍ਹਾਂ ਕਿਹਾ ਕਿ ਡਿਬਰੂਗੜ ਜੇਲ੍ਹ 'ਚ ਨਜ਼ਰਬੰਦ ਨੌਜਵਾਨਾਂ ਨੇ ਫ਼ੈਸਲਾ ਕੀਤਾ ਹੈ ਕਿ ਭੁੱਖ ਹੜਤਾਲ ਦੌਰਾਨ ਉਨ੍ਹਾਂ ਦੀ ਮੌਤ ਹੋ ਜਾਣ ਦੀ ਸਥਿਤੀ 'ਚ ਵੀ ਅਸਾਮ ਦਾ ਪਾਣੀ ਉਨ੍ਹਾਂ ਦੇ ਮੂੰਹ 'ਚ ਨਾ ਪਾਇਆ ਜਾਵੇ। ਸੋ ਸੰਗਤਾਂ ਨੂੰ ਤਕੜੇ ਹੋ ਕੇ ਵੱਡੀ ਗਿਣਤੀ ਵਿੱਚ ਜਿਸ ਜਗ੍ਹਾ ਅਸੀਂ ਭੁੱਖ ਹੜਤਾਲ ਦੀ ਲੜੀ ਨਜ਼ਰਬੰਦ ਸਿੰਘਾਂ ਦੇ ਪਰਿਵਾਰਾਂ ਨੇ ਸ਼ੁਰੂ ਕੀਤੀ ਹੈ ਉੱਥੇ ਪਹੁੰਚੋ ਤਾਂ ਕਿ ਸੰਘਰਸ਼ ਵਿੱਚ ਹੋਰ ਸਖ਼ਤ ਕਦਮ ਚੁਕੀਏ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਦੇਸ਼ ਵਿਦੇਸ਼ ਵਿੱਚ ਖਾਲਸਾ ਪੰਥ ਦਾ ਵੱਧ ਰਿਹਾ ਬੋਲ ਬਾਲਾ ਅਤੇ ਸੰਤ ਭਿੰਡਰਾਂਵਾਲਿਆਂ ਦੇ ਪ੍ਰਚਾਰ ਦੀ ਚਰਚਾ ਅਕਾਲ ਪੁਰਖ ਦੀ ਕ੍ਰਿਪਾ : ਸਿੰਘ ਸਾਹਿਬ

## ਸੰਤ ਭਿੰਡਰਾਂਵਾਲਿਆਂ ਦੇ ਜਨਮ ਅਸਥਾਨ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਵਿਖੇ ਲੜੀਵਾਰ ਗੁਰਮਤਿ ਸਮਾਗਮਾਂ ਦੀ ਸਮਾਪਤੀ





















**ਪਿੰਡ ਰੋਡੇ/ਬਾਘਾ ਪੁਰਾਣਾ • ਆਵਾਜ਼ ਬਿਊਰੋ**

ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਜਨਮ ਅਸਥਾਨ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਵਿਖੇ ਪਿਛਲੇ ਕਈ ਦਿਨਾਂ ਤੋਂ ਚੱਲ ਰਹੇ ਗੁਰਮਤਿ ਸਮਾਗਮਾਂ ਦੀ ਸਮਾਪਤੀ ਦੌਰਾਨ ਅੱਜ ਵਿਸ਼ਾਲ ਦੀਵਾਨ ਸਜਾਏ ਗਏ। ਇਸ ਦੌਰਾਨ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ, ਜਵੱਦੀ ਟਕਸਾਲ ਲੁਧਿਆਣਾ ਦੇ ਮੌਜੂਦਾ ਮੁੱਖ ਸੇਵਾਦਾਰ ਸੰਤ ਬਾਬਾ ਅਮੀਰ ਸਿੰਘ ਜਵੱਦੀ ਕਲਾਂ,

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਦੁਆਰਾ ਸੰਤ ਖਾਲਸਾ ਦੇ ਮੁੱਖ ਸੇਵਾਦਾਰ ਸੰਤ ਬਾਬਾ ਬਲਵਿੰਦਰ ਸਿੰਘ ਅਤੇ ਹੋਰ ਸੰਤਾਂ ਮਹਾਂਪੁਰਸ਼ਾਂ ਨੇ ਸੰਗਤਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਲੜ ਲੱਗਣ ਦੀ ਅਪੀਲ ਕੀਤੀ। ਅੱਜ ਦੇ ਇਸ ਸਮਾਗਮ ਦੌਰਾਨ ਸਿੱਖਾਂ ਦੇ ਸੱਤਵੇਂ ਗੁਰੂ ਸ੍ਰੀ ਗੁਰੂ ਹਰਿ ਰਾਏ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਸਬੰਧੀ ਵੀ ਵਿਚਾਰ ਚਰਚਾ ਕੀਤੀ ਗਈ। ਸਮੂਹ ਸੰਗਤਾਂ ਨੂੰ ਸ੍ਰੀ ਗੁਰ ਹਰਿ ਰਾਏ ਸਾਹਿਬ ਜੀ ਦੇ ਜੀਵਨ ਤੋਂ ਸਿੱਖਿਆ ਹਾਸਿਲ ਕਰਨ ਦੀ ਅਪੀਲ ਕੀਤੀ ਗਈ। ਸਮਾਗਮ ਦੌਰਾਨ ਸਮੂਹ ਸੰਤਾਂ ਮਹਾਂ ਪੁਰਸ਼ਾਂ ਅਤੇ ਸਿੰਘ ਸਾਹਿਬ ਜੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਜੋ ਦੇਸ਼ ਵਿਦੇਸ਼ ਵਿੱਚ ਖਾਲਸਾ ਪੰਥ ਦਾ ਬੋਲਬਾਲਾ ਵੱਧ ਰਿਹਾ ਹੈ ਅਤੇ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਸਿੱਖੀ ਪ੍ਰਚਾਰ ਦੀ ਚਰਚਾ ਸਭ ਪਾਸੇ ਹੋ ਰਹੀ ਹੈ, ਇਸ ਸਭ ਪਿੱਛੇ ਅਕਾਲ ਪੁਰਖ ਦੀ ਕਿਰਪਾ ਹੀ ਹੈ। ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਨੇ ਇਸ ਮੌਕੇ ਆਈਆਂ ਸੰਗਤਾਂ ਧੰਨਵਾਦ ਕਰਦਿਆਂ ਕਿਹਾ ਕਿ ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਹਾੜਾ 2 ਜੂਨ, 2024 ਨੂੰ ਪੂਰੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ।




ਇਸ ਮੌਕੇ ਕਿਸਾਨੀ ਸੰਘਰਸ਼ ਦੀ ਵੀ ਚਰਚਾ ਕਰਦਿਆਂ ਕਿਹਾ ਗਿਆ ਕਿ ਇਨ੍ਹਾਂ ਸਾਰੀਆਂ ਸਮੱਸਿਆਂਵਾਂ ਦੇ ਸੰਕੇਤ ਸੰਤ ਭਿੰਡਰਾਂਵਾਲਿਆਂ ਨੇ ਵੀ ਸਮੇਂ ਸਮੇਂ ਸੰਗਤਾਂ ਨੂੰ ਦਿੱਤੇ ਸਨ। ਉਸ ਸਮੇਂ ਦੇ ਸਾਰੇ ਲੀਡਰ ਅਤੇ ਸਰਕਾਰਾਂ ਉਨ੍ਹਾਂ ਦੇ ਸੰਕੇਤਾਂ ਨੂੰ ਸਮਝ ਲੈਂਦੀਆਂ ਤਾਂ ਅੱਜ ਇਹ ਮੁਸ਼ਕਲਾਂ ਸਾਹਮਣੇ ਨਹੀਂ ਆਉਣੀਆਂ ਸਨ। ਅੱਜ ਦੇ ਇਸ ਸਮਾਗਮ ਵਿੱਚ ਹੋਰਾਂ ਤੋਂ ਇਲਾਵਾ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਭਰਾਤਾ ਸਰਪੰਚ ਹਰਜੀਤ ਸਿੰਘ, ਇੰਟਰਨੈਸ਼ਨਲ ਪੰਥਕ ਦਲ ਦੇ ਕੌਮੀ ਕਨਵੀਨਰ ਜੱਥੇਦਾਰ ਦਲੀਪ ਸਿੰਘ ਚਕਰ, ਪੰਜਾਬ ਪ੍ਰਧਾਨ ਹਰਚੰਦ ਸਿੰਘ ਚਕਰ, ਜੱਥੇਦਾਰ ਦਰਸ਼ਨ ਸਿੰਘ ਮੰਡ, ਬਾਬਾ ਨਛੱਤਰ ਸਿੰਘ ਆਸਟਰੀਆ ਵਾਲੇ, ਬਾਬਾ ਸੱਜਣ ਸਿੰਘ ਮੁੱਖ ਸਲਾਹਕਾਰ, ਸੰਤ ਚਰਨਜੀਤ ਸਿੰਘ ਜੱਸੋਵਾਲ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ ਮੈਂਬਰ ਸ਼੍ਰੋਮਣੀ ਕਮੇਟੀ, ਜਥੇਦਾਰ ਸਵਰਨਜੀਤ ਸਿੰਘ ਮੁੱਖੀ ਤਰਨਾ ਦਲ ਸ਼ਹੀਦਾਂ ਦੁਆਬਾ, ਜੱਥੇਦਾਰ ਵਜੀਰ ਸਿੰਘ ਵਾਂ ਪਿੰਡ ਵਾਲੇ, ਭਾਈ ਤਰਲੋਚਨ ਸਿੰਘ ਰੋਡੇ ਯੂ.ਐਸ.ਏ., ਭਾਈ ਕੁਲਦੀਪ ਸਿੰਘ ਰੋਡੇ ਸਕੱਤਰ ਸ਼੍ਰੋਮਣੀ ਕਮੇਟੀ ਅਤੇ ਦੇਸ਼ ਵਿਦੇਸ਼ ਦੀਆਂ ਹੋਰ ਸੰਗਤਾਂ ਭਾਰੀ ਗਿਣਤੀ ਵਿੱਚ ਹਾਜ਼ਿਰ ਸਨ।

**(ਹੋਰ ਤਸਵੀਰਾਂ ਅਗਲੇ ਪੰਨੇ 'ਤੇ)**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਦੇਸ਼ ਵਿਦੇਸ਼ ਵਿੱਚ ਖਾਲਸਾ ਪੰਥ ਦਾ ਵੱਧ ਰਿਹਾ ਬੋਲ ਬਾਲਾ ਅਤੇ ਸੰਤ ਭਿੰਡਰਾਂਵਾਲਿਆਂ ਦੇ ਪ੍ਰਚਾਰ ਦੀ ਚਰਚਾ ਅਕਾਲ ਪੁਰਖ ਦੀ ਕ੍ਰਿਪਾ : ਸਿੰਘ ਸਾਹਿਬ

## ਸੰਤ ਭਿੰਡਰਾਂਵਾਲਿਆਂ ਦੇ ਜਨਮ ਅਸਥਾਨ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਵਿਖੇ ਲੜੀਵਾਰ ਗੁਰਮਤਿ ਸਮਾਗਮਾਂ ਦੀ ਸਮਾਪਤੀ




ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

AWAZE QAUM

International Newspaper & WEB TV

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਦੇਸ਼ ਵਿਦੇਸ਼ ਵਿੱਚ ਖਾਲਸਾ ਪੰਥ ਦਾ ਵੱਧ ਰਿਹਾ ਬੋਲ ਬਾਲਾ ਅਤੇ ਸੰਤ ਭਿੰਡਰਾਂਵਾਲਿਆਂ ਦੇ ਪ੍ਰਚਾਰ ਦੀ ਚਰਚਾ ਅਕਾਲ ਪੁਰਖ ਦੀ ਕ੍ਰਿਪਾ : ਸਿੰਘ ਸਾਹਿਬ

## ਸੰਤ ਭਿੰਡਰਾਂਵਾਲਿਆਂ ਦੇ ਜਨਮ ਅਸਥਾਨ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਵਿਖੇ ਲੜੀਵਾਰ ਗੁਰਮਤਿ ਸਮਾਗਮਾਂ ਦੀ ਸਮਾਪਤੀ

















ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਇੱਕ ਨਜ਼ਰ



## ਅਕਾਲ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਨੇ ਅੰਤਰ-ਰਾਸ਼ਟਰੀ ਮਾਂ ਬੋਲੀ ਦਿਹਾੜੇ ਨੂੰ ਸਮਰਪਿਤ ਕੀਤਾ ਕੰਧ ਪੱਤ੍ਰਿਕਾ 'ਆ.ਗਾਜ਼' ਦਾ 20ਵਾਂ ਅੰਕ

ਤਲਵੰਡੀ ਸਾਬੋ, 22 ਫਰਵਰੀ (ਗੁਰਜੰਟ ਸਿੰਘ ਨਥੇਹਾ)- ਅਕਾਲ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਦੁਆਰਾ ਵਿਦਿਆਰਥੀਆਂ ਨੂੰ ਸਾਹਿਤਕ ਰੁਚੀਆਂ ਵੱਲ ਪ੍ਰੇਰਿਤ ਕਰਨ ਹਿੱਤ ਸਮੇਂ ਸਮੇਂ ਸਿਰ ਵੱਖ-ਵੱਖ ਤਰ੍ਹਾਂ ਦੀਆਂ ਰਚਨਾਤਮਕ ਗਤੀਵਿਧੀਆਂ ਜਿਵੇਂ ਸੈਮੀਨਾਰ, ਵਿਸ਼ੇਸ਼ ਲੈਕਚਰ, ਵੱਖ-ਵੱਖ ਵਿਸ਼ਿਆਂ 'ਤੇ ਵਰਕਸ਼ਾਪ, ਕਵਿਤਾ ਉਚਾਰਣ ਮੁਕਾਬਲੇ ਆਦਿ ਨਾਲ ਜੋੜਿਆ ਜਾਂਦਾ ਹੈ। ਇਸ ਲੜੀ ਵਿਚ ਹੀ ਸਾਹਿਤ ਸਿਰਜਣਕਾਰੀ ਕਲੱਬ, ਪੰਜਾਬੀ ਵਿਭਾਗ ਦੁਆਰਾ ਕੰਧ ਪੱਤ੍ਰਿਕਾ 'ਆ.ਗਾਜ਼' ਦੇ 20ਵੇਂ ਅੰਕ ਦਾ ਪ੍ਰਕਾਸ਼ਨ ਕੀਤਾ ਗਿਆ। ਇਹ ਅੰਕ ਫਰਵਰੀ ਮਹੀਨੇ ਵਿਚ ਮਨਾਏ ਜਾਂਦੇ ਅੰਤਰ-ਰਾਸ਼ਟਰੀ ਮਾਂ ਬੋਲੀ ਦਿਹਾੜੇ ਨੂੰ ਸਮਰਪਿਤ ਕੀਤਾ ਗਿਆ। ਇਸ ਅੰਕ ਦਾ ਉਦਘਾਟਨ ਪੰਜਾਬੀ ਵਿਭਾਗ ਦੇ ਮੁਖੀ ਅਤੇ ਸਾਹਿਤ ਸਿਰਜਣਕਾਰੀ ਕਲੱਬ ਦੇ ਕੋਆਡੀਨੇਟਰ ਡਾ. ਸੰਦੀਪ ਸਿੰਘ ਨੇ ਕੀਤਾ। ਕੰਧ ਪੱਤ੍ਰਿਕਾ ਦੇ ਮੁੱਖ ਸੰਪਾਦਕ ਅਤੇ ਸਾਹਿਤ ਸਿਰਜਣਕਾਰੀ ਕਲੱਬ ਦੇ ਕਨਵੀਨਰ ਡਾ. ਰਮਨਦੀਪ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਅੰਕ ਨੂੰ ਪ੍ਰਕਾਸ਼ਿਤ ਕਰਨ ਦੀ ਜ਼ਿੰਮੇਵਾਰੀ ਬੀ.ਏ. ਭਾਗ ਤੀਜਾ ਜਮਾਤ ਵਿਚੋਂ ਗਠਿਤ ਕੀਤੇ ਵਿਦਿਆਰਥੀ ਸੰਪਾਦਕੀ ਸਮੂਹ ਨੇ ਨਿਭਾਈ। ਸੰਪਾਦਕੀ ਲੇਖਣ ਦਾ ਕਾਰਜ ਵਿਦਿਆਰਥੀ ਸੰਪਾਦਕ ਹਰਿੰਦਰ ਸਿੰਘ ਦੁਆਰਾ ਕੀਤਾ ਗਿਆ। ਵਿਭਾਗ ਮੁਖੀ ਡਾ. ਸੰਦੀਪ ਸਿੰਘ ਨੇ ਵਿਦਿਆਰਥੀਆਂ ਦੀਆਂ ਰਚਨਾਵਾਂ ਦੀ ਸ਼ਲਾਘਾ ਕਰਦਿਆਂ ਲੇਖਣ ਕਲਾ ਨੂੰ ਹੋਰ ਨਿਖਾਰਨ ਲਈ ਕੀਮਤੀ ਸੁਝਾਅ ਦਿੱਤੇ। ਉਹਨਾਂ ਨੇ ਜਿੱਥੇ ਬੀ.ਏ. ਭਾਗ ਤੀਜਾ ਦੇ ਵਿਦਿਆਰਥੀਆਂ ਨੂੰ ਭਵਿੱਖ ਲਈ ਉਤਸ਼ਾਹਿਤ ਕਰਦਿਆਂ ਅੰਕ ਦੀ ਸਫਲ ਤੇ ਪ੍ਰਭਾਵਸ਼ਾਲੀ ਪੇਸ਼ਕਾਰੀ ਲਈ ਵਧਾਈ ਦਿੱਤੀ, ਉੱਥੇ ਪੋਸਟਰ ਮੁਕਾਬਲੇ ਦੇ ਜੇਤੂ ਵਿਦਿਆਰਥੀਆਂ ਨੂੰ ਪ੍ਰਮਾਣ-ਪਤਰ ਵੀ ਦਿੱਤੇ।

## ਪੰਜਾਬ ਪੁਲਿਸ ਤਰੱਕੀਆਂ ਦੇ ਲਾਲਚ ਵਿੱਚ ਨੌਜਵਾਨਾਂ ਦਾ ਕਰ ਰਹੀ ਕਤਲੇਆਮ : ਜਥੇਦਾਰ ਕਰਮ ਸਿੰਘ ਹਾਲੈਂਡ

ਨਵੀਂ ਦਿੱਲੀ 22 ਫਰਵਰੀ (ਮਨਪ੍ਰੀਤ ਸਿੰਘ ਖਾਲਸਾ): ਅਖੰਡ ਕੀਰਤਨੀ ਜੱਥੇ ਦੇ ਸਿੰਘ ਜਥੇਦਾਰ ਕਰਮ ਸਿੰਘ ਹਾਲੈਂਡ ਨੇ ਕਾਲਾ ਧਨੌਲਾ ਨੂੰ ਝੂਠੇ ਪੁਲਿਸ ਮੁਕਾਬਲੇ ਵਿੱਚ ਕਤਲ ਕਰਨ ਦੀ ਸਖ਼ਤ ਨਿਖੇਧੀ ਕਰਦਿਆ ਕਿਹਾ ਕਿ ਪੰਜਾਬ ਪੁਲਿਸ ਨੇ ਤਰੱਕੀਆਂ ਦੇ ਲਾਲਚ ਵਿੱਚ ਹਮੇਸ਼ਾ ਪੰਜਾਬ ਦੇ ਨੌਜਵਾਨਾ ਦਾ ਕਤਲੇਆਮ ਕੀਤਾ। ਚਾਹੇ ਉਹ ਨਕਸਲਵਾਦੀ ਲਹਿਰ ਹੋਵੇ, ਜਾਂ ਖਾੜਕੂਵਾਦ ਲਹਿਰ ਹੋਵੇ, ਜਾਂ ਹੁਣ ਗੈਂਗਸਟਰਾਂ ਦੇ ਨਾਂ ਹੇਠ ਕਤਲ ਹੋਣ। ਹਮੇਸ਼ਾ ਪੰਜਾਬੀਆਂ ਦਾ ਨੁਕਸਾਨ ਹੋਇਆ, ਪੰਜਾਬ ਵਾਸੀਆ ਨੂੰ ਛੋਟੀਆਂ ਲੜਾਈਆਂ ਛੱਡ ਕੇ ਪੰਜਾਬ ਦੀ ਅਜ਼ਾਦੀ ਲਈ ਲਾਮਬੰਦ ਹੋ ਕੇ ਜ਼ੁਲਮੀ ਰਾਜ ਦੀਆ ਜੜ੍ਹਾ ਪੁੱਟਣ ਦੀ ਲੜਾਈ ਲੜ ਕੇ ਹੀ ਪੰਜਾਬ ਅਜਾਦ ਦੇਸ਼ ਬਣ ਸਕਦਾ ਹੈ। ਦੀਪ ਸਿੱਧੂ, ਮੂਸੇਵਾਲਾ, ਹਾਲ ਹੀ ਵਿੱਚ ਵਿਦੇਸ਼ਾ ਵਿੱਚ ਸਿੱਖਾਂ ਦੇ ਕਤਲ, ਜਥੇਦਾਰ ਗੁਰਦੇਵ ਸਿੰਘ ਕਾਉਂਕੇ ਦਾ ਕਤਲ ਅਤੇ ਖਾੜਕੂਵਾਦ ਦੌਰਾਨ ਹਜ਼ਾਰਾ ਸਿੱਖ ਨੌਜਵਾਨਾ ਦੇ ਕਤਲ ਇਸ ਗੱਲ ਦੀ ਗਵਾਹੀ ਹਨ ਕੇ ਭਾਰਤ ਵਿਚ ਪੰਜਾਬ ਵਾਸੀ ਗੁਲਾਮ ਹਨ ਅਤੇ ਪੰਜਾਬੀਆਂ ਨੇ ਗੁਲਾਮੀ ਦਾ ਜੂਲਾ ਗਲੋ ਲਾਹੁਣਾ ਹੈ। ਸਿੱਖਸ ਫਾਰ ਜਸਟਿਸ ਵਲੋ ਪੰਜਾਬ ਦੀ ਅਜ਼ਾਦੀ ਵਾਸਤੇ ਕਰਵਾਏ ਜਾ ਰਹੇ ਰਿਫਰੈਂਡਮ ਦੌਰਾਨ ਵਿਦੇਸ਼ਾ ਵਿੱਚ ਲੱਖਾਂ ਪੰਜਾਬੀਆਂ ਦੇ ਇਕੱਠ ਦੇਖ ਕੇ ਭਾਰਤ ਸਰਕਾਰ ਬੁਖਲਾਹਟ ਵਿੱਚ ਆ ਗਈ ਹੈ। ਧਾਰਮਿਕ, ਪੰਥਕ ਅਤੇ ਇਨਸਾਫ ਪਸੰਦ ਜਥੇਬੰਦੀਆ ਨੂੰ ਅਪੀਲ ਹੈ ਕਿ ਲਾਮਬੰਦ ਹੋ ਕੇ ਭਾਈ ਅਮ੍ਰਿਤਪਾਲ ਸਿੰਘ ਅਤੇ ਹੋਰ ਸੰਮੂਹ ਬੰਦੀ ਸਿੰਘਾਂ ਨੂੰ ਰਿਹਾਅ ਕਰਵਾਉਣ ਲਈ ਯੋਗ ਉਪਰਾਲੇ ਕੀਤੇ ਜਾਣ।



## ਸਰਕਾਰ ਸੁਖਦ ਗੱਲਬਾਤ ਰਾਹੀਂ ਕਿਸਾਨੀ ਮੰਗਾਂ ਦਾ ਨਿਪਟਾਰਾ ਕਰੇ- ਬਾਬਾ ਬਲਬੀਰ ਸਿੰਘ

ਤਲਵੰਡੀ ਸਾਬੋ, 22 ਫਰਵਰੀ (ਗੁਰਜੰਟ ਸਿੰਘ ਨਥੇਹਾ)- ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96ਵੇਂ ਕਰੋੜੀ ਨੇ ਕਿਸਾਨਾਂ 'ਤੇ ਹੋ ਰਹੇ ਤਸ਼ੱਦਦ ਅਤੇ ਧੱਕੇਸ਼ਾਹੀ 'ਤੇ ਟਿਪਣੀ ਕਰਦਿਆਂ ਕਿਹਾ ਕਿ ਸਮੇਂ-ਸਮੇਂ ਹੋਏ ਸੰਘਰਸ਼ ਲੋਕ ਹਮਾਇਤ ਦਾ ਸੁਨਹਿਰੀ ਇਤਿਹਾਸ ਹਨ। ਲੋਕ ਹੀ ਇਨ੍ਹਾਂ ਸੰਘਰਸ਼ੀ ਲਹਿਰਾਂ ਤੇ ਅੰਦੋਲਨਾਂ ਨੂੰ ਸਿਖ਼ਰ 'ਤੇ ਪਹੁੰਚਾਉਂਦੇ ਹਨ, ਸਰਕਾਰਾਂ ਵੀ ਲੋਕ ਹਮਾਇਤ ਨਾਲ ਹੀ ਬਣਦੀਆਂ ਹਨ, ਜੇ ਸਰਕਾਰਾਂ ਲੋਕਾਂ ਦੀ ਗੱਲ ਸੁਨਣ ਤੋਂ ਆਨੀਕਾਨੀ ਕਰਨ ਲੱਗ ਪੈਣ ਤਾਂ ਸਰਕਾਰਾਂ ਵੀ ਮੂਧੇ ਮੂੰਹ ਡਿੱਗ ਪੈਂਦੀਆਂ ਹਨ, ਜਲਦ ਹੀ ਤਖ਼ਤੋਂ ਨਾਬੂਦ ਹੋ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਕਿਸਾਨਾਂ ਉਪਰ ਅਣਮਨੁੱਖੀ ਤਸ਼ੱਦਦ, ਅੱਥਰੂ ਗੈਸ ਤੇ ਹੋਰ ਮਾਰੂ ਅਸਲਾ ਚਲਾਇਆ ਜਾ ਰਿਹਾ ਹੈ ਜੋ ਸਰਕਾਰ ਲਈ ਉਚਿਤ ਨਹੀਂ ਹੈ। ਹਮੇਸ਼ਾ ਵੱਡੇ-ਵੱਡੇ ਲੋਕ ਅੰਦੋਲਨਾਂ ਨੂੰ ਗੱਲਬਾਤ ਰਾਹੀਂ ਨਜਿਠਿਆ ਗਿਆ ਹੈ। ਕਿਸਾਨ ਅਤੇ ਸਰਕਾਰ ਨੂੰ ਨੇਕਦਿਲੀ ਨਾਲ ਗੱਲਬਾਤ ਰਾਹੀਂ ਮਸਲਾ ਹੱਲ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕੋਈ ਵੀ ਲੋਕ ਲਹਿਰ ਟਕਰਾਅ ਤੇ ਹਿੰਸਕ ਰੂਪ ਧਾਰ ਜਾਵੇ ਉਹ ਆਪਣੇ ਨਿਸ਼ਾਨੇ ਤੋਂ ਭਟਕ ਜਾਂਦੀ ਹੈ। ਸਰਕਾਰ ਨੂੰ ਹਮਦਰਦੀ ਵਾਲਾ ਰਵੱਈਆ ਧਾਰਨ ਕਰਨਾ ਚਾਹੀਦਾ ਹੈ। ਮਾਰੋ ਮਾਰੀ ਵਾਲਾ ਵਤੀਰਾ ਸਰਕਾਰ ਲਈ ਮਾਰੂ ਸਿੱਧ ਹੋਵੇਗਾ। ਸਰਕਾਰ ਅਤੇ ਕਿਸਾਨਾਂ ਨੂੰ ਆਪਸੀ ਟਕਰਾਅ ਤੋਂ ਬਚਣਾ ਚਾਹੀਦਾ ਹੈ। ਸਮੁੱਚੇ ਭਾਰਤ ਦਾ ਕਿਸਾਨ ਇਸ ਸੰਘਰਸ਼ 'ਚ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਸੰਘਰਸ਼ ਦੋਰਾਨ ਸਰਕਾਰੀ ਤਸ਼ੱਦਦ ਕਾਰਨ ਕਿਸਾਨਾਂ ਦੀਆਂ ਮੌਤਾਂ, ਉਨ੍ਹਾਂ ਦਾ ਜਖਮੀ ਹੋਣਾ ਅਤੇ ਇਕ ਨੌਜਵਾਨ ਨੂੰ ਗੋਲੀ ਲੱਗਣ ਨਾਲ ਹੋਈ ਮੌਤ ਨੇ ਕਿਸਾਨੀ ਲਹਿਰ 'ਚ ਹੋਰ ਤਿੱਖਾ ਰੋਸ ਪੈਦਾ ਕੀਤਾ ਹੈ। ਸਰਕਾਰ ਨੂੰ ਕਿਸਾਨਾਂ ਨਾਲ ਦੁਰਵਿਹਾਰ ਕਰਨ ਤੋਂ ਪ੍ਰਹੇਜ ਕਰਦਿਆਂ ਸੁਖਦ ਗੱਲਬਾਤ ਰਾਹੀਂ ਮੰਗਾਂ ਦਾ ਸਰਲੀਕਰਨ ਕਰਨਾ ਚਾਹੀਦਾ ਹੈ। ਸੰਸਾਰ ਪੱਧਰ ਦੇ ਮਾਮਲੇ ਅਖੀਰ ਟੇਬਲ ਤੇ ਗੱਲਬਾਤ ਰਾਹੀਂ ਹੀ ਹੱਲ ਕੀਤੇ ਜਾਂਦੇ ਹਨ।



# ਕਿਸਾਨਾਂ ਉਪਰ ਸਰਕਾਰ ਵਲੋਂ ਵਰਤੇ ਹਥਕੰਡੇ ਕਿਸੇ ਵੀ ਤਰ੍ਹਾਂ ਜੱਲ੍ਹਿਆਂਵਾਲੇ ਬਾਗ 'ਚ ਅੰਗਰੇਜ਼ ਹਕੂਮਤ ਵਲੋਂ ਭਾਰਤੀਆਂ ਨਾਲ ਕੀਤੇ ਜ਼ੁਲਮ ਤੋਂ ਘੱਟ ਨਹੀਂ: ਗਿਆਨੀ ਰਘਬੀਰ ਸਿੰਘ

ਨਵੀਂ ਦਿੱਲੀ, 22 ਫ਼ਰਵਰੀ (ਮਨਪ੍ਰੀਤ ਸਿੰਘ ਖਾਲਸਾ):- ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਖਨੌਰੀ ਕੋਲ ਕਿਸਾਨਾਂ ਉੱਤੇ ਪੁਲਿਸ ਦੁਆਰਾ ਚਲਾਈਆਂ ਗਈਆਂ ਸਿੱਧੀਆਂ ਗੋਲੀਆਂ ਕਾਰਨ ਇਕ ਪੰਜਾਬੀ ਨੌਜਵਾਨ ਦੀ ਮੌਤ ਹੋਣ ਅਤੇ ਕਈਆਂ ਦੇ ਗੰਭੀਰ ਜ਼ਖ਼ਮੀ ਹੋਣ ਦੀ ਘਟਨਾ ਨੂੰ ਬੇਹੱਦ ਦੁਖਦਾਈ ਕਰਾਰ ਦਿੱਤਾ ਹੈ। ਉਨ੍ਹਾਂ ਆਖਿਆ ਕਿ ਇਹ ਕਿਸਾਨ ਦੇਸ਼ ਦਾ ਢਿੱਡ ਭਰਨ ਵਾਲੇ ਅੰਨਦਾਤਾ ਹਨ, ਨਾ ਕਿ ਕਿਸੇ ਦੁਸ਼ਮਣ ਦੇਸ਼ ਦੇ ਘੁਸਪੈਠੀਏ, ਜਿਨ੍ਹਾਂ ਵੱਲ ਸਰਕਾਰ ਸਿੱਧੀਆਂ ਗੋਲੀਆਂ ਚਲਾ ਕੇ ਉਨ੍ਹਾਂ ਦੀਆਂ ਛਾਤੀਆਂ ਅਤੇ ਸਿਰ ਵਿੰਨ੍ਹ ਰਹੀ ਹੈ। ਉਨ੍ਹਾਂ ਨੂੰ ਆਪਣੇ ਜਮਹੂਰੀ ਅਧਿਕਾਰ ਤਹਿਤ ਦਿੱਲੀ ਜਾ ਕੇ ਪ੍ਰਦਰਸ਼ਨ ਕਰਨ ਤੋਂ ਰੋਕਣ ਵਾਸਤੇ ਸਰਕਾਰ ਵਲੋਂ ਵਰਤੇ ਹਥਕੰਡੇ ਕਿਸੇ ਵੀ ਤਰ੍ਹਾਂ ਜੱਲ੍ਹਿਆਂਵਾਲੇ ਬਾਗ 'ਚ ਅੰਗਰੇਜ਼ ਹਕੂਮਤ ਵਲੋਂ ਭਾਰਤੀਆਂ ਨਾਲ ਕੀਤੇ ਜ਼ੁਲਮ ਤੋਂ ਘੱਟ ਨਹੀਂ ਹਨ। ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਤੋਂ ਜਾਰੀ ਬਿਆਨ ਵਿਚ ਗਿਆਨੀ ਰਘਬੀਰ ਸਿੰਘ ਨੇ ਆਖਿਆ ਕਿ ਪਿਛਲੇ ਦਿਨਾਂ ਤੋਂ ਪੰਜਾਬ ਦੇ ਕਿਸਾਨ ਕੇਂਦਰ ਸਰਕਾਰ ਕੋਲੋਂ ਆਪਣੀਆਂ ਜਿਣਸਾਂ ਦੇ ਘੱਟੋ-ਘੱਟ ਸਮਰਥਨ ਮੁੱਲ ਸਮੇਤ ਹੋਰ ਹੱਕ ਮੰਗ ਕਰ ਰਹੇ ਹਨ ਪਰ ਸਰਕਾਰ ਆਪਣੇ ਕੰਨ੍ਹ ਤੇ ਅੱਖਾਂ ਬੰਦ ਕਰੀ ਬੈਠੀ ਹੈ। ਜਿਸ ਤੋਂ ਸਪੱਸ਼ਟ ਹੋ ਰਿਹਾ ਹੈ ਕਿ ਕੇਂਦਰ ਸਰਕਾਰ ਕਿਸਾਨਾਂ ਦੇ ਮਸਲੇ ਹੱਲ ਨਹੀਂ ਕਰਨਾ ਚਾਹੁੰਦੀ। ਉਸ ਦੀ ਨੀਅਤ ਖਰਾਬ ਹੈ। ਜੇਕਰ ਸਰਕਾਰ ਸੰਜੀਦਾ ਹੁੰਦੀ ਤਾਂ ਮਸਲੇ ਦੇ ਹੱਲ ਲਈ ਗੱਲਬਾਤ ਹੁੰਦੀ, ਗੋਲੀਬਾਰੀ ਨਾ ਕੀਤੀ ਜਾਂਦੀ। ਕਿਸੇ ਵੀ ਮਸਲੇ ਦੇ ਹੱਲ ਲਈ ਪਹਿਲਾਂ ਸਾਜਗਾਰ ਮਾਹੌਲ ਬਣਾਇਆ ਜਾਂਦਾ ਹੈ। ਮਾਹੌਲ ਤਦ ਬਣ ਸਕਦਾ ਜੇਕਰ ਪੰਜਾਬ-ਹਰਿਆਣਾ ਦੀ ਹੱਦ ਤੋਂ ਬੈਰੀਕੇਡ ਹਟਾਏ ਜਾਂਦੇ। ਕਿਸਾਨਾਂ ਵੱਲ ਨੂੰ ਮੂੰਹ ਕਰਕੇ ਸ਼ਾਰਪ ਸ਼ੂਟਰ ਨਾ ਤਾਇਨਾਤ ਕੀਤੇ ਜਾਂਦੇ। ਕਿਸਾਨਾਂ 'ਤੇ ਡਾਂਗਾਂ, ਗੋਲੀਆਂ, ਅੱਥਰੂ ਗੈਸ ਦੇ ਗੋਲੇ ਤੇ ਪਾਣੀ ਦੀਆਂ ਤੋਪਾਂ ਨਾ ਛੱਡੀਆਂ ਜਾਂਦੀਆਂ। ਉਨ੍ਹਾਂ ਅੱਗੇ ਆਖਿਆ ਕਿ ਸਾਡੇ ਦੇਸ਼ ਦੇ ਲੋਕਾਂ ਦਾ ਨਾਅਰਾ ਰਿਹਾ ਹੈ, 'ਜੈ ਜਵਾਨ, ਜੈ ਕਿਸਾਨ', ਕਿਉਂਕਿ ਜਵਾਨ ਦੇਸ਼ ਦੀਆਂ ਸਰਹੱਦਾਂ 'ਤੇ ਰਾਖ਼ੀ ਕਰਦਾ ਹੈ ਅਤੇ ਕਿਸਾਨ ਖੇਤਾਂ ਵਿਚ ਅੰਨ ਉਗਾ ਕੇ ਦੇਸ਼ ਦਾ ਢਿੱਡ ਭਰਦਾ ਹੈ। ਪਰ ਕਿੰਨੇ ਦੁੱਖ ਦੀ ਗੱਲ ਹੈ ਕਿ ਅੱਜ ਸਾਡਾ ਜਵਾਨ ਸਰਹੱਦਾਂ 'ਤੇ ਰਾਖ਼ੀ ਕਰਦਾ ਹੋਇਆ ਦੁਸ਼ਮਣ ਦੀਆਂ ਗੋਲੀਆਂ ਖਾ ਰਿਹਾ ਹੈ ਅਤੇ ਕਿਸਾਨ ਨੂੰ ਆਪਣੀ ਹੀ ਸਰਕਾਰ ਹੱਕ ਮੰਗਣ 'ਤੇ ਆਪਣੇ ਦੇਸ਼ ਦੀ ਪੁਲਿਸ ਤੋਂ ਗੋਲੀਆਂ ਮਰਵਾ ਰਹੀ ਹੈ, ਜੋ ਇਕ ਲੋਕਤੰਤਰੀ ਦੇਸ਼ ਲਈ ਬੇਹੱਦ ਮੰਦਭਾਗਾ ਵਰਤਾਰਾ ਹੈ। ਅਜਿਹਾ ਗੈਰ-ਜਮਹੂਰੀ ਵਤੀਰਾ ਦੇਸ਼ ਦੇ ਭਵਿੱਖ ਲਈ ਚੰਗਾ ਨਹੀਂ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੇ ਆਖਿਆ ਕਿ ਸਰਕਾਰ ਨੂੰ ਅਜੇ ਵੀ ਆਪਣਾ ਹਠੀ ਰਵੱਈਆ ਛੱਡ ਕੇ ਕਿਸਾਨਾਂ ਦੀਆਂ ਹੱਕੀ ਮੰਗਾਂ ਨੂੰ ਤੁਰੰਤ ਮੰਨ ਲੈਣਾ ਚਾਹੀਦਾ ਹੈ ਤਾਂ ਜੋ ਦੇਸ਼ ਦੇ ਅੰਨਦਾਤਾ ਕਿਸਾਨ ਸੰਘਰਸ਼ ਛੱਡ ਕੇ ਵਾਪਸ ਮੁੜ ਕੇ ਆਪਣੀ ਕਿਰਤ ਵਿਚ ਜੁਟ ਸਕਣ।"



# ਕਿਸਾਨੀ ਮੰਗਾਂ ਪ੍ਰਤੀ ਕੇਂਦਰ ਸਰਕਾਰ ਦਾ ਰਵੱਈਆ ਸਕਾਰਾਤਮਿਕ : ਪ੍ਰੋ. ਸਰਚਾਂਦ ਸਿੰਘ

ਅੰਮ੍ਰਿਤਸਰ, 22 ਫਰਵਰੀ (ਆਵਾਜ਼ਿ ਕੌਮ ਬਿਊਰੋ)- ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਸਾਨੀ ਮਾਮਲਿਆਂ ਨਾਲ ਬਣ ਰਹੇ ਮਾਹੌਲ ਨੂੰ ਲੈ ਕੇ ਚਿੰਤਾ ਜਤਾਈ ਅਤੇ ਖਨੌਰੀ ਬਾਰਡਰ 'ਤੇ ਝੜਪ ਦੌਰਾਨ ਨੌਜਵਾਨ ਕਿਸਾਨ ਸ਼ੁਭਕਰਨ ਦੀ ਹੋਈ ਮੌਤ 'ਤੇ ਗਹਿਰੇ ਦੁਖ ਦਾ ਵੀ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਕਿਹਾ ਕਿ ਭਾਰਤ ਦੀ ਚੌਤਰਫੀ ਚੜ੍ਹਤ ਤੋਂ ਅਸਹਿਜ ਵਿਦੇਸ਼ੀ ਤਾਕਤਾਂ ਦੇਸ਼ ਦੇ ਮਾਹੌਲ ਨੂੰ ਅਸਥਿਰ ਕਰਨ 'ਤੇ ਉਤਾਰੂ ਹਨ, ਅਜਿਹੀ ਸਥਿਤੀ 'ਚ ਦੇਸ਼ ਦੇ ਹਿਤ 'ਚ ਦੋਵੇਂ ਹੀ ਧਿਰਾਂ ਸਰਕਾਰ ਅਤੇ ਕਿਸਾਨੀ ਧਿਰਾਂ ਨੂੰ ਸੰਜਮ ਵਰਤਣ ਦੀ ਲੋੜ ਹੈ। ਪ੍ਰੋ. ਸਰਚਾਂਦ ਸਿੰਘ ਨੇ ਕਿਸਾਨਾਂ ਵੱਲੋਂ ਦਿਲੀ ਕੂਚ ਨੂੰ ਦੋ ਦਿਨਾਂ ਲਈ ਮੁਲਤਵੀ ਕਰਨ ਦਾ ਸਵਾਗਤ ਕੀਤਾ ਅਤੇ ਕਿਸਾਨ ਨੇਤਾਵਾਂ ਨੂੰ ਕੇਂਦਰ ਸਰਕਾਰ ਨੂੰ ਸਹਿਯੋਗ ਦੇਣ ਦੀ ਅਪੀਲ ਕੀਤੀ ਤੇ ਕਿਹਾ ਕਿ ਕਿਸਾਨੀ ਮਾਮਲਿਆਂ ਨਾਲ ਨਜਿੱਠਣ ਲਈ ਕੇਂਦਰੀ ਖ਼ੁਰਾਕ ਅਤੇ ਖਪਤਕਾਰ ਮਾਮਲੇ ਮੰਤਰੀ ਪੀਯੂਸ਼ ਗੋਇਲ ਅਤੇ ਕੇਂਦਰੀ ਖੇਤੀਬਾੜੀ ਮੰਤਰੀ ਅਰਜੁਨ ਮੁੰਡਾ ਦੇ ਅਧਾਰਿਤ ਕੇਂਦਰੀ ਵਫ਼ਦ ਚੰਡੀਗੜ੍ਹ ਵਿਖੇ ਕਿਸਾਨ ਆਗੂਆਂ ਨਾਲ ਵਿਚਾਰ-ਵਟਾਂਦਰਾ ਕਰਨ ਲਈ ਲਗਾਤਾਰ ਯਤਨ ਕਰ ਰਹੇ ਹਨ ਪਰ ਕੁਝ ਕਿਸਾਨ ਆਗੂ ਦਿੱਲੀ ਵੱਲ ਆਪਣੇ ਮਾਰਚ 'ਤੇ ਅੜੇ ਨਜ਼ਰ ਆ ਰਹੇ ਹਨ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੇ ਸਕਾਰਾਤਮਿਕ ਰਵੱਈਏ ਦਾ ਅੰਦਾਜ਼ਾ ਇਸ ਤੱਥ ਤੋਂ ਲਗਾਇਆ ਜਾ ਸਕਦਾ ਹੈ ਕਿ ਕੇਂਦਰੀ ਵਫ਼ਦ ਨੇ ਹੁਣ ਰੱਦ ਕੀਤੇ ਖੇਤੀ ਕਾਨੂੰਨਾਂ ਵਿਰੁੱਧ 2020-21 ਦੇ ਅੰਦੋਲਨ ਦੌਰਾਨ ਦਾਇਰ ਕਿਸਾਨਾਂ ਵਿਰੁੱਧ ਕੇਸ ਵਾਪਸ ਲੈਣ ਲਈ ਸਹਿਮਤੀ ਦਿੱਤੀ ਹੈ। ਇਸ ਤੋਂ ਇਲਾਵਾ ਉਨ੍ਹਾਂ ਨੇ 5 ਫ਼ਸਲਾਂ 'ਤੇ ਘੱਟੋ-ਘੱਟ ਸਮਰਥਨ ਮੁੱਲ ਦੀ ਪੇਸ਼ਕਸ਼ ਕੀਤੀ ਪਰ ਕਿਸਾਨ ਉਨ੍ਹਾਂ ਸਾਰੀਆਂ ਫ਼ਸਲਾਂ 'ਤੇ ਕਾਨੂੰਨੀ ਗਰੰਟੀ ਲੈਣ 'ਤੇ ਤੁਲੇ ਹੋਏ ਹਨ ਜੋ ਦੇਸ਼ ਦੀ ਆਰਥਿਕਤਾ ਲਈ ਵਿੱਤੀ ਤੌਰ 'ਤੇ ਸੰਭਵ ਨਹੀਂ ਹਨ। ਇਹ ਵੀ ਵਿਚਾਰਨ ਵਾਲੀ ਗੱਲ ਹੈ ਕਿ ਘੱਟੋ-ਘੱਟ ਸਮਰਥਨ ਮੁੱਲ ਦੀ ਕਾਨੂੰਨੀ ਗਰੰਟੀ ਬਾਰੇ ਫ਼ੈਸਲੇ ਲੈਣ ਵਿੱਚ ਸਮਾਂ ਲੱਗਦਾ ਹੈ ਅਤੇ ਕੇਂਦਰ ਸਰਕਾਰ ਨੂੰ ਜਲਦਬਾਜ਼ੀ ਵਿੱਚ ਕੋਈ ਵੀ ਫ਼ੈਸਲਾ ਲੈਣ ਦੀ ਬਜਾਏ ਇਸ ਸਬੰਧ ਵਿੱਚ ਲੋੜੀਂਦੀ ਕਾਰਵਾਈ ਕਰਨ ਲਈ ਲੋੜੀਂਦਾ ਸਮਾਂ ਦਿੱਤਾ ਜਾਣਾ ਚਾਹੀਦਾ ਹੈ। ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਸਾਰੀਆਂ ਰਾਜਨੀਤਿਕ ਪਾਰਟੀਆਂ ਨੂੰ ਵੀ ਸਥਿਤੀ ਦੀ ਗੰਭੀਰਤਾ ਨੂੰ ਸਮਝਣਾ ਚਾਹੀਦਾ ਹੈ ਅਤੇ ਮਾਹੌਲ 'ਚ ਭੜਕਾਹਟ ਪੈਦਾ ਕਰ ਰਹੇ ਆਪਣੇ ਗ.ਲਤ ਆਗੂਆਂ ਵਿਰੁੱਧ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ। ਤਾਂਕਿ ਦੇਸ ਵਿੱਚ ਸ਼ਾਂਤੀ ਅਤੇ ਭਾਈਚਾਰਕ ਸਾਂਝ ਬਣੀ ਰਹੇ। ਇਥੇ ਹੀ ਕੇਂਦਰ ਸਰਕਾਰ ਨੂੰ ਅਪੀਲ ਕਰਦਿਆਂ ਪ੍ਰੋ.ਸਰਚਾਂਦ ਸਿੰਘ ਨੇ ਕਿਹਾ ਕਿ ਦੇਸ਼ ਦੀ ਕਿਸਾਨੀ ਖ਼ਾਸਕਰ ਪੰਜਾਬ ਦੀ ਕਿਸਾਨੀ ਜਿਸ ਮੰਦਹਾਲੀ ਸਥਿਤੀ 'ਚੋਂ ਗੁਜ਼ਰ ਰਹੀ ਹੈ, ਉਹ ਸਰਕਾਰ ਦੀ ਹਮਦਰਦੀ ਅਤੇ ਤਵੱਜੋ ਮੰਗਦਾ ਹੈ। ਕਿਸਾਨ ਅਤੇ ਹੋਰਨਾਂ ਧਿਰਾਂ ਵੱਲੋਂ ਦਰਪੇਸ਼ ਸਮੱਸਿਆਵਾਂ ਦੇ ਹੱਲ ਲਈ ਅਵਾਜ਼ ਬੁਲੰਦ ਕਰਨਾ ਉਨ੍ਹਾਂ ਦਾ ਜਮਹੂਰੀ ਹੱਕ ਹੈ। ਕਿਸਾਨ ਅੰਦੋਲਨ ਨੂੰ ਤਾਕਤ ਨਾਲ ਨਹੀਂ ਸਗੋਂ ਪਹਿਲਾਂ ਦੀ ਤਰਾਂ ਸਮਝਦਾਰੀ ਅਤੇ ਵੱਡੇ ਦਿਲ ਨਾਲ ਅਪਣਾਉਂਦਿਆਂ ਸ਼ਾਂਤ ਕੀਤਾ ਜਾਣਾ ਚਾਹੀਦਾ ਹੈ। ਕਿਸਾਨ ਮਜ਼ਬੂਤ ਅਤੇ ਖ਼ੁਸ਼ਹਾਲ ਹੋਵੇਗਾ ਤਾਂ ਹੀ ਦੇਸ਼ ਮਜ਼ਬੂਤ ਅਤੇ ਖ਼ੁਸ਼ਹਾਲ ਹੋਵੇਗਾ।



# ਕਿਸਾਨ ਅੰਦੋਲਨ ਦੌਰਾਨ ਨੌਜਵਾਨ ਦੀ ਹੋਈ ਮੌਤ ਦੇ ਮਾਮਲੇ 'ਚ ਮਾਨ ਸਰਕਾਰ ਦੋਸ਼ੀਆਂ ਵਿਰੁੱਧ ਕਾਰਵਾਈ ਕਰੇ :ਸ਼ੇਰਗਿੱਲ

ਐਸ.ਏ.ਐਸ ਨਗਰ, 22 ਫਰਵਰੀ (ਆਵਾਜ਼ਿ ਕੌਮ ਬਿਊਰੋ)- ਸ਼੍ਰੋਮਣੀ ਅਕਾਲੀ ਦਲ (ਸੰਯੁਕਤ) ਦੇ ਜਨਰਲ ਸਕੱਤਰ ਜਥੇਦਾਰ ਅਰਜਨ ਸਿੰਘ ਸ਼ੇਰਗਿੱਲ ਨੇ ਖਨੌਰੀ ਕੋਲ ਕਿਸਾਨਾਂ ਉਤੇ ਪੁਲਿਸ ਦੁਆਰਾ ਚਲਾਈਆਂ ਗਈਆਂ ਗੋਲੀਆਂ ਦੌਰਾਨ ਇਕ ਨੌਜਵਾਨ ਦੀ ਹੋਈ ਮੌਤ ਅਤੇ ਕਈ ਕਿਸਾਨਾਂ ਦੇ ਗੰਭੀਰ ਜ਼ਖ਼ਮੀ ਹੋਣ ਦੀ ਘਟਨਾ ਨੂੰ ਬੇਹੱਦ ਦੁਖਦਾਈ ਕਰਾਰ ਦਿੰਦੇ ਹੋਏ ਮੁੱਖ ਮੰਤਰੀ ਭਗਵੰਤ ਮਾਨ ਨੂੰ ਘਟਨਾ ਦੀ ਨਿਰਪੱਖ ਜਾਂਚ ਕਰਕੇ ਦੋਸ਼ੀਆਂ ਵਿਰੁੱਧ ਕਾਰਵਾਈ ਕਰਨ ਦੀ ਮੰਗ ਕੀਤੀ ਹੈ । ਇਸ ਦੇ ਨਾਲ ਹੀ ਜਥੇਦਾਰ ਅਰਜਨ ਸਿੰਘ ਸ਼ੇਰਗਿੱਲ ਨੇ ਭਗਵੰਤ ਮਾਨ ਸਰਕਾਰ ਨੂੰ ਮ੍ਰਿਤਕ ਨੌਜਵਾਨ ਦੇ ਪਰਿਵਾਰ ਨੂੰ ਉਚਿਤ ਮੁਆਵਜਾ ਅਤੇ ਪਰਿਵਾਰ ਦੇ ਇਕ ਜੀਅ ਨੂੰ ਤੁਰੰਤ ਸਰਕਾਰੀ ਨੌਕਰੀ ਦੇਣ ਦੀ ਅਪੀਲ ਕੀਤੀ ਹੈ। ਜਥੇਦਾਰ ਸ਼ੇਰਗਿੱਲ ਨੇ ਅੱਗੇ ਕਿਹਾ ਕਿ ਪੰਜਾਬ ਅਤੇ ਦੇਸ਼ ਦੇ ਕਿਸਾਨ ਆਪਣੀਆਂ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਹਨ। ਸਰਕਾਰ ਨੂੰ ਉਨ੍ਹਾਂ ਦੀ ਗੱਲ ਸੁਣਨੀ ਚਾਹੀਦੀ ਹੈ ਅਤੇ ਉਨ੍ਹਾਂ ਦੀਆਂ ਮੰਗਾਂ ਮੰਨਣੀਆਂ ਚਾਹੀਦੀਆਂ ਹਨ। ਉਹਨਾਂ ਕਿਹਾ ਕਿ ਕਿਸਾਨ ਆਪਣੀਆਂ ਮੰਗਾਂ ਨੂੰ ਲੈਕੇ ਦੇਸ਼ ਦੀ ਰਾਜਧਾਨੀ ਜਾਣਾ ਚਾਹੁੰਦੇ ਹਨ ਇਸ ਵਿੱਚ ਹਰਿਆਣਾ ਸਰਕਾਰ ਨੂੰ ਕੀ ਦਿੱਕਤ ਹੈ ? ਜਥੇਦਾਰ ਸ਼ੇਰਗਿੱਲ ਨੇ ਕਿਹਾ ਅੰਦੋਲਨ ਕਰ ਰਹੇ ਕਿਸਾਨ ਦੇਸ਼ ਦੇ ਅੰਨਦਾਤਾ ਹਨ ਅਤੇ ਇਨ੍ਹਾਂ ਨਾਲ ਦੁਸ਼ਮਣ ਵਰਗਾ ਸਲੂਕ ਨਹੀ ਕਰਨਾ ਚਾਹੀਦਾ ਹੈ।



# ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ ਵਿਖੇ ਮਨਾਇਆ ਅੰਤਰਰਾਸ਼ਟਰੀ ਮਾਤ-ਭਾਸ਼ਾ ਦਿਵਸ

ਤਲਵੰਡੀ ਸਾਬੋ, 22 ਫਰਵਰੀ (ਗੁਰਜੰਟ ਸਿੰਘ ਨਥੇਹਾ)- ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ ਵਿਖੇ ਭਾਸ਼ਾਵਾਂ ਤੇ ਸੋਸ਼ਲ ਸਾਇੰਸ ਵਿਭਾਗ ਵਿਖੇ ਅੰਤਰਰਾਸ਼ਟਰੀ ਮਾਤ-ਭਾਸ਼ਾ ਦਿਵਸ ਮਨਾਇਆ ਗਿਆ। ਜਿਸ ਵਿੱਚ ਤੁੰਬਕੋਰ ਯੂਨੀਵਰਸਿਟੀ ਕਰਨਾਟਕਾ ਤੋਂ ਪ੍ਰੋਫੈਸਰ ਐਸ. ਕੇ. ਕਿਰਨ ਨੇ ਉਚੇਚੇ ਤੌਰ 'ਤੇ ਸ਼ਮੂਲੀਅਤ ਕੀਤੀ। ਪ੍ਰੋਫੈਸਰ ਕਿਰਨ ਨੇ ਵਿਦਿਆਰਥੀਆਂ ਨੂੰ ਮਾਤ ਭਾਸ਼ਾ ਦੀ ਲੋੜ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਪ੍ਰਦਾਨ ਕੀਤੀ। ਇਸ ਸਮੇਂ ਭਾਸ਼ਾਵਾਂ ਵਿਭਾਗ ਦੇ ਮੁਖੀ ਪ੍ਰੋਫੈਸਰ ਕੁਮਾਰ ਸੁਸ਼ੀਲ ਨੇ ਆਏ ਹੋਏ ਮਹਿਮਾਨ ਨੂੰ ਜੀ ਆਇਆਂ ਆਖਿਆ ਤੇ ਨਾਲ ਹੀ ਵਿਦਿਆਰਥੀਆਂ ਨੂੰ ਮਾਤ ਭਾਸ਼ਾ ਦੇ ਦ੍ਰਿਸ਼ਟੀਕੋਣ ਤੋਂ ਦੂਜੀਆਂ ਭਾਸ਼ਾਵਾਂ ਸਿੱਖਣ ਬਾਰੇ ਪ੍ਰੇਰਿਤ ਕੀਤਾ। ਸੋਸ਼ਲ ਸਾਇੰਸਜ਼ ਵਿਭਾਗ ਦੇ ਮੁਖੀ ਡਾ. ਬਲਦੇਵ ਸਿੰਘ ਨੇ ਮਾਤ ਭਾਸ਼ਾ ਨੂੰ ਮਨੁੱਖੀ ਜੀਵਨ ਦਾ ਅਟੁੱਟ ਅੰਗ ਦੱਸਿਆ। ਇਸ ਸੈਮੀਨਾਰ ਵਿੱਚ ਡਾ. ਸੰਦੀਪ ਰਾਣਾ ਨੇ ਵਿਦਿਆਰਥੀਆਂ ਨੂੰ ਆਪਣੀ ਮਾਂ ਬੋਲੀ ਪੰਜਾਬੀ ਨੂੰ ਸਮਾਜ ਵਿੱਚ ਗਰਵ ਨਾਲ ਵਰਤਣ :ਤੇ ਜ਼ੋਰ ਦਿੱਤਾ। ਇਸ ਸੈਮੀਨਾਰ ਵਿੱਚ ਵੱਡੀ ਗਿਣਤੀ ਵਿੱਚ ਵਿਦਿਆਰਥੀ ਅਤੇ ਸਮੂਹ ਅਧਿਆਪਕ ਸਾਹਿਬਾਨ ਹਾਜ਼ਰ ਸਨ। ਸਮਾਗਮ ਦੇ ਅੰਤ ਵਿੱਚ ਕੈਂਪਸ ਡਾਇਰੈਕਟਰ ਪ੍ਰੋ. ਕਮਲਜੀਤ ਸਿੰਘ ਨੇ ਮਾਤ-ਭਾਸ਼ਾ ਦਿਵਸ ਦੀ ਮੁਬਾਰਕਬਾਦ ਦਿੰਦੇ ਹੋਏ ਇਸ ਸੈਮੀਨਾਰ ਦੀ ਭਰਪੂਰ ਸ਼ਲਾਘਾ ਕੀਤੀ।



# ਇੱਕ ਨਜ਼ਰ



## ਸ਼ਹੀਦ ਭਾਈ ਰਛਪਾਲ ਸਿੰਘ ਜਲਾਲ ਉਸਮਾਂ ਦੇ ਪਰਿਵਾਰ ਦਾ ਸਨਮਾਨ

ਚੌਕ ਮਹਿਤਾ, 22 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਜੀ ਵੱਲੋਂ ਜੈਤੋ ਦੇ ਮੋਰਚੇ ਦੀ 100 ਸਾਲਾ ਸ਼ਤਾਬਦੀ ਸਮਾਰੋਹ ਦੌਰਾਨ ਜੈਤੋ ਦੇ ਮੋਰਚੇ ਦੇ ਸ਼ਹੀਦ ਪਰਿਵਾਰਾਂ ਦਾ ਸਨਮਾਨ ਕਰਨ ਦਾ ਸਲਾਘਯੋਗ ਫੈਸਲਾ ਕੀਤਾ ਗਿਆ।ਪਿੰਡ ਜਲਾਲ ਉਸਮਾਂ ਦੇ ਜੰਮ-ਪਲ ਭਾਈ ਰਛਪਾਲ ਸਿੰਘ ਜੀ ਨੇ ਵੀ ਜੈਤੋ ਦੇ ਮੋਰਚੇ ਦੌਰਾਨ ਸ਼ਹੀਦੀ ਦਾ ਜਾਮ ਪੀਤਾ ਸੀ। ਸੰਤਾ ਸਿੰਘ ਅਕਾਲੀ ਅਤੇ ਮਾਤਾ ਠਾਕਰ ਕੌਰ ਦੀ ਕੁੱਖੋਂ ਜਨਮੇ ਭਾਈ ਰਛਪਾਲ ਸਿੰਘ ਬਚਪਨ ਤੋਂ ਹੀ ਗੁਰ ਪ੍ਰੇਮ ਵਿੱਚ ਰੰਗੇ ਹੋਏ ਸਨ।ਗਿਆਨੀ ਗੁਰਮੁੱਖ ਸਿੰਘ ਮੁਸਾਫਿਰ ਜੀ ਆਪਣੀ ਕਿਤਾਬ 'ਵੀਹਵੀਂ ਸਦੀ ਦੇ ਸ਼ਹੀਦ ' ਵਿੱਚ ਉਨ੍ਹਾਂ ਦੀ ਕੁਰਬਾਨੀ ਦਾ ਜ਼ਿਕਰ ਕਰਦੇ ਹਨ। ਇਸ ਤੋਂ ਇਲਾਵਾ ਅੰਗਰੇਜੀ ਦੀ ਕਿਤਾਬ ' ਦਾ ਮਾਰਟੇਅਰਸ ਆਫ ਇੰਡੀਅਨ ਫਰੀਡਮ ਸਟਰਗਲ ' ਵਿੱਚ ਵੀ ਉਹਨਾਂ ਦੀ ਸ਼ਹੀਦੀ ਦਾ ਵਰਣਨ ਕੀਤਾ ਗਿਆ ਸੀ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਉਨ੍ਹਾਂ ਦੇ ਪੋਤਰੇ ਸਰਦਾਰ ਪ੍ਰਤਾਪ ਸਿੰਘ ਜੀ ਨੂੰ ਸਨਮਾਨਿਤ ਕੀਤਾ ਗਿਆ । ਸਰਪੰਚ ਗੁਰਬਖਸ਼ ਸਿੰਘ ਜੀ ਵੱਲੋਂ ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਸ਼ਹੀਦ ਕੌਮ ਦਾ ਸ਼ਰਮਾਇਆ ਹੁੰਦੇ ਹਨ । ਇਹ ਸਾਰੇ ਪਿੰਡ ਲਈ ਸਨਮਾਨ ਦੀ ਗੱਲ ਹੈ।

## ਹਰਬੰਸ ਸਿੰਘ ਸਲੇਮਪੁਰ ਬਣੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪੀ.ਏ.ਸੀ. ਦੇ ਮੈਂਬਰ



ਧੂਰੀ, 22 ਫਰਵਰੀ ( ਰਣਜੀਤ ਸਿੰਘ ਪੇਧਨੀ)- ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸ, ਸਿਮਰਨਜੀਤ ਸਿੰਘ ਮਾਨ ਮੈਂਬਰ ਪਾਰਲੀਮੈਂਟ ਲੋਕ ਸਭਾ ਹਲਕਾ ਸੰਗਰੂਰ ਵੱਲੋਂ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਲਈ ਦਿਨ ਰਾਤ ਮਿਹਨਤ ਕਰਨ ਵਾਲੇ ਹਰਬੰਸ ਸਿੰਘ ਸਲੇਮਪੁਰ ਨੂੰ ਪੀ ਏ ਸੀ ਮੈਂਬਰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਨਿਯੁਕਤ ਕੀਤਾ ਗਿਆ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਸ, ਹਰਬੰਸ ਸਿੰਘ ਸਲੇਮਪੁਰ ਨੇ ਕਿਹਾ ਕਿ ਪਾਰਟੀ ਵੱਲੋਂ ਮਿਲੀ ਜਿੰਮੇਵਾਰੀ ਨੂੰ ਉਹ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਅੰਤ ਵਿੱਚ ਉਨ੍ਹਾਂ ਕਿਹਾ ਕਿ ਪੀ ਏ ਸੀ ਮੈਂਬਰ ਬਣਨ ਤੇ ਸ, ਸਿਮਰਨਜੀਤ ਸਿੰਘ ਮਾਨ ਦਾ ਉਹ ਦਿਲ ਦੀਆਂ ਗਹਿਰਾਈਆਂ ਚੋਂ ਧੰਨਵਾਦ ਕਰਦੇ ਹਨ ਅਤੇ ਉਹ ਵਿਸਵਾਸ ਦਿਵਾਉਂਦੇ ਹਨ ਕਿ ਪਾਰਟੀ ਦੀ ਚੜ੍ਹਦੀ ਕਲ੍ਹਾ ਲਈ ਪਹਿਲਾ ਵਾਗੂ ਦਿਨ ਰਾਤ ਕੰਮ ਕਰਦੇ ਰਹਿਣਗੇ। ਇਸ ਮੌਕੇ ਸ, ਸਲੇਮਪੁਰ ਦੇ ਪੀ ਏ ਸੀ ਮੈਂਬਰ ਬਣਨ ਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸੀਨੀਅਰ ਆਗੂ ਸਾਧੂ ਸਿੰਘ ਪੇਧਨੀ, ਅਮਰਜੀਤ ਸਿੰਘ ਬਾਦਸਾਹਪੁਰ, ਮਨਜੀਤ ਸਿੰਘ ਧਾਮੀ ਸ਼ੇਰਪੁਰ, ਕੁਲਦੀਪ ਸਿੰਘ ਸੁਲਤਾਨਪੁਰ, ਜਗਤਾਰ ਸਿੰਘ ਖੇੜੀ,ਜਸਵੀਰ ਸਿੰਘ ਧੰਦੀਵਾਲ, ਗੁਰਵਿੰਦਰ ਸਿੰਘ ਧੰਦੀਵਾਲ ,ਹਰਮਿੰਦਰ ਸਿੰਘ ਲਾਲੀ, ਗੁਰਪ੍ਰੀਤ ਸਿੰਘ ਮੂਲੋਵਾਲ ਆਦਿ ਆਗੂਆਂ ਨੇ ਮੁਬਾਰਕਵਾਦ ਦਿੱਤੀ ਅਤੇ ਪਾਰਟੀ ਹਾਈ ਕਮਾਂਡ ਦਾ ਧੰਨਵਾਦ ਕੀਤਾ।

## ਕਿਸਾਨਾਂ ਤੇ ਲਾਠੀ ਚਾਰਜ ਕਰਕੇ ਹਰਿਆਣਾ ਸਰਕਾਰ ਨੇ ਭਾਈਚਾਰਕ ਸਾਂਝ ਨੂੰ ਠੇਸ ਪਹੁਚਾਈ: ਪੰਮਾ ਬਾਠ



ਧੂਰੀ, 22 ਫਰਵਰੀ (ਰਣਜੀਤ ਸਿੰਘ ਪੇਧਨੀ )- ਪੰਜਾਬ ਦੀਆਂ ਕਿਸਾਨ ਜਥੇਬੰਦੀਆਂ ਵੱਲੋਂ 13 ਫਰਵਰੀ ਨੂੰ ਦਿੱਲੀ ਜਾਣ ਦਾ ਪ੍ਰੋਗਰਾਮ ਦਿੱਤਾ ਗਿਆ ਸੀ । ਜਿਸ ਨੂੰ ਲੈ ਕੇ ਹਰਿਆਣਾ ਦੀ ਸਰਕਾਰ ਵੱਲੋਂ ਕਿਸਾਨਾਂ ਨੂੰ ਬਾਰਡਰਾਂ ਤੇ ਭਾਰੀ ਫੋਰਸ ਲਾ ਕੇ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੂੰ ਬਾਰਡਰਾਂ ਤੇ ਰੋਕਿਆ ਗਿਆ ਹੈ। ਕਿਸਾਨਾਂ ਨਾਲ ਹੋਈਆਂ ਝੜਪਾਂ ਵਿੱਚ 300 ਤੋਂ ਉੱਪਰ ਦੇ ਕਿਸਾਨ ਜ਼ਖਮੀ ਹੋ ਚੁੱਕੇ ਹਨ ਜਦੋਂ ਕਿ ਕੱਲ ਸ਼ਾਮ ਨੂੰ ਇੱਕ ਨੌਜਵਾਨ ਸੁਭਕਰਮਨ ਸਿੰਘ ਪਿੰਡ ਬੱਲੋ ਦੇ ਗੋਲੀ ਲੱਗਣ ਕਾਰਨ ਮੌਤ ਹੋ ਗਈ ਹੈ ਜੋ ਕਿ ਬਹੁਤ ਹੀ ਦੁਖਦਾਈ ਘਟਨਾ ਹੈ । ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਸੰਯੁਕਤ ਦੇ ਸਰਕਲ ਪ੍ਰਧਾਨ ਉੱਘੇ ਸਮਾਜ ਸੇਵੀ ਸ, ਪਰਮਜੀਤ ਸਿੰਘ ਪੰਮਾ ਬਾਠ ਨੇ ਕੀਤਾ। ਉਹਨਾਂ ਕਿਹਾ ਕਿ ਹਰਿਆਣਾ ਸਰਕਾਰ ਨੇ ਕਿਸਾਨਾਂ ਉੱਤੇ ਲਾਠੀ ਚਾਰਜ ਕਰਕੇ ਪੰਜਾਬ ਅਤੇ ਹਰਿਆਣੇ ਦੀ ਭਾਈਚਾਰਕ ਸਾਂਝ ਨੂੰ ਠੇਸ ਪਹੁਚਾਈ ਹੈ। ਉਹਨਾਂ ਮਿਰਤਕ ਪਰਿਵਾਰ ਦੇ ਨਾਲ ਹਮਦਰਦੀ ਪ੍ਰਗਟ ਕਰਦਿਆਂ ਹੋਇਆਂ ਕਿਹਾ ਕਿ ਪਰਮਾਤਮਾ ਸ਼ੁਭਕਰਮਨ ਸਿੰਘ ਦੇ ਪਰਿਵਾਰ ਨੂੰ ਪਿੱਛੇ ਭਾਣਾ ਮੰਨਣ ਦਾ ਬਲ ਬਖਸ਼ੇ ਅਤੇ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ। ਉਨਾ ਕਿਹਾ ਕਿ ਦਿੱਲੀ ਦੀ ਮੋਦੀ ਸਰਕਾਰ ਵੱਲੋਂ ਕਾਰਪੋਰੇਟ ਘਰਾਣਿਆਂ ਨੂੰ ਖੁਸ਼ ਕਰਨ ਲਈ ਲਾਹੇ ਬੰਦ ਕਿਸਾਨੀ ਧੰਦੇ ਨੂੰ ਤਬਾਹ ਕਰਨ ਤੇ ਲੱਗੀ ਹੋਈ ਹੈ। ਪਰ ਕਿਸਾਨ ਜਥੇਬੰਦੀਆਂ ਦੇ ਆਗੂ ਸਰਕਾਰ ਦੇ ਇਹ ਮਨਸੂਬੇ ਪੂਰੇ ਨਹੀਂ ਹੋਣ ਦੇਣਗੇ।

## ਨੈਸ਼ਨਲ ਬੈਟਰਨਰ ਗੇਮਾਂ 'ਚ ਜਿੱਤ ਆਉਣ ਤੇ ਚੇਅਰਮੈਨ ਘੁੱਲੀ ਦਾ ਕੀਤਾ ਸਨਮਾਨ



ਧੂਰੀ, 22 ਫਰਵਰੀ (ਰਣਜੀਤ ਸਿੰਘ ਪੇਧਨੀ )- ਆਮ ਆਦਮੀ ਪਾਰਟੀ ਸਪੋਰਟਸ ਵਿੰਗ ਪੰਜਾਬ ਦੇ ਜਨਰਲ ਸਕੱਤਰ ਸ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਵੱਲੋਂ ਉਨ੍ਹਾਂ ਮਹਾਰਾਸ਼ਟਰ ਵਿਖੇ ਨੈਸ਼ਨਲ ਬੈਟਰਨਰ ਗੇਮਾਂ ਵਿੱਚ ਭਾਗ ਲਿਆ ਜਿਸ ਵਿੱਚ ਉਹਨਾਂ ਵੱਲੋਂ ਚੰਗਾ ਪ੍ਰਦਰਸ਼ਨ ਕਰਦਿਆਂ ਹੋਇਆਂ 65 ਸਾਲ ਤੋਂ ਵੱਧ ਉਮਰ ਦੇ ਖਿਡਾਰੀਆਂ ਵਿੱਚ ਭਾਗ ਲੈਂਦਿਆਂ ਦੂਸਰਾ ਸਥਾਨ ਪ੍ਰਾਪਤ ਕੀਤਾ ਅਤੇ ਡਿੱਸਕਿਸ ਥਰੋ, ਹੈਮਰ ਥਰੋ ਵਿੱਚ ਵੀ ਦੂਸਰਾ ਸਥਾਨ ਹਾਸਲ ਕੀਤਾ। ਚੇਅਰਮੈਨ ਘੁੱਲੀ ਦੇ ਜਿੱਤ ਕੇ ਆਉਣ ਤੇ ਮਾਰਕੀਟ ਕਮੇਟੀ ਧੂਰੀ ਵਿਖੇ ਸੈਕਟਰੀ ਮਨਪਰੀਤ ਸਿੰਘ ਕਰਮਜੀਤ ਸਿੰਘ, ਪਤਵੰਤ ਸਿੰਘ ਅਕਾਉਂਟੈਂਟ ,ਵਰਿੰਦਰ ਸਿੰਘ ਸੁਪਰਡੈਂਟ, ਆਪ ਆਗੂ ਭਿੰਦਾ ਵਿਰਕ, ਆਪ ਆਗੂ ਬਿੱਲਾ ਸਾਹੀਵਾਲ,ਅਲੀ ਧਾਲੀਵਾਲ, ਭੋਲਾ ਸਿੰਘ ਅਲਾਲ ਅਤੇ ਸਮੂਹ ਸਟਾਫ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ।

### ਸਾਕਾ ਨਨਕਾਣਾ ਸਾਹਿਬ ਦੇ ਸਮੂਹ ਸ਼ਹੀਦਾਂ ਦੀ ਯਾਦ ਵਿੱਚ

## ਪਹਿਲਾ ਵਿਰਸਾ ਸੰਭਾਲ ਗੱਤਕਾ ਕੱਪ ਕਰਵਾਇਆ ਗਿਆ

ਗੁਰੂਸਰ ਸੁਧਾਰ, 22 ਫਰਵਰੀ (ਗੁਰਜੰਟ ਸਿੰਘ ਖਾਲਸਾ)- ਪ੍ਰਿਥਮ ਸਹਾਇ ਗੱਤਕਾ ਅਖਾੜਾ ਪਿੰਡ ਨਾਰੰਗਵਾਲ ਜ਼ਿਲਾ ਲੁਧਿਆਣਾ ਵਿਖੇ ਸਾਕਾ ਨਨਕਾਣਾ ਸਾਹਿਬ ਦੇ ਸਮੂਹ ਸ਼ਹੀਦਾਂ ਦੀ ਯਾਦ ਵਿੱਚ ਪਹਿਲਾ ਵਿਰਸਾ ਸੰਭਾਲ ਗੱਤਕਾ ਕੱਪ ਕਰਵਾਇਆ ਗਿਆ,ਮੁਕਾਬਲੇ ਤੋਂ ਪਹਿਲਾ ਸਾਰੇ ਸਿੰਘ ਸਿੰਘਣੀਆਂ ਤੇ ਸੰਗਤਾਂ ਵਲੋਂ ਪਿੰਡ ਵਿੱਚ ਮਹਲਾ ਕਢਿਆ ਗਿਆ,ਜਿਸ ਵਿੱਚ ਗਤਕੇ ਦੀਆ ਨਾਮਵਾਰ 9 ਟੀਮਾਂ ਮੁਕਾਬਲੇ ਲਈ ਸਦੀਆ ਗਈਆਂ, ਲੜਕੀਆਂ ਦੀ ਡੈਮੋ ਮੀਰੀ ਪੀਰੀ ਗੱਤਕਾ ਅਖਾੜਾ ਗਿਲ ਕਲਾਂ ਨੇ ਪਹਿਲਾ ਸਥਾਨ, ਮਾਤਾ ਭਾਗ ਕੌਰ ਗੱਤਕਾ ਅਖਾੜਾ ਚਮਿੰਡਾ ਦੂਜਾ ਸਥਾਨ,ਮਾਤਾ ਸਾਹਿਬ ਕੌਰ ਗੱਤਕਾ ਅਖਾੜਾ ਮਨਸੂਰਾਂ ਨੇ ਤੀਜਾ ਸਥਾਨ ਹਾਸਲ ਕੀਤਾ, ਲੜਕਿਆ ਦੀਆ ਡੈਮੋ ਪਹਿਲਾ ਸਥਾਨ ਭਾਈ ਬੱਚਿਤਰ ਸਿੰਘ ਗੱਤਕਾ ਅਖਾੜਾ ਹਠੂਰ, ਦੂਜਾ ਭਾਈ ਬੱਚਿਤਰ ਸਿੰਘ ਗੱਤਕਾ ਅਖਾੜਾ ਫਿਰੋਜ਼ਪੁਰ ਤੀਜਾ ਨਿਰਵੈਰ ਖਾਲਸਾ ਗੱਤਕਾ ਅਖਾੜਾ ਬੁਰਜ ਕੁਲਾਰਾ ਟੀਮ ਨੇ ਹਾਸਲ ਕੀਤਾ, ਡੈਮੋ ਤੋਂ ਇਲਾਵਾ ਲੜਕੀਆਂ ਦੀਆ ਫਾਈਟਾਂ ਕਰਵਾਈਆਂ ਗਈਆਂ -ਪਹਿਲਾ ਸਥਾਨ ਸੁਖਮਨ ਕੌਰ ਮੀਰੀ ਪੀਰੀ ਗੱਤਕਾ ਅਖਾੜਾ ਗਿਲ ਕਲਾਂ, ਦੂਜਾ ਸਥਾਨ, ਗਗਨਪ੍ਰੀਤ ਕੌਰ ਮੀਰੀ ਪੀਰੀ ਗੱਤਕਾ ਅਖਾੜਾ ਚਮਿੰਡਾ, ਤੀਜਾ ਸਥਾਨ ਸੰਦੀਪ ਕੌਰ ਮਾਤਾ ਸਾਹਿਬ ਕੌਰ ਗੱਤਕਾ ਅਖਾੜਾ ਮਨਸੂਰਾਂ, ਲੜਕਿਆ ਦੀਆਂ ਫਰਾਈ ਕਰਵਾਈ ਗਈ -ਪਹਿਲਾ ਸਥਾਨ ਭਾਈ ਬੱਚਿਤਰ ਸਿੰਘ ਗੱਤਕਾ ਅਖਾੜਾ ਫਿਰੋਜ਼ਪੁਰ ਲੜਕਿਆ ਨੇ ਪਹਿਲਾ ਸਥਾਨ ਹਾਸਲ ਕੀਤਾ. ਇਸ ਮੌਕੇ ਤੇ - ਬਾਬਾ ਗਗਨਦੀਪ ਸਿੰਘ ਜੰਢਾਲੀ ਵਾਲੇ, ਅਮਰਪ੍ਰੀਤ ਸਿੰਘ ਗੁਜਰਵਾਲ ਵੀਰ ਗੁਰਪ੍ਰੀਤ ਸਿੰਘ ਜੀ ਮਨੁੱਖਤਾ ਦੀ ਸੇਵਾ, ਬਾਬਾ ਨਿੱਕਾ ਸਿੰਘ ਜੀ ਕਿਲ੍ਹਾਰੇਪੁਰ,ਭਾਈ ਨੂਰਾ ਮਾਹੀ ਸੇਵਾ ਸੋਸਾਇਟੀ ਰਾਏਕੋਟ ਵਾਲੇ ਪੁਹੰਚੇ ਤੇ ਬੱਚਿਆਂ ਨੂੰ ਸ਼ਾਸਤਰ ਵਿਦਿਆ ਦੇ ਨਾਲ ਪ੍ਰੇਰਿਤ ਕੀਤਾ ਜੱਜ ਮੈਂਟ ਦੀ ਸੇਵਾ -ਉਸਤਾਦ ਸੰਦੀਪ ਸਿੰਘ ਜੀ, ਰਜਿੰਦਰ ਸਿੰਘ ਸਾਇਆ, ਗੁਰਜੰਟ ਸਿੰਘ ਗੋਪਾਲਪੁਰ, ਅਮਨਦੀਪ ਸਿੰਘ ਦੋਰਾਹਾ, ਸਚਿਨ ਸਿੰਘ ਸਾਇਆ,ਗੁਰਪ੍ਰੀਤ ਸਿੰਘ, ਬਰਿੰਦਰ ਸਿੰਘ, ਹਰਗੋਬਿੰਦ ਸਿੰਘ ਵਲੋਂ ਨਿਭਾਈ ਗਈ ਇਹ ਗੱਤਕਾ ਮੁਕਾਬਲਾ ਪਿੰਡ ਨਾਰੰਗਵਾਲ ਦੇ ਸਹਿਜੋਗ ਨਾਲ ਕਰਵਾਇਆ ਗਿਆ, ,ਜਗਜੀਤ ਸਿੰਘ ਜੱਗੀ ਵੀਰ,ਸਰਪੰਚ ਹਰਵਿੰਦਰ ਸਿੰਘ,ਉਸਤਾਦ ਸੰਦੀਪ ਸਿੰਘ ਖਾਲਸਾ, ਕਿਰਨਪ੍ਰੀਤ ਕੌਰ ਖਾਲਸਾ, ਜਗਪਾਲ ਸਿੰਘ ਸੋਨੂ ਵੀਰ,ਪੰਚ ਬਲਜੀਤ ਸਿੰਘ, ਪੰਚ ਰਾਜੂ ਸਿੰਘ, ਬਲਬੀਰ ਸਿੰਘ,ਇੰਦਰਪਾਲ ਸਿੰਘ, ਅਵਤਾਰ ਸਿੰਘ, ਹਰਜੀਤ ਸਿੰਘ, ਸੁਖਪ੍ਰੀਤ ਸਿੰਘ,ਸੁਮਨਦੀਪ ਸਿੰਘ ਸ਼ਮਾ ਵੀਰ, ਆਦਿ ਸ਼ਾਮਲ ਸਨ.

## ਮੈਂਬਰ ਪਾਰਲੀਮੈਂਟ ਸ੍ਰ ਸਿਮਰਨਜੀਤ ਸਿੰਘ ਮਾਨ ਵੱਲੋਂ ਡਿਬਰੂਗੜ੍ਹ ਜੇਲ ਵਿੱਚ ਨਜ਼ਰਬੰਦ ਸਿੰਘਾਂ, ਕਿਸਾਨਾਂ ਦੀਆਂ ਮੰਗਾਂ ਅਤੇ ਐਸ ਜੀ ਪੀ ਸੀ ਵੋਟਾਂ ਸਬੰਧੀ ਡੀ ਸੀ ਅੰਮ੍ਰਿਤਸਰ ਨੂੰ ਦਿੱਤੇ ਗਏ ਮੰਗ ਪੱਤਰ



ਅੱਜ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਮੈਂਬਰ ਪਾਰਲੀਮੈਂਟ ਸ੍ਰ ਸਿਮਰਨਜੀਤ ਸਿੰਘ ਮਾਨ ਵੱਲੋਂ ਦੇਸ਼ ਦੀ ਰਾਸ਼ਟਰਪਤੀ ਸ਼੍ਰੀਮਤੀ ਦਰੋਪਦੀ ਮੂਰਮੂ ਜੀ ਨੂੰ ਡੀ ਸੀ ਅੰਮ੍ਰਿਤਸਰ ਦੇ ਰਾਹੀਂ ਤਿੰਨ ਮੈਮੋਰੰਡਮ ਦਿੱਤੇ ਗਏ ਜਿਨਾਂ ਵਿੱਚ ਪਹਿਲੇ ਨੰਬਰ ਤੇ ਡਿਬਰੂਗੜ੍ਹ ਜੇਲ ਵਿਖੇ ਨਜ਼ਰਬੰਦ ਭਾਈ ਅੰਮ੍ਰਿਤਪਾਲ ਸਿੰਘ ਅਤੇ ਉਹਨਾਂ ਦੇ ਸਾਥੀਆਂ ਨੂੰ ਪੰਜਾਬ ਸ਼ਿਫਟ ਕਰਨ ਸਬੰਧੀ ਦੂਜਾ ਕਿਸਾਨਾਂ ਵੱਲੋਂ ਲਗਾਏ ਗਏ ਹੱਕੀ ਮੰਗਾਂ ਦੇ ਧਰਨੇ ਸਬੰਧੀ ਅਤੇ ਤੀਸਰਾ ਐਸ ਜੀ ਪੀ ਸੀ ਚੋਣਾਂ ਦੇ ਸੰਬੰਧ ਵਿੱਚ ਚੋਣ ਕਮਿਸ਼ਨ ਵੱਲੋਂ ਬੀ ਐਲੋ ਓਜ਼ ਅਤੇ ਪਟਵਾਰੀ ਨੂੰ ਘਰ ਘਰ ਭੇਜ ਕੇ ਵੋਟਾਂ ਬਣਾਉਣ ਸੰਬੰਧੀ। ਇਸ ਤੋਂ ਇਲਾਵਾ ਡਿਬਰੂਗੜ੍ਹ ਜੇਲ ਵਿਖੇ ਨਜ਼ਰਮੰਦ ਬੰਦੀ ਸਿੰਘਾਂ ਦੇ ਪਰਿਵਾਰਾਂ ਵੱਲੋਂ ਜੋ ਧਰਨਾ ਦਰਬਾਰ ਸਾਹਿਬ ਦੇ ਨਜਦੀਕ ਸਾਰਾਗੜ੍ਹੀ ਗੁਰਦੁਆਰਾ ਸਾਹਿਬ ਦੇ ਸਾਹਮਣੇ ਲਗਾਇਆ ਗਿਆ ਹੈ ਉਸ ਵਿੱਚ ਵੀ ਮੈਂਬਰ ਪਾਰਲੀਮੈਂਟ ਸ੍ਰ ਸਿਮਰਨਜੀਤ ਸਿੰਘ ਜੀ ਮਾਨ ਵੱਲੋਂ ਸ਼ਮੂਲੀਅਤ ਕੀਤੀ ਗਈ। ਇਏ ਮੌਕੇ ਸ੍ਰ ਮਾਨ ਦੇ ਨਾਲ ਸ੍ਰ ਹਰਪਾਲ ਸਿੰਘ ਬਲੇਰ ਜਰਨਲ ਸੱਕਤਰ, ਸ੍ਰ ਉਪਕਾਰ ਸਿੰਘ ਸੰਧੂ ਜਰਨਲ ਸਕੱਤਰ, ਸ੍ਰ ਜਸਬੀਰ ਸਿੰਘ ਜੀ ਬੱਚੜੇ ਜਥੇਬੰਦਕ ਸਕੱਤਰ, ਸ੍ਰੀ ਉਪਿੰਦਰਪ੍ਰਤਾਪ ਸਿੰਘ ਪੀ ਏ, ਸ੍ਰ ਅਮਰੀਕ ਸਿੰਘ ਜੀ ਨੰਗਲ ਜਥੇਬੰਦਕ ਸਕੱਤਰ, ਸ੍ਰ ਸ਼ਮਸ਼ੇਰ ਸਿੰਘ ਬਰਾੜ ਜਿਲਾ ਪ੍ਰਧਾਨ ਅੰਮ੍ਰਿਤਸਰ ਦਿਹਾਤੀ, ਸ੍ਰ ਦਵਿੰਦਰ ਸਿੰਘ ਫਤਾਹਪੁਰ, ਸ੍ਰ ਹਰਜੀਤ ਸਿੰਘ ਮੀਆਂਪੁਰ ਜਿਲਾ ਪ੍ਰਧਾਨ ਤਰਨਤਾਰਨ, ਸ੍ਰ ਨਿਸ਼ਾਨ ਸਿੰਘ ਬਲੇਰ, ਸ੍ਰ ਰਵੀਸ਼ੇਰ ਸਿੰਘ ਯੂਥ ਆਗੂ,ਸ੍ਰ ਮਹਿੰਦਰਪਾਲ ਸਿੰਘ ਮਹਿਤਾ, ਸ੍ਰ ਕੁਲਵੰਤ ਸਿੰਘ ਮਜੀਠਾ, ਸ੍ਰ ਸਿਮਰਨਜੀਤ ਸਿੰਘ, ਸ੍ਰ ਸਿਮਰਨ ਸਿੰਘ, ਸ੍ਰ ਜਸਬੀਰ ਸਿੰਘ ਵਡਾਲੀ,ਸ੍ਰ ਗੁਰਦੀਪ ਸਿੰਘ ਮੱਲੀ, ਸ੍ਰ ਸ਼ਮਸ਼ੇਰ ਸਿੰਘ ਪੱਧਰੀ ਪ੍ਰੈਸ ਸਕੱਤਰ ਜਿਲਾ ਅੰਮ੍ਰਿਤਸਰ ਵੀ ਹਾਜਰ ਸਨ। ਇਸ ਸਮੇਂ ਤੇ ਸਰਦਾਰ ਸਿਮਰਨਜੀਤ ਸਿੰਘ ਜੀ ਮਾਨ ਨੇ ਪ੍ਰੈਸ ਨੂੰ ਸੰਬੋਧਨ ਕਰਦਿਆਂ ਹੋਇਆਂ ਕਿਹਾ ਕਿ ਡਿਬਰੂਗੜ ਜੇਲ ਵਿਖੇ ਨਜਰਬੰਦ ਬੰਦੀ ਸਿੰਘਾਂ ਦੇ ਵਿਸ਼ੇ ਨੂੰ ਸਰਕਾਰ ਦੇ ਧਿਆਨ ਵਿੱਚ ਲਿਆਉਦੀ ਹੋਈ ਇਹ ਸਮੁੱਚੀ ਸਿੱਖ ਕੌਮ ਮੰਗ ਕਰਦੀ ਹੈ ਕਿ ਸਰਕਾਰ ਸਾਡੇ ਯਾਦ ਪੱਤਰ ਦੇ ਮਿਲਦਿਆ ਹੀ ਵਾਰਿਸ ਪੰਜਾਬ ਦੇ" ਮੁੱਖੀ ਭਾਈ ਅੰਮ੍ਰਿਤਪਾਲ ਸਿੰਘ ਅਤੇ ਉਨ੍ਹਾਂ ਦੇ ਡਿਬਰੂਗੜ੍ਹ ਜੇਲ੍ਹ ਵਿਚ ਨਜਰਬੰਦ ਕੀਤੇ ਗਏ ਸਾਥੀਆ ਖਿਲਾਫ ਦਰਜ ਕੀਤੇ ਗਏ ਐਨ.ਐਸ.ਏ. ਦੇ ਝੂਠੇ ਕੇਸ ਨੂੰ ਤੁਰੰਤ ਰੱਦ ਕਰਕੇ, ਡਿਬਰੂਗੜ੍ਹ ਜੇਲ੍ਹ ਤੋਂ ਉਨ੍ਹਾਂ ਸਭਨਾਂ ਨੂੰ ਪੰਜਾਬ ਦੀ ਜੇਲ੍ਹ ਵਿਚ ਤਬਦੀਲ ਕਰਦੇ ਹੋਏ ਉਨ੍ਹਾਂ ਖਿਲਾਫ ਮੰਦਭਾਵਨਾ ਅਧੀਨ ਬਣਾਏ ਗਏ ਝੂਠੇ ਕੇਸਾਂ ਨੂੰ ਵਾਪਸ ਲੈਂਦੇ ਹੋਏ ਉਨ੍ਹਾਂ ਦੀ ਰਿਹਾਈ ਦੇ ਹੁਕਮ ਜਾਰੀ ਕਰੇ ਉਹਨਾਂ ਕਿਹਾ ਕਿ ਕੇਂਦਰ ਸਰਕਾਰ ਡਿਬਰੂਗੜ ਜੇਲ ਵਿਖੇ ਨਜ਼ਰਬੰਦ ਭਾਈ ਅੰਮ੍ਰਿਤਪਾਲ ਸਿੰਘ ਅਤੇ ਬਾਕੀ ਬੰਦੀ ਸਿੰਘਾਂ ਨਾਲ ਗੈਰ ਕਾਨੂੰਨੀ ਤੇ ਅਣ-ਮਨੁੱਖੀ ਵਤੀਰਾ ਕਰ ਰਹੀ ਹੈ ਜੋ ਕਿ ਕਦਾਚਿੱਤ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਡਿਬਰੂਗੜ੍ਹ ਜੇਲ ਵਿਖੇ ਨਜ਼ਰਬੰਦ ਬੰਦੀ ਸਿੰਘਾਂ ਦੇ ਪਰਿਵਾਰਾਂ ਦੇ ਮੋਢੇ ਨਾਲ ਮੋਢਾ ਲਾਕੇ ਖੜਾ ਹੈ। ਉਹਨਾਂ ਕਿਹਾ ਕਿ ਸਾਡੀ ਪਾਰਟੀ ਡਿਬਰੂਗੜ ਜੇਲ ਵਿੱਚ ਨਜ਼ਰਬੰਦ ਬੰਦੀ ਸਿੰਘਾਂ ਦੇ ਪਰਿਵਾਰਾਂ ਵੱਲੋਂ ਲਗਾਏ ਗਏ ਧਰਨੇ ਵਿੱਚ ਬਿਲਕੁਲ ਸਪਸ਼ਟ ਤੌਰ ਤੇ ਉਹਨਾਂ ਦੇ ਨਾਲ ਹੈ ਅਤੇ ਜੇਕਰ ਕੇਂਦਰ ਸਰਕਾਰ ਪੰਜ ਦਿਨਾਂ ਦੇ ਅੰਦਰ-ਅੰਦਰ ਡਿਬਰੂਗੜ੍ਹ ਜੇਲ ਵਿਖੇ ਨਜ਼ਰਬੰਦ ਭਾਈ ਅੰਮ੍ਰਿਤਪਾਲ ਸਿੰਘ ਅਤੇ ਉਹਨਾਂ ਦੇ ਸਾਥੀਆਂ ਨੂੰ ਪੰਜਾਬ ਦੀ ਕਿਸੇ ਜੇਲ ਵਿੱਚ ਸ਼ਿਫਟ ਨਹੀਂ ਕਰਦੇ ਤਾਂ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਇੱਕ ਵੱਡੀ ਮੁਹਿੰਮ ਵਿੱਡੀ ਜਾਵੇਗੀ ਜਿਸਦੀ ਜਿੰਮੇਵਾਰ ਸਰਕਾਰ ਆਪ ਹੋਵੇਗੀ। ਇਸ ਮੌਕੇ ਪੰਜਾਬ ਦੇ ਕਿਸਾਨਾਂ ਵੱਲੋਂ ਲਗਾਏ ਗਏ ਧਰਨੇ ਦੇ ਸਬੰਧ ਵਿੱਚ ਉਹਨਾਂ ਬੋਲਦਿਆਂ ਹੋਇਆਂ ਕਿਹਾ ਪਿਛਲੇ ਲੰਮੇ ਸਮੇ ਤੋਂ ਇਹ ਖੇਤੀਬਾੜੀ ਦਾ ਧੰਦਾ ਲਗਾਤਾਰ ਘਾਟੇ ਵੱਲ ਜਾ ਰਿਹਾ ਹੈ ਜਿਸਦੇ ਸੰਬੰਧ ਵਿਚ ਪੰਜਾਬ ਦਾ ਕੁੱਲ ਕਿਸਾਨ ਖੇਤੀਬਾੜੀ ਦੇ ਸਰਕਾਰੀ ਰੇਟ/ਸਰਕਾਰੀ ਮੰਡੀ ਦੀ ਮੰਗ ਕਰਦਾ ਆ ਰਿਹਾ ਹੈ । ਪਰ ਅਫਸੋਸ, ਪਿਛਲੇ ਸਮੇਂ ਚੱਲੇ ਅੰਦੋਲਨ ਵਿਚ ਜੋ ਸਮਝੌਤਾ ਹੋਇਆ ਸੀ, ਜਿਸ ਵਿਚ ਐਮ.ਐਸ.ਪੀ ਦੇਣ ਦੀ ਮੁੱਖ ਮੰਗ ਸਰਕਾਰ ਵੱਲੋ ਮੰਨੀ ਗਈ ਸੀ, ਨਾ ਉਸਦਾ ਅੱਜ ਤੱਕ ਕੋਈ ਨੋਟੀਫਿਕੇਸਨ ਜਾਰੀ ਹੋਇਆ, ਨਾ ਹੀ ਖੇਤੀਬਾੜੀ ਵਿਚ ਵੱਖ-ਵੱਖ ਫਸਲਾਂ ਤੇ ਐਮ.ਐਸ.ਪੀ. ਜਾਰੀ ਕੀਤੀ ਗਈ । ਜਦੋਕਿ ਦੁਨੀਆ ਜਾਣਦੀ ਹੈ ਕਿ ਪੰਜਾਬ ਖੇਤੀ ਪ੍ਰਧਾਨ ਸੂਬਾ ਹੈ। ਇਹ ਉਪਰੋਕਤ ਹਾਲਾਤਾਂ ਦੇ ਮੱਦੇਨਜਰ ਹੀ ਪੰਜਾਬ ਦਾ ਕਿਸਾਨ ਦਿਨੋ ਦਿਨ ਕਰਜਾਈ ਹੁੰਦਾ ਜਾ ਰਿਹਾ ਹੈ । ਇਥੋ ਤੱਕ ਕਿ ਉਹ ਆਤਮ ਹੱਤਿਆ ਕਰਨ ਲਈ ਮਜਬੂਰ ਹੋਇਆ ਪਿਆ ਹੈ। ਸੋ ਐਨੇ ਸਮੇਂ ਬਾਅਦ ਹੁਣ ਦੁਆਰਾ ਫਿਰ ਪੰਜਾਬ ਦੀ ਕਿਸਾਨੀ ਨੇ ਆਪਣੀਆ ਮੰਨੀਆਂ ਗਈਆਂ ਮੰਗਾਂ ਨੂੰ ਲਾਗੂ ਕਰਵਾਉਣ ਲਈ ਅੰਦੋਲਨ ਦਾ ਰਾਹ ਮਜ਼ਬੂਰੀ ਵੱਸ ਚੁਣਨਾ ਪਿਆ। ਪਰ ਅਫਸੋਸ ਭਾਰਤ ਆਪਣੇ ਆਪ ਨੂੰ ਲੋਕਤੰਤਰ ਵੱਜੋ ਪੇਸ਼ ਕਰਦਾ ਹੈ ਪ੍ਰੰਤੂ ਇਥੇ ਡੈਮੋਕ੍ਰੇਸੀ ਵਿਚ ਹੱਕ ਮੰਗਣ ਆਏ ਲੋਕਾਂ ਨੂੰ ਲਾਠੀ ਦੇ ਜ਼ੋਰ ਉਤੇ ਉਹਨਾਂ ਦੀ ਜੁਬਾਨ ਬੰਦ ਕਰਵਾਈ ਜਾ ਰਹੀ ਹੈ। ਜਿਸਦਾ ਤਾਜ਼ਾ ਪ੍ਰਣਾਮ ਇਹ ਹੈ ਕਿ ਹੱਕ ਮੰਗਣ ਆਏ ਕਿਸਾਨਾਂ ਨੂੰ ਸੰਭੂ ਬਾਰਡਰ ਉਤੇ ਘੇਰਿਆ ਗਿਆ। ਉਨ੍ਹਾਂ ਉਪਰ ਪੈਰਾ ਮਿਲਟਰੀ ਵਰਗੀਆਂ ਫੋਰਸਾਂ ਦੀ ਵਰਤੋ ਕੀਤੀ ਗਈ। ਜਦੋਂ ਕਿ ਆਪਣੇ ਹੀ ਦੇਸ਼ ਵਿਚ ਆਪਣੇ ਹੀ ਲੋਕਾਂ ਉਤੇ ਹੱਕ ਮੰਗ ਰਹੇ ਲੋਕਾਂ ਉਪਰ ਆਰਮੀ ਰਾਹੀ ਜ਼ਬਰ ਕਰਨਾ ਕੀ ਜਾਇਜ ਹੈ ? ਹੁਣ ਮੌਜੂਦਾ ਸਮੇਂ ਸੰਭੂ ਬਾਰਡਰ ਉਪਰ ਅੱਥਰੂ ਗੈਸ, ਰਬੜ ਦੀਆਂ ਗੋਲੀਆਂ, ਮਿਰਚਾਂ ਵਾਲੇ ਬੰਬ, ਪਾਣੀ ਦੀਆਂ ਬੁਛਾੜਾ ਆਦਿ ਹੱਥਕੰਡੇ ਅਪਣਾਕੇ ਬੁਰੀ ਤਰ੍ਹਾਂ ਹੱਕ-ਸੱਚ ਇਨਸਾਫ ਦੀ ਆਵਾਜ ਨੂੰ ਦਬਾਇਆ ਜਾ ਰਿਹਾ ਹੈ । ਜਿਸ ਵਿਚ ਅੱਜ ਜ਼ਿਲ੍ਹਾ ਬਰਨਾਲਾ ਦੇ ਬੱਲੋ ਪਿੰਡ ਦਾ ਇਕ ਨੌਜਵਾਨ ਆਰਮੀ ਦੀ ਗੋਲੀ ਨਾਲ ਮਾਰ ਦਿੱਤਾ ਗਿਆ। ਇਹ ਹਕੂਮਤੀ ਜ਼ਬਰ ਬਿਲਕੁਲ ਬੇਬੁਨਿਆਦ ਹੈ। ਇਸ ਨਾਲ ਮੁਲਕ ਵਿਚ ਅਸਥਿਰਤਾ ਫੈਲੇਗੀ ਅਤੇ ਦੇਸ਼ ਪ੍ਰਤੀ ਵਿਸਵਾਸਦਾਰੀ ਦਾ ਭਰੋਸਾ ਟੁੱਟ ਜਾਵੇਗਾ। ਇਸ ਦੇ ਨਾਲ ਹੀ ਤੀਸਰੇ ਮੈਮੋਰੈਂਡਮ ਦੇ ਸਬੰਧ ਵਿੱਚ ਬੋਲਦਿਆਂ ਹੋਇਆਂ ਸ੍ਰ ਮਾਨ ਨੇ ਕਿਹਾ ਕਿ ਚੋਣ ਕਮਿਸ਼ਨ ਆਪਣੀ ਜਿੰਮੇਵਾਰੀ ਸਮਝਦੇ ਹੋਏ ਐਸ ਜੀ ਪੀ ਸੀ ਚੋਣਾਂ ਤੋਂ ਪਹਿਲੋਂ ਹਰ ਸਿੱਖ ਦੀ ਖੁਦ ਉਸ ਦੇ ਘਰ ਪਹੁੰਚ ਕਰਕੇ ਵੋਟ ਬਣਾਉਣਾ ਯਕੀਨੀ ਕਰੇ।

## ਬੂਟਾ ਸੁਲਤਾਨਪੁਰ,ਭੁਲਿੰਦਰ ਕਲੇਰਾਂ ਅਤੇ ਅਮਨ ਘਨੌਰੀ ਬਣੇ ਆਪ ਦੇ ਬਲਾਕ ਮੀਡੀਆ ਅਡਵਾਈਜਰ



ਧੂਰੀ, 22 ਫਰਵਰੀ (ਰਣਜੀਤ ਸਿੰਘ ਪੇਧਨੀ)- ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਵੱਲੋਂ ਧੂਰੀ ਵਿਧਾਨ ਸਭਾ ਹਲਕੇ ਵਿੱਚ ਗਰਾਊਂਡ ਲੈਵਲ ਤੇ ਕੰਮ ਕਰਨ ਵਾਲੇ ਪਾਰਟੀ ਦੇ ਵਰਕਰਾਂ ਨੂੰ ਵੱਖ-ਵੱਖ ਵਿੰਗਾ ਵਿੱਚ ਅਹੁਦੇਦਾਰੀਆਂ ਦੇ ਕੇ ਨਿਵਾਜਿਆ ਜਾ ਰਿਹਾ ਹੈ। ਇਸੇ ਹੀ ਤਰ੍ਹਾਂ ਪਾਰਟੀ ਦੇ ਲਈ ਦਿਨ ਰਾਤ ਕੰਮ ਕਰਨ ਵਾਲੇ ਨੌਜਵਾਨ ਆਗੂ ਬੂਟਾ ਸਿੰਘ ਸੁਲਤਾਨਪੁਰ, ਭੁਲਿੰਦਰ ਸਿੰਘ ਭਿੰਦਾ ਕਲੇਰਾਂ ਅਤੇ ਅਮਨ ਘਨੌਰੀ ਨੂੰ ਬਲਾਕ ਦੇ ਮੀਡੀਆ ਅਡਵਾਈਜਰ ਨਿਯੁਕਤ ਕੀਤਾ ਗਿਆ ਹੈ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਹੋਇਆਂ ਬੂਟਾ ਸੁਲਤਾਨਪੁਰ,ਭਲਿੰਦਰ ਸਿੰਘ ਕਲੇਰਾ, ਅਮਨ ਘਨੌਰੀ ਨੇ ਕਿਹਾ ਹੈ ਕਿ ਉਹ ਪੰਜਾਬ ਦੇ ਮੁੱਖ ਮੰਤਰੀ ਸ,ਭਗਵੰਤ ਸਿੰਘ ਮਾਨ, ਪ੍ਰੋਫੈਸਰ ਓਂਕਾਰ ਸਿੰਘ ਸਿੱਧੂ ਓ,ਐਸ,ਡੀ ਮੁੱਖ ਮੰਤਰੀ ਪੰਜਾਬ, ਦਫਤਰ ਇੰਚਾਰਜ ਅੰਮ੍ਰਿਤ ਬਰਾੜ, ਅਮੀਰ ਸਿੰਘ ਦਾ ਉਹ ਦਿਲ ਦੀਆਂ ਗਹਿਰਾਈਆਂ ਚੋਂ ਧੰਨਵਾਦ ਕਰਦੇ ਹਨ ਜਿਨਾਂ ਨੇ ਪਾਰਟੀ ਵਿੱਚ ਸੇਵਾ ਕਰਨ ਦਾ ਮੌਕਾ ਦਿੱਤਾ ਹੈ। ਉਹ ਵਿਸ਼ਵਾਸ ਦਵਾਉਂਦੇ ਹਨ ਕਿ ਪਾਰਟੀ ਵੱਲੋਂ ਮਿਲੀ ਜਿੰਮੇਦਾਰੀ ਨੂੰ ਉਹ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ ਪਾਰਟੀ ਦੀ ਚੜਦੀ ਕਲਾ ਲਈ ਪਹਿਲਾਂ ਵਾਂਗੂ ਦਿਨ ਰਾਤ ਸੇਵਾ ਕਰਦੇ ਰਹਿਣਗੇ।

# ਇੱਕ ਨਜ਼ਰ



## ਭਾਈ ਹਰਵਿੰਦਰ ਪਾਲ ਸਿੰਘ ਲਿਟਲ ਵਲੋ ਮੇਰਾ ਕੋਈ ਨਾ ਸਹਾਰਾ ਬਿਨ ਤੇਰੇ ਬਾਬਾ ਦੀਪ ਸਿੰਘ ਜੀ ਮੇਰੇ ਕੈਸਟ ਕੀਤੀ ਰਿਲੀਜ਼

ਚੌਕ ਮਹਿਤਾ, 22 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ )- ਗੁਰੂ ਘਰ ਦੇ ਨਿਸ਼ਕਾਮ ਕੀਰਤਨੀਏ ਭਾਈ ਹਰਵਿੰਦਰ ਪਾਲ ਸਿੰਘ ਜੀ (ਲਿਟਲ) ਬੀਬੀ ਕੌਲਾਂ ਜੀ ਭਲਾਈ ਕੇਂਦਰ ਟਰੱਸਟ ਵਾਲਿਆ ਵਲੋ ਇੱਕ ਨਵੀਂ ਕੈਸਟ ਮੇਰਾ ਕੋਈ ਨਾ ਸਹਾਰਾ ਬਿਨ ਤੇਰੇ ਬਾਬਾ ਦੀਪ ਸਿੰਘ ਜੀ ਮੇਰੇ ਬਾਬਾ ਕੁੰਦਨ ਸਿੰਘ ਜੀ ਨਿਵਾਸ ਵਿਖੇ ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਜੀ ਵਲੋ ਸੰਗਤਾਂ ਦੇ ਸਨਮੁੱਖ ਜਾਰੀ ਕੀਤੀ ਗਈ ਇਸ ਮੌਕੇ ਉਸਤਾਦ ਗੁਰਪਾਲ ਸਿੰਘ ਜੀ, ਸ੍ਰ ਰਵਿੰਦਰ ਸਿੰਘ ਬੰਟੀ,ਭਾਈ ਗੁਰਦੀਪ ਸਿੰਘ ਜੀ (ਲਾਲ ਵੀਰ ਜੀ), ਸ੍ਰ ਕਵਲਜੀਤ ਸਿੰਘ ਭਾਟੀਆ, ਸ੍ਰ ਅਮਰਜੀਤ ਸਿੰਘ ਸਿਲਕੀ ਅਤੇ ਸ੍ਰ ਗੁਰਪ੍ਰੀਤ ਸਿੰਘ ਚਾਹਤ ਆਦਿ ਹਾਜ਼ਰ ਸਨ।

## ਪੰਜਾਬੀ ਸਾਹਿਤ ਸਭਾ ਨੇ ਗਰੀਨ ਫੀਲਡਰਜ਼ ਸਕੂਲ ਦਿਆਲਪੁਰਾ ਵਿਖੇ ਮਨਾਇਆ ਕੌਮਾਂਤਰੀ ਮਾਂ ਬੋਲੀ ਦਿਵਸ

ਚੋਹਲਾ ਸਾਹਿਬ, 22 ਫਰਵਰੀ (ਆਵਾਜ਼ਿ ਕੌਮ ਬਿਊਰੋ)- ਪੰਜਾਬੀ ਸਾਹਿਤ ਸਭਾ ਤਰਨ ਤਾਰਨ ਵੱਲੋਂ ਗਰੀਨ ਫੀਲਡਜ਼ ਸਕੂਲ ਦਿਆਲਪੁਰਾ ਦੇ ਸਹਿਯੋਗ ਨਾਲ ਸਭਾ ਦ ਪ੍ਰਧਾਨ ਡਾਕਟਰ ਤਾਰਾ ਚੰਦ ਦਿਆਲਪੁਰੀ ਦੀ ਅਗਵਾਈ ਵਿੱਚ ਕੌਮਾਂਤਰੀ ਮਾਂ ਬੋਲੀ ਦਿਵਸ ਬੜੀ ਧੂਮ ਧਾਮ ਨਾਲ ਮਨਾਇਆ ਗਿਆ ।ਇਯ ਮੌਕੇ ਕਰਵਾਏ ਗਏ ਇੱਕ ਪ੍ਰਭਾਵਸ਼ਾਲੀ ਸਮਾਗਮ ਵਿੱਚ ਵਿਸ਼ਾਲ ਕਵੀ ਦਰਬਾਰ ਕਰਵਾਇਆ ਗਿਆ ਜਿਸ ਵਿੱਚ ਵੱਖ ਵੱਖ ਜਿਲਿਆਂ ਤੋਂ ਆਏ ਸਾਹਿਤ ਪ੍ਰੇਮੀਆਂ ਅਤੇ ਸਾਹਿਤਕਾਰਾਂ ਨੇ ਹਿੱਸਾ ਲਿਆ ।ਸਮਾਗਮ ਦੌਰਾਨ ਸਟੇਜ਼ ਸਕੱਤਰ ਦੀ ਭੂਮਿਕਾ ਲੈਕਚਰਾਰ ਸੁਖਜੀਤ ਸੁੱਖ ਨੇ ਬਾਖੂਬੀ ਨਿਭਾਈ ।ਸਕੂਲ ਦੇ ਐਮ.ਡੀ.ਦੇਵਰਾਜ ਸਿੰਘ ਨੇ ਸਾਰਿਆਂ ਨੂੰ ਜੀ ਆਇਆਂ ਕਿਹਾ ਅਤੇ ਸਕੂਲ ਦੇ ਪ੍ਰਿੰਸੀਪਲ ਅਮਨਦੀਪ ਸਿੰਘ ਨੇ ਸਕੂਲ ਦੀਆਂ ਪ੍ਰਾਪਤੀਆਂ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ ।ਇਸ ਸਮੇਂ ਕਿਸਾਨ ਯੂਨੀਅਨ ਦੇ ਪ੍ਰਧਾਨ ਮਾਸਟਰ ਦਲਜੀਤ ਸਿੰਘ ਦਿਆਲਪੁਰਾ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ ।ਸਭਾ ਦੇ ਪ੍ਰਧਾਨ ਡਾਕਟਰ ਦਿਆਲਪੁਰੀ ਨੇ ਜਿੱਥੇ ਅਜਿਹੇ ਸਮਾਗਮ ਕਰਾਉਣ ਲਈ ਸਕੂਲ ਦੇ ਸਟਾਫ,ਮੈਨੇਜਮੈਂਟ ਕਮੇਟੀ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਉਥੇ ਮਾਂ ਬੋਲੀ ਦੇ ਪਸਾਰ ਤੇ ਚੜਦੀ ਕਲਾ ਲਈ ਸਕੂਲ ਵੱਲੋਂ ਕੀਤੇ ਜਾਂਦੇ ਯਤਨਾਂ ਦੀ ਸ਼ਲਾਘਾ ਵੀ ਕੀਤੀ ।ਕਵੀ ਦਰਬਾਰ ਵਿੱਚ ਮੱਖਣ ਭੈਣੀਵਾਲ,ਦਵਿੰਦਰ ਸਿੰਘ ਭੋਲਾ,ਪਰਮਜੀਤ ਜੈਸਵਾਲ,ਲਵਦੀਪ ਸਿੰਘ,ਗੁਰਮੀਤ ਸਿੰਘ ਜੇ.ਈ, ਮੁਹੰਮਦ ਅਜੀਤ ਰਫੀ,ਇੰਦਰਜੀਤ ਤੁੜ,ਕਰਮ ਸਿੰਘ ਮਾਹਲਵਾ,ਜਸਵਿੰਦਰ ਸਿੰਘ ਅਮਰਕੋਟ,ਕਾਰਜ ਆਸਲ,ਸੁਖਦੇਵ ਵਲਟੋਹਾ,ਵਰਿੰਦਰ ਸ਼ਰਮਾਂ,ਪਰਨੀਤ ਕੌਰ,ਸੁਖਜੀਤ ,ਡਾਕਟਰ ਦਿਆਲਪੁਰੀ,ਰੋਹਿਤ ਸ਼ਰਮਾ,ਵਿਸ਼ਾਲ ਸੱਜਣ ਸਿੰਘ,ਰਣਜੀਤ ਸਿੰਘ ਵਾਂ,ਕੁਲਦੀਪ ਸਿੰਘ ਗਿੱਲ,ਗੁਰਮੀਤ ਸਿੰਘ ਸਰਪੰਚ,ਮਨਪ੍ਰੀਤ ਸਿੰਘ,ਮਅਨਦੀਪ ਸਿੰਘ ਨੇ ਆਪਣੀਆਂ ਰਚਨਾਵਾਂ ਨਾਲ ਚੰਬਾ ਰੰਗ ਬੰਨਿਆ ।ਇਸ ਸਮੇਂ ਡਾਕਟਰ ਦਿਆਲਪੁਰੀ ,ਸਕੂਲ ਮੈਨੇਜਮੈਂਟ,ਦਲਜੀਤ ਸਿੰਘ ਦਿਆਲਪੁਰਾ,ਬਲਵਿੰਦਰ ਸਿੰਘ,ਹਰਜਿੰਦਰ ਸ਼ਰਮਾਂ,ਬਲਵਿੰਦਰ ਸ਼ਰਮਾਂ,ਪੂਰਵੀ ਸ਼ਰਮਾਂ,ਮੋਹਿਤ ਸ਼ਰਮਾ,ਉਦੈਦੀਪ,ਸਿਮਰਨ,ਅਮਨਦੀਪ ਕੌਰ,ਚਰਨਜੀਤ ਕੌਰ,ਸੰਦੀਪ ਸ਼ਰਮਾਂ ਵੀ ਹਾਜਰ ਸਨ।

## ਪਿੰਡ ਚੰਬਾ ਕਲਾਂ ਵਿਖੇ ਜੈਤੋ ਮੋਰਚੇ ਅਤੇ ਜੰਗੀ ਸ਼ਹੀਦਾਂ ਦਾ ਸ਼ਹੀਦੀ ਸਮਾਗਮ ਕਰਵਾਇਆ ਗਿਆ

ਚੋਹਲਾ ਸਾਹਿਬ, 22 ਫਰਵਰੀ (ਆਵਾਜ਼ਿ ਕੌਮ ਬਿਊਰੋ)-ਪੰਡ ਚੰਬਾ ਕਲਾਂ ਵਿਖੇ ਗੁਰਦੁਆਰਾ ਬਾਬਾ ਹਰਨਾਮ ਸਿੰਘ ਜੀ ਦੇ ਸਥਾਨਾਂ ਤੇ ਜੈਤੋਂ ਮੋਰਚੇ ਵਿੱਚ ਸ਼ਹੀਦ ਹੋਏ ਪਿੰਡ ਚੰਬਾ ਕਲਾਂ ਦੇ ਫੌਜੀ ਜੰਗੀ ਸ਼ਹੀਦਾਂ ਦਾ ਸ਼ਹੀਦੀ ਸਮਾਗਮ ਪਿੰਡ ਦੇ ਸਹਿਯੋਗ ਨਾਲ ਕਰਵਾਇਆ ਗਿਆ ।ਇਸ ਸਮੇਂ ਜਾਣਕਾਰੀ ਦਿੰਦੇ ਹੋਏ ਪ੍ਰਿੰਸੀਪਲ ਦਇਆ ਸਿੰਘ ਚੰਬਾ ਕਲਾਂ ਨੇ ਦੱਸਿਆ ਕਿ ਸਾਡੇ ਪਿੰਡ ਚੰਬਾ ਕਲਾਂ ਦੇ ਜੈਤੋਂ ਮੋਰਚੇ ਦੇ ਸ਼ਹੀਦ ਅਤੇ ਜੰਗੀ ਸ਼ਹੀਦਾਂ ਤੇ ਸਾਨੂੰ ਮਾਣ ਹੈ ਅਤੇ ਇਹੋ ਜਿਹੇ ਸਮਾਗਮ ਸਾਨੂੰ ਇੱਕਠੇ ਹੋਕੇ ਵੱਡੇ ਪੱਧਰ ਤੇ ਮਨਾਉਣੇ ਚਾਹੀਦੇ ਹਨ ।ਇਸ ਸਮੇਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਉਪਰੰਤ ਪ੍ਰੋਫੈਸਰ ਮਲੂਕ ਸਿੰਘ ਚੰਬਾ ਕਲਾਂ ਨੇ ਗੁਰੂ ਗ੍ਰੰਥ ਸਾਹਿਬ ਜੀ ਦੀ ਗੁਰਬਾਣੀ ਬਾਰੇ ਚਾਨਣ ਪਾਇਆ ਅਤੇ ਜੈਤੋ ਮੋਰਚੇ ਬਾਰੇ ਜਾਣਕਾਰੀ ਸਾਂਝੀ ਕੀਤੀ ।ਅੱਗੇ ਬੋਲਦਿਆਂ ਮਾਸਟਰ ਦਲਬੀਰ ਸਿੰਘ ਚੰਬਾ ਅਤੇ ਕਿਸਾਨ ਸੰਘਰਸ਼ ਕਮੇਟੀ ਦੇ ਪ੍ਰਧਾਨ ਪ੍ਰਗਟ ਸਿੰਘ ਨੇ ਕਿਹਾ ਕਿ ਸ਼ਹੀਦੀ ਕੌਮ ਦਾ ਸਰਮਾਇਆ ਹਨ ਅਤੇ ਸਾਨੂੰ ਇਹਨਾਂ ਤੋਂ ਸੇਧ ਲੈਣੀ ਚਾਹੀਦੀ ਹੈ ।ਬੁਲਾਰਿਆਂ ਤੋਂ ਬਾਅਦ ਸਿਫਰਜੇਟਰ ਵਿਸ਼ਾਲ ਸ਼ਰਮਾਂ ਅਤੇ ਦਲਜੀਤ ਸੋਨਾ ਦੀ ਟੀਮ ਵੱਲੋਂ ਬਹੁਤ ਹੀ ਵਧੀਆ ਢੰਗ ਨਾਲ ਨਾਟਕ ਪੇਸ਼ ਕੀਤੇ ਅਤੇ ਕੋਰੀਆ ਗ੍ਰਾਫੀ ਵੀ ਪੇਸ ਕੀਤੀ ।ਗੁਰੂ ਕਾ ਲੰਗਰ ਵੀ ਅਤੁੱਟ ਵਰਤਾਇਆ ਗਿਆ ।ਇਸ ਸਮੇਂ ਜਗਤਾਰ ਸਿੰਘ ਫੌਜੀ ਚੰਬਾ ,ਗੁਰਨਾਮ ਸਿੰਘ ਚੰਬਾ,ਜਗਤਾਰ ਸਿੰਘ ਉੱਪਲ ਸਰਪੰਚ ਕੰਬੋ ਢਾਏ ਵਾਲਾ,ਮਾਸਟਰ ਬਲਵਿੰਦਰ ਸਿੰਘ ਚੋਹਲਾ ਸਾਹਿਬ,ਸ਼ਿੰਗਾਰਾ ਸਿੰਘ ਸਭਰਾ ਨੇ ਵੀ ਸੰਬੋਧਨ ਕੀਤਾ ।ਇਸ ਮੌਕੇ ਮਾਸਟਰ ਗੁਰਨਾਮ ਸਿੰਘ ਧੁੰਨ,ਮਾਸਟਰ ਸੁਖਦੇਵ ਸਿੰਘ ਮਰਹਾਣਾ,ਨਾਇਬ ਸਿੰਘ,ਜਸਵੰਤ ਸਿੰਘ ਹਵੇਲੀਆਂ,ਬੂਆ ਸਿੰਘ,ਮਹਿੰਦਰ ਸਿੰਘ ਬਾਰੂ,ਭਜਨ ਸਿੰਘ ਬੋਲਾ,ਸੂਬੇਦਾਰ ਰਛਪਾਲ ਸਿੰਘ ਆਦਿ ਹਾਜਰ ਸਨ।

## ਜਨਮ ਦਿਨ ਮੁਬਾਰਕ



ਗੁਰਪ੍ਰਵੀਨ ਕੌਰ ਰੰਧਾਵਾ ਪੁੱਤਰੀ ਸਰਦਾਰ ਮਨਜੀਤ ਸਿੰਘ ਰੰਧਾਵਾ ਅਤੇ ਮਾਤਾ ਨਵਦੀਪ ਕੌਰ ਰੰਧਾਵਾ ਪਿੰਡ ਚਨਣਕੇ ਅੰਮ੍ਰਿਤਸਰ ਨੂੰ ਜਨਮਦਿਨ ਦੀਆਂ ਆਵਾਜ਼ਿ ਕੌਮ ਦੀਹ ਟੀਮ ਵੱਲੋਂ ਵਧਾਈਆਂ।

# ਭਾਸ਼ਾ ਵਿਭਾਗ, ਅੰਮ੍ਰਿਤਸਰ ਵੱਲੋਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸਹਿਯੋਗ ਨਾਲ ਅੰਤਰਰਾਸ਼ਟਰੀ ਮਾਂ-ਬੋਲੀ ਦਿਵਸ ਨੂੰ ਸਮਰਪਿਤ ਪੁਸਤਕ ਚਰਚਾ ਅਤੇ ਤ੍ਰੈਭਾਸ਼ੀ ਕਵੀ ਦਰਬਾਰ ਪ੍ਰਭਾਵਸ਼ਾਲੀ ਰਿਹਾ



ਚੌਕ ਮਹਿਤਾ, 22 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਮਾਣਯੋਗ ਮੁੱਖ ਮੰਤਰੀ, ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਅਤੇ ਮਾਣਯੋਗ ਉਚੇਰੀ ਸਿੱਖਿਆ ਤੇ ਭਾਸ਼ਾ ਮੰਤਰੀ ਪੰਜਾਬ ਸਰਦਾਰ ਹਰਜੋਤ ਸਿੰਘ ਬੈਂਸ ਦੀ ਯੋਗ ਅਗਵਾਈ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਉਪ ਕੁਲਪਤੀ ਡਾਕਟਰ ਜਸਪਾਲ ਸਿੰਘ ਸੰਧੂ ਦੀ ਸਰਪ੍ਰਸਤੀ ਹੇਠ ਭਾਸ਼ਾ ਵਿਭਾਗ ਪੰਜਾਬ, ਜ਼ਿਲ੍ਹਾ ਅੰਮ੍ਰਿਤਸਰ ਵੱਲੋਂ ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਪਰਮਜੀਤ ਸਿੰਘ ਕਲਸੀ ਦੀ ਕਾਰਜ-ਯੋਜਨਾ ਨਾਲ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਦੇ ਮੁਖੀ ਡਾ. ਮਨਜਿੰਦਰ ਸਿੰਘ ਅਤੇ ਹਿੰਦੀ ਵਿਭਾਗ ਦੇ ਮੁਖੀ ਡਾ. ਸੁਨੀਲ ਕੁਮਾਰ ਦੇ ਸਹਿਯੋਗ ਨਾਲ ਅੰਤਰਰਾਸ਼ਟਰੀ ਮਾਂ-ਬੋਲੀ ਦਿਵਸ ਨੂੰ ਸਮਰਪਿਤ 'ਪੁਸਤਕ ਚਰਚਾ' (ਪਹਿਲਾ ਸੈਸ਼ਨ) ਅਤੇ ਤ੍ਰੈਭਾਸ਼ੀ ਕਵੀ ਦਰਬਾਰ (ਦੂਸਰਾ ਸੈਸ਼ਨ) ਸਮਾਰੋਹ ਕਰਵਾਇਆ ਗਿਆ। ਮਾਂ-ਬੋਲੀ ਨੂੰ ਸਮਰਪਿਤ ਇਸ ਸਮਾਰੋਹ ਦੇ ਪਹਿਲੇ ਸੈਸ਼ਨ ਵਿੱਚ ਪਦਮ ਸ਼੍ਰੀ ਡਾ. ਹਰਮਹਿੰਦਰ ਸਿੰਘ ਬੇਦੀ, ਚਾਂਸਲਰ, ਕੇਂਦਰੀ ਯੂਨੀਵਰਸਿਟੀ ਹਿਮਾਚਲ ਪ੍ਰਦੇਸ਼ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ, ਜਦੋਂ ਕਿ ਯੂਨੀਵਰਸਿਟੀ ਦੇ ਡੀਨ ਅਕਾਦਮਿਕ ਡਾ. ਬਿਕਰਮਜੀਤ ਸਿੰਘ ਬਾਜਵਾ ਨੇ ਇਸ ਸਮਾਰੋਹ ਦੀ ਪ੍ਰਧਾਨਗੀ ਕੀਤੀ। ਡਾ. ਮਨਜਿੰਦਰ ਸਿੰਘ ਅਤੇ ਡਾ. ਸੁਨੀਲ ਕੁਮਾਰ ਵੱਲੋਂ ਆਏ ਮਹਿਮਾਨਾਂ ਦਾ ਬੂਟਿਆਂ ਨਾਲ ਰਸਮੀ ਤੌਰ 'ਤੇ ਸਵਾਗਤ ਕੀਤਾ। ਪ੍ਰੋਫੈਸਰ ਅਵਤਾਰ ਸਿੰਘ ਅਤੇ ਡਾਕਟਰ ਬਲਜੀਤ ਕੌਰ ਰਿਆੜ ਵੱਲੋਂ 'ਲੇਖੇ ਆਵਹਿ ਭਾਗ' ਪੁਸਤਕ ਤੇ ਖੋਜ ਭਰਪੂਰ ਪੇਪਰ ਪੜ੍ਹ ਕੇ ਪੰਜਾਬੀ ਭਾਸ਼ਾ ਅਤੇ ਮਾਂ-ਬੋਲੀ ਦੀ ਮਹਾਨਤਾ 'ਤੇ ਵਿਚਾਰ- ਚਰਚਾ ਕੀਤੀ। ਪਹਿਲੇ ਸੈਸ਼ਨ ਵਿੱਚ ਧੰਨਵਾਦ ਦਾ ਪ੍ਰਸਤਾਵ ਡਾ. ਪਰਮਜੀਤ ਸਿੰਘ ਕਲਸੀ ਜ਼ਿਲ੍ਹਾ ਭਾਸ਼ਾ ਅਫ਼ਸਰ ਵੱਲੋਂ ਪੇਸ਼ ਕੀਤਾ ਗਿਆ। ਦੂਸਰੇ ਸੈਸ਼ਨ ਵਿੱਚ ਜ਼ਿਲ੍ਹੇ ਦੇ ਉਰਦੂ, ਪੰਜਾਬੀ ਤੇ ਹਿੰਦੀ ਦੇ ਨਾਮਵਰ ਕਵੀਆਂ ਦਾ ਤ੍ਰੈ-ਭਾਸ਼ੀ ਕਵੀ ਦਰਬਾਰ ਕਰਵਾਇਆ ਗਿਆ। ਇਸ ਕਵੀ ਦਰਬਾਰ ਦੀ ਪ੍ਰਧਾਨਗੀ ਪ੍ਰੋ.ਫ਼ੈਸਰ ਸਰਬਜੋਤ ਸਿੰਘ ਬਹਿਲ, ਮੁਖੀ ਆਰਕੀਟੈਕਚਰ ਵਿਭਾਗ ਵੱਲੋਂ ਕੀਤੀ ਗਈ। ਸ਼੍ਰੋਮਣੀ ਪੰਜਾਬੀ ਕਵੀ ਡਾਕਟਰ ਰਵਿੰਦਰ ਅਤੇ ਯੂਨੀਵਰਸਿਟੀ ਦੇ ਭਾਸ਼ਾਵਾਂ ਵਿਭਾਗ ਦੇ ਡੀਨ ਡਾਕਟਰ ਸੁਧਾ ਜਤਿੰਦਰ ਨੇ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਿਰਕਤ ਕੀਤੀ। ਇਸ ਸੈਸ਼ਨ ਵਿੱਚ ਨਿਰਮਲ ਅਰਪਣ, ਪਿਆਰਾ ਸਿੰਘ ਕੁੱਦੋਵਾਲ ਕਨੇਡਾ, ਅਰਤਿੰਦਰ ਸੰਧੂ, ਜਸਵੰਤ ਧਾਪ, ਸਰਬਜੀਤ ਸੰਧੂ, ਹਰਮੀਤ ਚਿੱਤਰਕਾਰ, ਕੁਲਦੀਪ ਸਿੰਘ ਦਰਾਜਕੇ, ਡਾਕਟਰ ਵਿਨੋਦ ਕੁਮਾਰ, ਡਾਕਟਰ ਕੁਸਮ ਡੋਗਰਾ, ਸ੍ਰੀ ਰਮਨ ਸ਼ਰਮਾ, ਰਮਨ ਸੰਧੂ, ਕੀਮਤੀ ਕੇਸਰ, ਗੁਰਦੀਪ ਸਿੰਘ ਔਲਖ, ਅਜੀਤ ਸਿੰਘ ਨਬੀਪੁਰ, ਡਾਕਟਰ ਸ਼ੈਲੀ ਜੱਗੀ, ਸੁਰਿੰਦਰ ਮਕਸੂਦਪੁਰੀ, ਡਾਕਟਰ ਕਸ਼ਮੀਰ ਸਿੰਘ ਖੁੰਡਾ, ਜਤਿੰਦਰ ਕੌਰ ਆਦਿ ਨਾਮੀ ਸ਼ਾਇਰਾਂ ਨੇ ਆਪਣੀਆਂ ਰਚਨਾਵਾਂ ਪੇਸ਼ ਕਰਕੇ ਸਰੋਤਿਆਂ ਨੂੰ ਪ੍ਰਭਾਵਿਤ ਕੀਤਾ ਅਤੇ ਉਹ ਅਸ਼-ਅਸ਼ ਕਰ ਉੱਠੇ। ਇਸ ਕਵੀ ਦਰਬਾਰ ਦੀ ਇਹ ਸ਼ਲਾਘਾ ਰਹੀ ਕਿ ਇਸ ਰਾਹੀਂ ਮਾਂ-ਬੋਲੀ ਦੇ ਸਤਿਕਾਰ ਅਤੇ ਵੱਖ-ਵੱਖ ਭਾਸ਼ਾਵਾਂ ਦੀ ਆਪਸੀ ਸਾਂਝ ਦਾ ਉਸਾਰੂ ਸੁਨੇਹਾ ਮਿਲਿਆ। ਸਮਾਰੋਹ ਦੇ ਅੰਤ ਵਿੱਚ ਭਾਸ਼ਾ ਵਿਭਾਗ ਵੱਲੋਂ ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਪਰਮਜੀਤ ਸਿੰਘ ਕਲਸੀ, ਮੁਖੀ ਪੰਜਾਬੀ ਵਿਭਾਗ ਡਾ. ਮਨਜਿੰਦਰ ਸਿੰਘ ਅਤੇ ਮੁਖੀ ਹਿੰਦੀ ਵਿਭਾਗ ਡਾ. ਸੁਨੀਲ ਕੁਮਾਰ ਨੇ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨਾਂ, ਪ੍ਰਧਾਨਗੀ ਮੰਡਲ ਅਤੇ ਜ਼ਿਲ੍ਹੇ ਦੇ ਹਾਜ਼ਰ ਨਾਮੀ ਕਵੀਆਂ ਨੂੰ ਲੋਈ, ਸਨਮਾਨ-ਚਿੰਨ੍ਹ ਤੇ ਸਨਮਾਨ-ਪੱਤਰ ਦੇ ਕੇ ਸਨਮਾਨਿਤ ਕੀਤਾ। ਦੂਸਰੇ ਸੈਸ਼ਨ ਵਿੱਚ ਆਏ ਮਹਿਮਾਨਾਂ ਅਤੇ ਨਾਮੀ ਕਵੀਆਂ ਦਾ ਧੰਨਵਾਦ ਡਾ. ਮੇਘਾ ਸਲਵਾਨ ਵੱਲੋਂ ਕੀਤਾ ਗਿਆ, ਜਦੋਂ ਕਿ ਮੰਚ ਸੰਚਾਲਕ ਦੀ ਭੂਮਿਕਾ ਡਾਕਟਰ ਬਲਜੀਤ ਕੌਰ ਰਿਆੜ ਵੱਲੋਂ ਬਾਖ਼ੂਬ ਨਿਭਾਈ ਗਈ। ਸਮਾਰੋਹ ਵਿੱਚ ਵਿਦਿਆਰਥੀਆਂ, ਖੋਜਾਰਥੀਆਂ, ਡਾ. ਪਵਨ ਕੁਮਾਰ, ਡਾ. ਭਗਤ, ਡਾ. ਚੰਦਨਦੀਪ ਆਦਿ ਤੋਂ ਇਲਾਵਾ ਬਹੁਤ ਸਾਰੇ ਸਾਹਿਤਕਾਰ, ਸਥਾਨਕ ਯੂਨੀਵਰਸਿਟੀ ਦੇ ਹਿੰਦੀ ਤੇ ਪੰਜਾਬੀ ਵਿਭਾਗ ਦੇ ਪ੍ਰੋਫ਼ੈਸਰ ਸਾਹਿਬਾਨ ਹਾਜ਼ਰ ਸਨ।

### ਖਾਲਸਾ ਕਾਲਜ ਗਵਰਨਿੰਗ ਕੌਂਸਲ ਵੱਲੋਂ ਅੱਜ ਕੈਂਪਸ ਸਥਿਤ ਗੁਰਦੁਆਰਾ ਸਾਹਿਬ ਵਿਖੇ

# ਸ੍ਰੀ ਗੁਰੂ ਹਰਿ ਰਾਏ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਨਾਲ ਮਨਾਇਆ





ਅੰਮ੍ਰਿਤਸਰ, 22 ਫ਼ਰਵਰੀ (ਆਵਾਜ਼ਿ ਕੌਮ ਬਿਊਰੋ )—ਖਾਲਸਾ ਕਾਲਜ ਗਵਰਨਿੰਗ ਕੌਂਸਲ ਵੱਲੋਂ ਅੱਜ ਕੈਂਪਸ ਸਥਿਤ ਗੁਰਦੁਆਰਾ ਸਾਹਿਬ ਵਿਖੇ ਸੱਤਵੀਂ ਪਾਤਸ਼ਾਹੀ ਸ੍ਰੀ ਗੁਰੂ ਹਰਿ ਰਾਏ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਬੜੇ ਹੀ ਉਤਸ਼ਾਹ ਤੇ ਸ਼ਰਧਾ ਸਹਿਤ ਮਨਾਇਆ ਗਿਆ। ਇਸ ਮੌਕੇ ਖਾਲਸਾ ਕਾਲਜ ਇੰਟਰਨੈਸ਼ਨਲ ਪਬਲਿਕ ਸਕੂਲ, ਰਣਜੀਤ ਐਵੀਨਿਊ ਦੇ ਵਿਦਿਆਰਥੀਆਂ ਨੇ ਗੁਰੂ ਜਸ ਗਾਅ ਕੇ ਹਾਜ਼ਰ ਸੰਗਤ ਨੂੰ ਗੁਰੂ ਚਰਨਾਂ ਨਾਲ ਜੋੜਿਆ। ਇਸ ਦੌਰਾਨ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਸਮੂੰਹ ਸੰਗਤ ਨੂੰ ਇਸ ਪਵਿੱਤਰ ਦਿਹਾੜੇ 'ਤੇ ਵਧਾਈ ਦਿੰਦਿਆਂ ਸਾਰਿਆਂ ਨੂੰ ਗੁਰੂ ਸਾਹਿਬ ਦੁਆਰਾ ਵਿਖਾਏ ਗਏ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ ਧਾਰਮਿਕ, ਰਾਜਨੀਤਿਕ ਅਤੇ ਸੱਭਿਆਚਾਰਕ ਚੇਤਨਾ ਲੋਕਾਂ ਨੂੰ ਮੁਹੱਈਆ ਕਰਨ ਦੇ ਲਈ ਤਾਕਤਵਰ ਧਾਰਮਿਕ ਵਿਚਾਰਧਾਰਾ ਨੂੰ ਜਨਮ ਦਿੱਤਾ ਤਾਂ ਕਿ ਉਹ ਸਵਾਭਿਮਾਨੀ ਜ਼ਿੰਦਗੀ ਬਤੀਤ ਕਰਨ ਦੇ ਕਾਬਲ ਹੋਵੇ। ਇਸ ਮੌਕੇ ਸਿੱਖ ਇਤਿਹਾਸ ਮਾਹਿਰ ਅਤੇ ਖ਼ਾਲਸਾ ਕਾਲਜ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਡਾ. ਇੰਦਰਜੀਤ ਸਿੰਘ ਗੋਗੋਆਣੀ ਨੇ ਗੁਰੂ ਸਾਹਿਬ ਜੀ ਦੇ ਜੀਵਨ ਫ਼ਲਸਫ਼ੇ ਸਬੰਧੀ ਚਾਨਣਾ ਪਾਇਆ। ਇਸ ਮੌਕੇ ਸ: ਛੀਨਾ ਨੇ ਖ਼ਾਲਸਾ ਕਾਲਜ ਦੇ ਪ੍ਰਿੰਸੀਪਲ ਡਾ. ਮਹਿਲ ਸਿੰਘ ਨਾਲ ਮਿਲ ਕੇ ਸ਼ਬਦ ਗਾਇਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਿਰੋਪਾਓ ਭੇਂਟ ਕਰਕੇ ਸਨਮਾਨਿਤ ਕੀਤਾ। ਇਸ ਮੌਕੇ ਕੌਂਸਲ ਦੇ ਮੈਂਬਰ ਸ: ਗੁਰਮਹਿੰਦਰ ਸਿੰਘ, ਸ: ਲਖਵਿੰਦਰ ਸਿੰਘ ਢਿੱਲੋਂ, ਸ: ਗੁਰਪ੍ਰੀਤ ਸਿੰਘ ਗਿੱਲ, ਸ: ਸਰਬਜੀਤ ਸਿੰਘ ਹੁਸ਼ਿਆਰ ਨਗਰ, ਡਾ. ਸੁਖਬੀਰ ਕੌਰ ਮਾਹਲ, ਖਾਲਸਾ ਕਾਲਜ ਆਫ਼ ਐਜੂਕੇਸ਼ਨ, ਜੀ. ਟੀ. ਰੋਡ ਪ੍ਰਿੰਸੀਪਲ ਡਾ. ਹਰਪ੍ਰੀਤ ਕੌਰ, ਖ਼ਾਲਸਾ ਕਾਲਜ ਫ਼ਾਰ ਵੂਮੈਨ ਪ੍ਰਿੰਸੀਪਲ ਡਾ. ਸੁਰਿੰਦਰ ਕੌਰ, ਖ਼ਾਲਸਾ ਕਾਲਜ ਆਫ਼ ਫ਼ਾਰਮੇਸੀ ਪ੍ਰਿੰਸੀਪਲ ਡਾ. ਆਰ. ਕੇ. ਧਵਨ, ਖਾਲਸਾ ਕਾਲਜ ਆਫ਼ ਐਜੂਕੇਸ਼ਨ, ਰਣਜੀਤ ਐਵੀਨਿਊ ਪ੍ਰਿੰਸੀਪਲ ਡਾ. ਮਨਦੀਪ ਕੌਰ, ਖ਼ਾਲਸਾ ਕਾਲਜ ਆਫ਼ ਲਾਅ ਪ੍ਰਿੰਸੀਪਲ ਡਾ. ਜਸਪਾਲ ਸਿੰਘ, ਖ਼ਾਲਸਾ ਕਾਲਜ ਆਫ਼ ਨਰਸਿੰਗ ਪ੍ਰਿੰਸੀਪਲ ਡਾ. ਅਮਨਪ੍ਰੀਤ ਕੌਰ, ਖ਼ਾਲਸਾ ਕਾਲਜ ਆਫ਼ ਵੈਟਰਨਰੀ ਐਂਡ ਐਨੀਮਲ ਸਾਇੰਸਸ ਪ੍ਰਿੰਸੀਪਲ ਡਾ. ਹਰੀਸ਼ ਕੁਮਾਰ ਵਰਮਾ, ਖ਼ਾਲਸਾ ਕਾਲਜ ਚਵਿੰਡਾ ਦੇਵੀ ਪ੍ਰਿੰਸੀਪਲ ਪ੍ਰੋ: ਗੁਰਦੇਵ ਸਿੰਘ, ਖ਼ਾਲਸਾ ਕਾਲਜ ਪਬਲਿਕ ਸਕੂਲ ਜੀ. ਟੀ. ਰੋਡ ਪ੍ਰਿੰਸੀਪਲ ਸ: ਅਮਰਜੀਤ ਸਿੰਘ ਗਿੱਲ, ਖ਼ਾਲਸਾ ਕਾਲਜ ਇੰਟਰਨੈਸ਼ਨਲ ਪਬਲਿਕ ਸਕੂਲ, ਰਣਜੀਤ ਐਵੀਨਿਊ ਪ੍ਰਿੰਸੀਪਲ ਸ੍ਰੀਮਤੀ ਨਿਰਮਲਜੀਤ ਕੌਰ ਗਿੱਲ, ਸ੍ਰੀ ਗੁਰੂ ਤੇਗ ਬਹਾਦਰ ਕਾਲਜ ਫ਼ਾਰ ਵੂਮੈਨ ਪ੍ਰਿੰਸੀਪਲ ਨਾਨਕ ਸਿੰਘ, ਖ਼ਾਲਸਾ ਕਾਲਜ ਪਬਲਿਕ ਸਕੂਲ, ਹੇਰ ਪ੍ਰਿੰ: ਗੁਰਿੰਦਰਜੀਤ ਕੌਰ, ਅੰਡਰ ਸੈਕਟਰੀ ਡੀ. ਐੱਸ. ਰਟੌਲ, ਕਾਲਜ, ਅਧਿਆਪਕ, ਸਟਾਫ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ।

## ਕੌਮਾਂਤਰੀ ਮਾਂ ਬੋਲੀ ਦਿਵਸ ਸਮਾਗਮ ਦੌਰਾਨ ਪੰਜਾਬੀ ਨੂੰ ਰੁਜ਼ਗਾਰਮੁਖੀ ਕਰਨ ਦੀ ਉਠਾਈ ਮੰਗ

ਸੰਗਰੂਰ, 22 ਫਰਵਰੀ (ਆਵਾਜ਼ਿ ਕੌਮ ਬਿਊਰੋ)- ਵਿਸ਼ਵ ਪੰਜਾਬੀ ਸਭਾ ਕੈਨੇਡਾ ਵਲੋਂ ਇਥੇ ਮਨਾਏ ਗਏ ਕੌਮਾਂਤਰੀ ਮਾਂ ਬੋਲੀ ਦਿਵਸ ਦੌਰਾਨ ਵੱਖ ਵੱਖ ਬੁਲਾਰਿਆ ਨੇ ਕਿਹਾ ਕਿ ਪੰਜਾਬੀ ਬੋਲੀ ਇਸ ਕਰਕੇ ਪਛੜ ਰਹੀ ਹੋ ਕਿਉਂਕਿ ਇਹ ਰੁਜਗਾਰਮੁਖੀ ਨਹੀਂ ਹੈ। ਜੇ ਪੰਜਾਬੀ ਭਾਸ਼ਾ ਅਤੇ ਬੋਲੀ ਰੁਜਗਾਰਮੁਖੀ ਹੋ ਜਾਵੇ ਤਾਂ ਇਸ ਭਾਸ਼ਾ ਉੱਤੇ ਮੰਡਰਾ ਰਹੇ ਖਤਰੇ ਦੇ ਬੱਦਲ ਖਤਮ ਹੋ ਸਕਦੇ ਹਨ। ਕੇਂਦਰੀ ਪੰਜਾਬੀ ਲੇਖਕ ਸਭਾ (ਸੇਖੋਂ ਦੇ ਸਰਪ੍ਰਸਤ ਡਾ. ਤੇਜਵੰਤ ਸਿੰਘ ਮਾਨ, ਮਾਲਵਾ ਲਿਖਾਰੀ ਸਭਾ ਦੇ ਪ੍ਰਧਾਨ ਕਰਮ ਸਿੰਘ ਜਖਮੀ, ਪੰਜਾਬੀ ਸਾਹਿਤ ਸਭਾ ਦੇ ਪ੍ਰਧਾਨ ਡਾ ਭਗਵੰਤ ਸਿੰਘ, ਨਾਮਵਰ ਸਾਹਿਤਕਾਰ ਮੋਹਨ ਸ਼ਰਮਾ, ਜਿਲ੍ਹਾ ਸਿੱਖਿਆ ਅਫਸਰ ਸ. ਰਣਜੋਧ ਸਿੰਘ, ਸੀਨੀਅਰ ਸਿਟੀਜ਼ਨ ਭਲਾਈ ਸੰਸਥਾ ਦੇ ਪ੍ਰਧਾਨ ਡਾ ਨਰਵਿੰਦਰ ਕੋਸਲ ਸਾਬਕਾ ਐਡੀਸ਼ਨਲ ਸ਼ੈਸ਼ਨ ਜੱਜ ਸ. ਮਹਿੰਦਰਪਾਲ ਸਿੰਘ ਪਾਹਵਾ ਐਡਵੋਕੇਟ, ਜੀਤ ਹਰਜੀਤ, ਧਰਮੀ ਤੁੰਗਾ ਡਾ ਇਕਬਾਲ ਸਿੰਘ ਸਕਰਦੀ, ਮੀਤ ਸਕਰੋਦੀ, ਰਜਿੰਦਰ ਸਿੰਘ ਰਾਜਨ, ਨਰਿੰਦਰ ਸਿੰਘ ਸਾਹਨੀ ਐਡਵੋਕੇਟ, ਸੁਰਿੰਦਰਪਾਲ ਸਿੰਘ ਸਿਦਕੀ, ਸੁਰਜੀਤ ਸਿੰਘ ਸਾਬਕਾ ਈ ਓ, ਜੀਤ ਸਿੰਘ ਢੀਂਡਸਾ, ਭੁਪਿੰਦਰ ਸਿੰਘ ਜੱਸੀ, ਪ੍ਰੋ ਸਾਹਿਬਾ ਜੀਤ ਕੌਰ, ਹਰਜੀਤ ਸਿੰਘ ਢੀਂਗਰਾ, ਪਾਲੀ ਰਾਮ ਬਾਂਸਲ, ਸੁਖਵਿੰਦਰ ਸਿੰਘ ਲੋਟੇ, ਰਵਿੰਦਰ ਗੁੱਡੂ ਅਤੇ ਹੋਰਨਾ ਨੇ ਹਰ ਪੰਜਾਬੀ ਨੂੰ ਆਪਣੇ ਘਰ ਵਿਚ ਪੰਜਾਬੀ ਵਿਚ ਗੱਲਬਾਤ ਕਰਨ ਦਾ ਸੱਦਾ ਦਿੱਤਾ।